ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/19489582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 4 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੯ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

### ਭਾਰਤ ਸਰਕਾਰ ਦੀਆਂ ਸਾਜਿਸ਼ਾਂ ਦੇਸ਼ ਵਿਦੇਸ਼ ਵਿੱਚ

# ਸਿੱਖੀ ਅਤੇ ਸਿੱਖਾਂ ਨੂੰ ਖਤਮ ਨਹੀਂ ਕਰ ਸਕਦੀਆਂ : ਸਿੰਘ ਸਾਹਿਬ




(ਸੰਬੰਧਤ ਖ਼ਬਰ ਪੰਨਾ 2 'ਤੇ)




## ਅਮਨ ਅਰੋੜਾ ਹੋ ਸਕਦੇ ਹਨ 'ਆਪ' ਪੰਜਾਬ ਦੇ ਨਵੇਂ ਪ੍ਰਧਾਨ !




**ਚੰਡੀਗੜ੍ਹ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਨੇ ਬੀਤੇ ਦਿਨੀਂ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਦੇ ਅਹੁਦੇ ਨੂੰ ਛੱਡਣ ਦੀ ਇੱਛਾ ਜਤਾਈ ਸੀ। ਇਸ ਦੇ ਨਾਲ ਹੀ ਨਗਰ ਨਿਗਮ ਚੋਣਾਂ ਨੂੰ ਦੇਖਦੇ ਹੋਏ ਪਾਰਟੀ ਨੇ ਨਵੇਂ ਪ੍ਰਧਾਨ ਦੀ ਚੋਣ ਪ੍ਰਕਿਰਿਆ ਨੂੰ ਅੰਤਿਮ ਰੂਪ ਦੇਣਾ ਸ਼ੁਰੂ ਕਰ ਦਿੱਤਾ ਹੈ। ਦੱਸਣਯੋਗ ਹੈ ਕਿ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਸੀ ਪਾਰਟੀ ਨੂੰ ਫੁਲ ਟਾਈਮ ਲਈ ਪ੍ਰਧਾਨ ਚਾਹੀਦਾ ਹੈ। ਪ੍ਰਧਾਨ ਅਜਿਹਾ ਹੋਣਾ ਚਾਹੀਦਾ ਹੈ, ਜੋ ਪਾਰਟੀ ਲਈ ਸਮਰਪਿਤ ਹੋਵੇ, ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰੇ ਅਤੇ ਪਾਰਟੀ ਦੇ ਆਗੂ ਵੀ ਉਸ ਨਾਲ ਸਹਿਮਤੀ ਰੱਖਦੇ ਹੋਣ। ਦੱਸਿਆ ਜਾ ਰਿਹਾ ਹੈ ਕਿ ਇਨ੍ਹਾਂ ਸਾਰੀਆਂ ਗੱਲਾਂ ਨੂੰ ਮੁੱਖ ਰੱਖਦਿਆਂ ਪਾਰਟੀ ਨੇ ਸੀਨੀਅਰ ਆਗੂ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਪੰਜਾਬ ਦੇ ਪ੍ਰਧਾਨ ਅਹੁਦੇ ਦੀ ਜ਼ਿੰਮੇਵਾਰੀ ਸੌਂਪਣ ਦਾ ਫ਼ੈਸਲਾ ਲਿਆ ਹੈ। ਪਾਰਟੀ ਦਾ ਮੰਨਣਾ ਹੈ ਕਿ ਅਮਨ ਅਰੋੜਾ ਹਿੰਦੂ ਚਿਹਰਾ ਹਨ ਅਤੇ ਲੋਕਾਂ 'ਚ ਉਨ੍ਹਾਂ ਦੀ ਪਹੁੰਚ ਹੈ। ਇਸ ਤੋਂ ਇਲਾਵਾ ਪਾਰਟੀ ਦੇ ਵਰਕਰਾਂ ਦਾ ਵੀ ਉਨ੍ਹਾਂ ਨੂੰ ਭਰਪੂਰ ਸਮਰਥਨ ਪ੍ਰਾਪਤ ਹੈ ਅਤੇ ਪਾਰਟੀ ਦੇ ਕਿਸੇ ਆਗੂ ਜਾਂ ਵਰਕਰ ਨਾਲ ਉਨ੍ਹਾਂ ਦਾ ਕਿਸੇ ਤਰ੍ਹਾਂ ਦਾ ਕੋਈ ਵਿਵਾਦ ਨਹੀਂ ਹੈ। ਅਮਨ ਅਰੋੜਾ ਵਿਰੋਧੀ ਧਿਰ ਦੇ ਸਵਾਲਾਂ ਦਾ ਵੀ ਮਜ਼ਬੂਤੀ ਨਾਲ ਜਵਾਬ ਦਿੰਦੇ ਹਨ, ਜਿਸ ਕਾਰਨ ਪਾਰਟੀ ਵਲੋਂ ਉਨ੍ਹਾਂ ਨੂੰ ਪੰਜਾਬ ਪ੍ਰਧਾਨ ਦੇ ਅਹੁਦੇ ਲਈ ਚੁਣਿਆ ਜਾ ਸਕਦਾ ਹੈ।

## 19 ਭਾਰਤੀ ਕੰਪਨੀਆਂ 'ਤੇ ਲੱਗੀ ਪਾਬੰਦੀ

# ਕੈਨੇਡਾ ਤੋਂ ਬਾਅਦ ਹੁਣ ਅਮਰੀਕਾ ਨਾਲ ਖਤਰੇ 'ਚ ਭਾਰਤ ਦਾ ਰਿਸ਼ਤਾ ?

**ਵਾਸ਼ਿੰਗਟਨ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਤੋਂ ਬਾਅਦ ਅਮਰੀਕਾ ਨਾਲ ਭਾਰਤ ਦੇ ਵਿਗੜਦੇ ਰਿਸ਼ਤਿਆਂ ਨੂੰ ਲੈ ਲਗਾਤਾਰ ਖਬਰਾਂ ਸਾਹਮਣੇ ਆ ਰਹੀਆਂ ਹਨ। ਦੱਸ ਦੇਈਏ ਕਿ ਅਮਰੀਕੀ ਵਿਦੇਸ਼ ਵਿਭਾਗ ਦੁਆਰਾ



ਐਲਾਨੀਆਂ ਪਾਬੰਦੀਆਂ ਵਿੱਚ 19 ਭਾਰਤੀ ਕੰਪਨੀਆਂ ਅਤੇ ਦੋ ਵਿਅਕਤੀਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ, ਜਿਨ੍ਹਾਂ 'ਤੇ ਯੂਕਰੇਨ ਵਿੱਚ ਚੱਲ ਰਹੇ ਯੁੱਧ ਵਿਚਾਲੇ ਆਪਣੀ ਫੌਜ ਦੀ ਸਹਾਇਤਾ ਲਈ ਕਥਿਤ ਤੌਰ 'ਤੇ ਰੂਸ ਨੂੰ ਸਮੱਗਰੀ ਅਤੇ ਤਕਨਾਲੋਜੀ ਦੀ ਸਪਲਾਈ ਕਰਨ ਦਾ ਦੋਸ਼ ਹੈ। ਅਮਰੀਕਾ ਵਿੱਚ ਭਾਰਤੀ ਕੰਪਨੀਆਂ 'ਤੇ ਪਾਬੰਦੀਆਂ ਨੂੰ ਬੇਬੁਨਿਆਦ ਦੱਸਦਿਆਂ ਕਿਹਾ ਕਿ ਅਮਰੀਕਾ ਵਿੱਚ ਕੰਪਨੀਆਂ 'ਤੇ ਪਾਬੰਦੀ ਲਗਾਈ ਗਈ ਹੈ, ਉਹ ਭਾਰਤੀ ਕਾਨੂੰਨ ਦੀ ਉਲੰਘਣਾ ਨਹੀਂ ਕਰ ਰਹੀਆਂ ਹਨ। ਵਿਦੇਸ਼ ਮੰਤਰਾਲੇ ਨੇ ਕਈ ਭਾਰਤੀ ਫਰਮਾਂ ਅਤੇ ਨਾਗਰਿਕਾਂ 'ਤੇ ਲਗਾਈਆਂ ਗਈਆਂ ਤਾਜ਼ਾ ਅਮਰੀਕੀ ਪਾਬੰਦੀਆਂ 'ਤੇ ਪ੍ਰਤੀਕਿਰਿਆ ਦਿੱਤੀ। MEA ਦੇ ਬੁਲਾਰੇ ਨੇ ਕਿਹਾ, "ਅਸੀਂ ਅਮਰੀਕੀ ਪਾਬੰਦੀਆਂ 'ਤੇ ਰਿਪੋਰਟ ਦੇਖੀ ਹੈ। ਭਾਰਤ ਕੋਲ ਰਣਨੀਤਕ ਵਪਾਰ ਅਤੇ ਗੈਰ-ਪ੍ਰਸਾਰ ਨਿਯੰਤਰਣ 'ਤੇ ਇੱਕ ਮਜ਼ਬੂਤ ਕਾਨੂੰਨੀ ਅਤੇ ਰੈਗੂਲੇਟਰੀ ਢਾਂਚਾ ਹੈ। ਅਸੀਂ ਤਿੰਨ ਪ੍ਰਮੁੱਖ ਬਹੁ-ਪੱਖੀ ਗੈਰ-ਪ੍ਰਸਾਰ ਨਿਰਯਾਤ ਨਿਯੰਤਰਣ ਪ੍ਰਣਾਲੀਆਂ - ਵਾਸੇਨਾਰ ਵਿਵਸਥਾ ਦਾ ਹਿੱਸਾ ਹਾਂ। ਆਸਟ੍ਰੇਲੀਆ ਗਰੁੱਪ ਅਤੇ ਮਿਜ਼ਾਈਲ ਟੈਕਨਾਲੋਜੀ ਵੀ ਕੰਟੇਨਮੈਂਟ ਸ਼ਾਸਨ ਦੇ ਮੈਂਬਰ ਹਨ, ਅਤੇ ਪ੍ਰਮਾਣੂ ਅਪ੍ਰਸਾਰ 'ਤੇ ਸੰਬੰਧਿਤ UNSC ਪਾਬੰਦੀਆਂ ਅਤੇ UNSC ਰੈਜ਼ੋਲੂਸ਼ਨ 1540 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੇ ਹਨ।" ਵਿਦੇਸ਼ ਮੰਤਰਾਲੇ ਨੇ ਅੱਗੇ ਕਿਹਾ ਕਿ ਭਾਰਤੀ ਉਦਯੋਗਾਂ ਅਤੇ ਹਿੱਸੇਦਾਰਾਂ ਲਈ ਨਿਯਮਤ ਰਣਨੀਤਕ ਵਪਾਰ/ਨਿਰਯਾਤ ਕੰਟਰੋਲ ਆਊਟਰੀਚ ਪ੍ਰੋਗਰਾਮ ਭਾਰਤ ਸਰਕਾਰ ਦੀਆਂ ਏਜੰਸੀਆਂ ਦੁਆਰਾ ਕਰਵਾਏ ਜਾ ਰਹੇ ਹਨ। ਅਸੀਂ ਮੁੱਦਿਆਂ ਨੂੰ ਸਪੱਸ਼ਟ ਕਰਨ ਲਈ ਅਮਰੀਕੀ ਅਧਿਕਾਰੀਆਂ ਦੇ ਸੰਪਰਕ ਵਿੱਚ ਵੀ ਹਾਂ। ਇਸ ਦੇ ਨਾਲ ਹੀ ਭਾਰਤੀ ਕੰਪਨੀਆਂ ਦੇ ਮਾਲਕਾਂ ਵਿੱਚ ਅਮਰੀਕੀ ਪਾਬੰਦੀਆਂ ਨੂੰ ਲੈ ਕੇ ਭਾਰੀ ਨਾਰਾਜ਼ਗੀ ਹੈ। ਇਸ ਦੌਰਾਨ ਇਨਫੋਮੇਰਿਕਸ ਰੇਟਿੰਗ ਦੇ ਮੁੱਖ ਅਰਥ ਸ਼ਾਸਤਰੀ ਮਨੋਰੰਜਨ ਸ਼ਰਮਾ ਨੇ ਕਿਹਾ ਹੈ ਕਿ ਅਮਰੀਕਾ ਦੇ ਤਾਜ਼ਾ ਫੈਸਲੇ ਦਾ ਅਮਰੀਕਾ 'ਚ ਹੋਣ ਵਾਲੀਆਂ ਚੋਣਾਂ 'ਤੇ ਵੀ ਅਸਰ ਪੈ ਸਕਦਾ ਹੈ। ਮੇਰਠ ਸਥਿਤ ਸ਼੍ਰੀਜੀ ਇੰਪੈਕਸ ਪ੍ਰਾਈਵੇਟ ਲਿਮਟਿਡ ਦੇ ਨਿਰਦੇਸ਼ਕ ਪ੍ਰਵੀਨ ਤਿਆਗੀ ਨੇ ਉਪਾਵਾਂ 'ਤੇ ਭੰਬਲਭੂਸਾ ਜ਼ਾਹਰ ਕਰਦੇ ਹੋਏ, ਕਿਹਾ, "ਮੈਨੂੰ ਨਹੀਂ ਪਤਾ ਕਿ ਇਹ ਉਪਾਅ ਸਾਡੇ 'ਤੇ ਕਿਉਂ ਥੋਪੇ ਗਏ ਹਨ ਪਰ ਇਸ ਦਾ ਸਾਡੇ 'ਤੇ ਕੋਈ ਪ੍ਰਭਾਵ ਨਹੀਂ ਪਵੇਗਾ, ਕਿਉਂਕਿ ਅਸੀਂ ਨਾ ਤਾਂ ਦਰਾਮਦ ਕਰਦੇ ਹਾਂ। ਨਾ ਹੀ ਅਮਰੀਕਾ ਤੋਂ ਆਯਾਤ ਅਤੇ ਨਾ ਹੀ ਅਮਰੀਕਾ ਨੂੰ ਨਿਰਯਾਤ।

## ਪਾਕਿਸਤਾਨ ਨੇ ਯੂਕੇ, ਅਮਰੀਕਾ ਤੇ ਕੈਨੇਡਾ ਦੇ ਸਿੱਖਾਂ ਲਈ ਕੀਤਾ ਵੱਡਾ ਐਲਾਨ, ਸਿਰਫ 30 ਮਿੰਟਾਂ 'ਚ ਵੀਜ਼ਾ

**ਇਸਲਾਮਾਬਾਦ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਨੇ ਵਿਦੇਸ਼ਾਂ ਵਿੱਚ ਰਹਿੰਦੇ ਸਿੱਖਾਂ ਲਈ ਵੱਡਾ ਐਲਾਨ ਕੀਤਾ ਹੈ। ਪਾਕਿਸਤਾਨ ਸਰਕਾਰ ਨੇ ਯੂਕੇ, ਅਮਰੀਕਾ ਤੇ ਕੈਨੇਡਾ ਦੇ ਸਿੱਖਾਂ ਨੂੰ ਵੱਡੀ ਰਾਹਤ ਦਿੱਤੀ ਹੈ। ਇਨ੍ਹਾਂ ਮੁਲਕਾਂ ਤੋਂ ਪਾਕਿਸਤਾਨ ਆਉਣ ਵਾਲੇ ਸਿੱਖ ਯਾਤਰੀਆਂ ਨੂੰ ਹੁਣ ਅੱਧੇ ਘੰਟੇ ਦੇ ਅੰਦਰ ਮੁਫ਼ਤ ਆਨਲਾਈਨ ਵੀਜ਼ਾ ਮਿਲੇਗਾ। ਇਸ ਨਾਲ ਵਿਦੇਸ਼ਾਂ ਵਿੱਚ ਰਹਿੰਦੇ ਸਿੱਖਾਂ ਦੀ ਖੱਜਲ-ਖੁਆਰੀ ਨਹੀਂ ਹੋਏਗੀ। ਇਸ ਬਾਰੇ ਪਾਕਿਸਤਾਨ ਦੇ ਗ੍ਰਹਿ ਮੰਤਰੀ ਮੌਹਸਿਨ ਨਕਵੀ ਨੇ ਕਿਹਾ ਕਿ ਯੂਕੇ, ਅਮਰੀਕਾ ਤੇ ਕੈਨੇਡਾ ਤੋਂ ਪਾਕਿਸਤਾਨ 'ਚ ਆਪਣੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਆਉਣ ਵਾਲੇ ਸਿੱਖ ਯਾਤਰੀਆਂ ਨੂੰ ਮੁਲਕ 'ਚ ਪਹੁੰਚਣ 'ਤੇ ਅੱਧੇ ਘੰਟੇ ਦੇ ਅੰਦਰ ਮੁਫ਼ਤ ਆਨਲਾਈਨ ਵੀਜ਼ਾ ਮਿਲੇਗਾ। ਨਕਵੀ ਨੇ ਇਹ ਟਿੱਪਣੀ ਲਾਹੌਰ 'ਚ ਸਿੱਖ ਯਾਤਰੀਆਂ ਦੇ 44 ਮੈਂਬਰੀ ਵਿਦੇਸ਼ੀ ਵਫ਼ਦ ਨਾਲ ਮੁਲਾਕਾਤ ਤੋਂ ਬਾਅਦ ਕੀਤੀ ਹੈ। ਉਨ੍ਹਾਂ ਇਹ ਐਲਾਨ ਵੀ ਕੀਤਾ ਕਿ ਪਾਕਿਸਤਾਨ 'ਚ ਕਈ ਸਿੱਖ ਵਿਰਾਸਤੀ ਸਥਾਨ ਦਰਸ਼ਨਾਂ ਲਈ ਖੋਲ੍ਹੇ ਜਾਣਗੇ ਤੇ ਇਸ ਲਈ ਕਿਸੇ ਪਰਮਿਟ ਦੀ ਲੋੜ ਨਹੀਂ ਹੋਵੇਗੀ। ਗ੍ਰਹਿ ਮੰਤਰਾਲੇ ਵੱਲੋਂ ਜਾਰੀ ਬਿਆਨ ਮੁਤਾਬਕ ਮੰਤਰੀ ਨੇ ਪਾਕਿਸਤਾਨ 'ਚ ਸਿੱਖ ਸ਼ਰਧਾਲੂਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਮੰਨਿਆ ਕਿ ਪਿਛਲੇ ਸਮੇਂ ਦੌਰਾਨ ਪਾਕਿਸਤਾਨ ਦੌਰੇ 'ਤੇ ਆਉਣ ਵਾਲੇ ਸਿੱਖ ਸ਼ਰਧਾਲੂਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਨਕਵੀ ਨੇ ਐਲਾਨ ਕੀਤਾ ਕਿ ਸਰਕਾਰ ਨੇ ਸਿੱਖ ਸ਼ਰਧਾਲੂਆਂ ਲਈ ਵੀਜ਼ਾ ਪ੍ਰਕਿਰਿਆ ਨੂੰ ਆਨਲਾਈਨ ਕਰਕੇ ਸੁਖਾਲਾ ਬਣਾ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਅਮਰੀਕੀ, ਕੈਨੇਡਿਆਈ ਤੇ ਯੂਕੇ ਦੇ ਪਾਸਪੋਸਟ ਵਾਲੇ ਆਨਲਾਈਨ ਅਪਲਾਈ ਕਰ ਸਕਦੇ ਹਨ ਤੇ 30 ਮਿੰਟਾਂ ਦੇ ਅੰਦਰ ਬਿਨਾਂ ਕਿਸੇ ਫੀਸ ਤੋਂ ਆਪਣਾ ਵੀਜ਼ਾ ਪ੍ਰਾਪਤ ਕਰ ਸਕਦੇ ਹਨ। ਇਹ ਸਹੂਲਤ ਇਨ੍ਹਾਂ ਦੇਸ਼ਾਂ 'ਚ ਰਹਿਣ ਵਾਲੇ ਭਾਰਤੀ ਮੂਲ ਦੇ ਸਿੱਖਾਂ ਨੂੰ ਵੀ ਮਿਲੇਗੀ। ਮੰਤਰੀ ਨੇ ਆਖਿਆ ਕਿ ਸਿੱਖ ਭਾਈਚਾਰੇ ਨੂੰ ਹੋਰ ਜ਼ਿਆਦਾ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਸਰਕਾਰ ਦੀ ਤਰਜੀਹ ਹੈ। ਨਕਵੀ ਨੇ ਆਖਿਆ ਕਿ ਜਿਵੇਂ ਸਾਊਦੀ ਅਰਬ ਮੁਸਲਮਾਨਾਂ ਲਈ ਮੁਕੱਦਸ ਸਥਾਨ ਹੈ, ਉਸੇ ਤਰ੍ਹਾਂ ਸਿੱਖਾਂ ਲਈ ਪਾਕਿਸਤਾਨ ਪਵਿੱਤਰ ਸਥਾਨ ਹੈ।



### ਭਾਰਤ ਸਰਕਾਰ ਦੀਆਂ ਸਾਜਿਸ਼ਾਂ ਦੇਸ਼ ਵਿਦੇਸ਼ ਵਿੱਚ

# ਸਿੱਖੀ ਅਤੇ ਸਿੱਖਾਂ ਨੂੰ ਖਤਮ ਨਹੀਂ ਕਰ ਸਕਦੀਆਂ : ਸਿੰਘ ਸਾਹਿਬ

## ਬੱਬਰਾਂ ਦੇ ਹਾਈਕੋਰਟ ਗੁਰਦੁਆਰਾ ਸ਼ਹੀਦਾਂ ਪਿੰਡ ਜਸੋਵਾਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਆਯੋਜਿਤ












**ਗੜ੍ਹਸ਼ੰਕਰ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ, ਅਮਰੀਕਾ ਵੱਲੋਂ ਭਾਰਤ ਸਰਕਾਰ ਉੱਪਰ ਸਿੱਖ ਸੰਘਰਸ਼ ਲੜ ਰਹੇ ਸਿੱਖ ਆਗੂਆਂ ਦੇ ਕਤਲਾਂ ਦੇ ਲਗਾਏ ਜਾ ਰਹੇ ਦੋਸ਼ਾਂ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਹੈ ਕਿ ਜੋ ਸਿੱਖ ਅਤੇ ਸਿੱਖੀ ਮੁਗਲਾਂ ਦੇ ਸਮੇਂ ਜ਼ਾਬਰ ਹੁਕਮਰਾਨਾਂ ਤੋਂ ਖਤਮ ਨਹੀਂ ਹੋ ਸਕੀ, ਇਹ ਸਿੱਖੀ ਅਤੇ ਸਿੱਖ ਭਾਰਤ ਸਰਕਾਰ ਦੀਆਂ ਦੇਸ਼ ਵਿਦੇਸ਼ ਵਿੱਚ ਕੀਤੀਆਂ ਜਾ ਰਹੀਆਂ ਸਾਜਿਸ਼ਾਂ ਦੇ ਚੱਲਦਿਆਂ ਵੀ ਖਤਮ ਨਹੀਂ ਹੋ ਸਕੇਗੀ। ਸਿੰਘ ਸਾਹਿਬ ਨੇ ਇਹ ਵਿਚਾਰ ਗੜ੍ਹਸ਼ੰਕਰ ਨੇੜੇ ਪਿੰਡ ਜੱਸੋਵਾਲ ਬੀਹੜਾਂ ਵਿਖੇ ਸਥਿਤ ਬੱਬਰਾਂ ਦੇ ਹਾਈਕੋਰਟ ਵਜੋਂ ਜਾਣੇ ਜਾਂਦੇ ਗੁਰਦੁਆਰਾ ਸ਼ਹੀਦਾਂ ਜਸੋਵਾਲ ਵਿਖੇ

ਆਵਾਜ਼ਿ ਕੌਮ AWAZE QAUM International Newspaper & WEB TV



ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਪੰਥ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ 28ਵੇਂ ਸਲਾਨਾ ਗੁਰਮਤਿ ਸਮਾਗਮ ਦੌਰਾਨ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਇਹ 28ਵਾਂ ਸਲਾਨਾ ਗੁਰਮਤਿ ਸਮਾਗਮ ਸ਼ੋ੍ਮਣੀ ਕਮੇਟੀ ਮੈਂਬਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ, ਪ੍ਰਧਾਨ ਸੰਤ ਸਮਾਜ ਭਾਈ ਲਾਲੋ ਜੀ, ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲਿਆਂ ਦੀ ਯੋਗ ਅਗਵਾਈ ਹੇਠ ਆਯੋਜਿਤ ਕੀਤਾ ਗਿਆ ਸੀ। ਇਸ ਸਮਾਗਮ ਤਹਿਤ 1 ਨਵੰਬਰ ਦਿਨ ਸ਼ੁੱਕਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ ਅਤੇ ਅੱਜ ਇਨ੍ਹਾਂ ਦੇ ਭੋਗ ਉਪਰੰਤ ਵਿਸ਼ਾਲ ਦੀਵਾਨ ਸਜਾਏ ਗਏ। ਇਸ ਧਾਰਮਿਕ ਦੀਵਾਨ ਵਿੱਚ ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ, ਦਮਦਮੀ ਟਕਸਾਲ ਦੇ ਸੰਤਾਂ ਮਹਾਂਪੁਰਸ਼ਾਂ, ਸੰਪਰਦਾਵਾਂ ਦੇ ਮੁਖੀਆਂ, ਨਿਹੰਗ ਸਿੰਘ ਜਥੇਬੰਦੀਆਂ ਦੇ ਅਹੁਦੇਦਾਰਾਂ, ਨਿਰਮਲੇ, ਉਦਾਸੀ ਸੰਤਾਂ ਮਹਾਂਪੁਰਸ਼ਾਂ ਹੋਰ ਧਾਰਮਿਕ ਜਥੇਬੰਦੀਆਂ, ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ, ਇੰਟਰਨੈਸ਼ਨਲ ਪੰਥਕ ਦਲ ਭਾਰਤ ਅਤੇ ਯੂਕੇ ਦੇ ਸਮੂਹ ਅਹੁਦੇਦਾਰਾਂ, ਹੋਰ ਵੱਖ-ਵੱਖ ਸਿਆਸੀ ਪਾਰਟੀਆਂ ਦੇ ਅਹੁਦੇਦਾਰਾਂ, ਰਾਗੀ ਢਾਡੀ ਜਥਿਆਂ ਨੇ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ। ਸਿੰਘ ਸਾਹਿਬ ਨੇ ਇਸ ਮੌਕੇ ਕਿਹਾ ਕਿ ਭਾਰਤ ਸਰਕਾਰ ਅਤੇ ਹੋਰ ਸਿੱਖ ਦੋਖੀ ਸ਼ਕਤੀਆਂ ਵੱਲੋਂ ਕੀਤੀਆਂ ਜਾ ਰਹੀਆਂ ਸਿੱਖ ਮਾਰੂ ਸਰਗਰਮੀਆਂ ਦਾ ਇੱਕੋ ਜਵਾਬ ਗੁਰਮਿਤ ਸਿਧਾਂਤਾਂ ਵਿੱਚ ਪ੍ਰਪੱਕ ਹੋ ਕੇ, ਅੰਮ੍ਰਿਤਧਾਰੀ ਹੋ ਕੇ ਅਤੇ ਕਹਿਣੀ ਕਰਨੀ ਨੂੰ ਇੱਕ ਕਰਨ ਦੇ ਰੂਪ ਵਿੱਚ ਦਿੱਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਹਮੇਸ਼ਾਂ ਹੀ ਸਿੱਖਾਂ ਦੇ ਖਿਲਾਫ ਸਾਜਿਸ਼ਾਂ ਕਰਦੀਆਂ ਰਹੀਆਂ ਹਨ। ਗੁਰੂ ਕਾਲ ਸਮੇਂ ਤੋਂ ਹੀ ਗੁਰਬਾਣੀ ਦਾ ਵੱਧ ਤੋਂ ਵੱਧ ਜਾਪ ਹੀ ਇਨ੍ਹਾਂ ਸਾਜਿਸ਼ਾਂ ਨੂੰ ਫੇਲ੍ਹ ਕਰਦਾ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਖਤਰੇ ਓਹੀ ਕਾਇਮ ਹਨ ਅਤੇ ਸਾਨੂੰ ਗੁਰਬਾਣੀ ਦਾ ਜਾਪ ਹੀ ਖਤਰਿਆਂ ਤੋਂ ਬਚਾਅ ਸਕਦਾ ਹੈ। ਸਿੰਘ ਸਾਹਿਬ ਨੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਪੰਥਕ ਚੜ੍ਹਦੀ ਕਲਾ ਅਤੇ ਇੰਟਰਨੈਸ਼ਨਲ ਪੰਥਕ ਦਲ ਦੀ ਮਜਬੂਤੀ ਲਈ ਆਪਣੇ ਰੋਜਾਨਾ ਦੇ ਨਿੱਤਨੇਮ ਤੋਂ ਇਲਾਵਾ ਇੱਕ ਹੋਰ ਜਪੁਜੀ ਸਾਹਿਬ ਦਾ ਪਾਠ ਰੋਜ਼ਾਨਾ ਕਰਨਾ ਸ਼ੁਰੂ ਕਰਨ। ਸਿੰਘ ਸਾਹਿਬ ਨੇ ਇਸ ਮੌਕੇ ਗੁਰਦੁਆਰਾ ਸ਼ਹੀਦਾਂ ਪਿੰਡ ਜਸੋਵਾਲ ਬੀਹੜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਉਨ੍ਹਾਂ ਬੱਬਰਾਂ ਦੀ ਮਹਾਨ ਧਰਤੀ ਹੈ, ਜਿਨ੍ਹਾਂ ਨੇ ਮਨੁੱਖਤਾ ਦੇ ਹੱਕ ਵਿੱਚ ਜੰਗ ਲੜਦਿਆਂ ਦੁਸ਼ਮਣਾਂ ਨੂੰ ਮੂੰਹ ਦੀ ਖਾਣ ਲਈ ਮਜਬੂਰ ਕੀਤਾ ਸੀ। ਸਿੰਘ ਸਾਹਿਬ ਨੇ ਇਸ ਮੌਕੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਨਿਭਾਈਆਂ ਜਾ ਰਹੀਆਂ ਪੰਥਕ ਸੇਵਾਵਾਂ ਦੀ ਵੀ ਜੋਰਦਾਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਵੱਲੋਂ ਗੁਰਦੁਆਰਾ ਸ਼ਹੀਦਾਂ ਦੇ ਨਵੇਂ ਹਾਲ ਉਸਾਰਨ ਦੀ ਵੀ ਪ੍ਰਸ਼ੰਸਾ ਕੀਤੀ। ••

ਆਵਾਜ਼ਿ ਕੌਮ AWAZE QAUM International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI



ਗੁਰਬਾਣੀ ਕਥਾ ਵਿਚਾਰ
ਦਿੱਲੀ ਵਿਖੇ
ਗੁਰਦੁਆਰਾ ਸ਼ੀਸ਼ ਗੰਜ ਸਾਹਿਬ
ਮਿਤੀ 3 ਨਵੰਬਰ 2024
ਸਵੇਰੇ 7:30 ਤੋਂ 8:30 ਵਜੇ ਤੱਕ
ਗੁਰਦੁਆਰਾ ਬੰਗਲਾ ਸਾਹਿਬ
ਮਿਤੀ 4 ਨਵੰਬਰ 2024
ਸਵੇਰੇ 7:30 ਤੋਂ 8:30 ਵਜੇ ਤੱਕ
LIVE ON PTC ਸਿਮਰਨ
LIVE ON CHARDIKLA TIME TV
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
9814015740, 9356060960




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।










www.khalsaforge.com


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715128621

ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਲੜੀਵਾਰ ਗੁਰਬਾਣੀ ਕਥਾ ਵਿਆਖਿਆ









ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ ਵਿਖੇ ਅੱਜ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਅਤੇ ਦਰਸ਼ਨ ਦੀਦਾਰੇ ਕਰਦੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਨਮਾਨਿਤ ਕਰਦੇ ਪ੍ਰਬੰਧਕ ਅਤੇ ਇਸ ਮੌਕੇ ਹਾਜ਼ਰੀ ਭਰਦੀਆਂ ਸਿੱਖ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243



IN LOVING MEMORY

# BIBI KULWANT KAUR DAVGUN

Arrival at Gurdwara Sahib
12:00am
Guru Nanak Sikh Gurdwara
191 Duncan St, Wolverhampton, WV2 3AJ

Arrival at Crematorium
2:00pm
Mercia Forest Crematorium
Broad Ln, Essington, Wolverhampton, WV11 2RJ

Arrival at Gurdwara Sahib
3:30pm
Guru Nanak Sikh Gurdwara
191 Duncan St, Wolverhampton, WV2 3AJ

On Monday
4th November 2024

# ਰਹਿੰਦੀ ਦੁਨੀਆ ਤੱਕ ਭਾਰਤੀ ਇਤਿਹਾਸ ਨੂੰ ਸ਼ਰਮਿੰਦਾ ਕਰਦਾ ਰਹੇਗਾ ਨਵੰਬਰ 1984 ਦਾ ਸਿੱਖ ਕਤਲੇਆਮ

# ਹੋਂਦ ਚਿੱਲੜ ਵਿਖੇ ਸ਼ਹੀਦੀ ਯਾਦਗਾਰ ਬਣਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਫੈਸਲੇ ’ਤੇ ਅਮਲ ਕਰੇ

## ਇਨਸਾਫ ਪ੍ਰਾਪਤੀ ਲਈ ਲਗਾਤਾਰ ਸੰਘਰਸ਼ ਕਰਨ ਵਾਲੇ ਸੰਘਰਸ਼ਸ਼ੀਲ ਅਕਾਲੀ ਆਗੂ ਕਰਨੈਲ ਸਿੰਘ ਪੀਰਮੁਹੰਮਦ ਨੇ ਕੀਤੀ ਅਪੀਲ



18 ਫਰਵਰੀ 2011 ਨੂੰ ਸਿੱਖ ਕੌਮ ਦੀ ਨਸਲਕੁਸ਼ੀ ਦੀਆ ਮੂੰਹ ਬੋਲਦੀਆ ਤਸਵੀਰਾ ਜੱਗ ਜਾਹਰ ਕਰਦਿਆ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਸ ਕਰਨੈਲ ਸਿੰਘ ਪੀਰਮੁਹੰਮਦ ਦਵਿੰਦਰ ਸਿੰਘ ਸੋਢੀ ਅਤੇ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ

**ਜਿਵੇਂ** 1919 ਦੇ ਜੱਲਿਆਂਵਾਲਾ ਬਾਗ਼ ਦੇ ਸਾਕੇ ਨੂੰ ਕਦੇ ਵੀ ਨਹੀਂ ਭੁਲਾਇਆ ਜਾ ਸਕਦਾ, ਉਸੇ ਤਰ੍ਹਾਂ 1984 ਦੇ ਸਿੱਖ ਕਤਲੇਆਮ ਨੂੰ ਵੀ ਇਤਿਹਾਸਕ ਸੰਦਰਭ ’ਚ ਭੁਲਾਉਣਾ ਸਿੱਖ ਕੌਮ ਲਈ ਬਿਲਕੁਲ ਅਸੰਭਵ ਹੈ। ਨਵੰਬਰ ’84 ਦੇ ਸਿੱਖ ਕਤਲੇਆਮ ਵੇਲੇ ਨਾ-ਸਿਰਫ਼ ਸਿੱਖਾਂ ਦਾ ਸਰੀਰਕ ਤੌਰ ’ਤੇ ਹੀ ਘਾਣ ਕੀਤਾ ਗਿਆ, ਸਗੋਂ ਬੜੇ ਘਿਣਾਉਣੇ ਤੇ ਸਾਜ਼ਿਸ਼ੀ ਤਰੀਕੇ ਨਾਲ ਸਿੱਖਾਂ ਖ਼ਿਲਾਫ਼ ਜਾਣ-ਬੁੱਝ ਕੇ ਜਿਊਣ ਲਈ ਅਜਿਹੇ ਹਾਲਾਤ ਪੈਦਾ ਕੀਤੇ ਗਏ, ਜੋ ਰਹਿੰਦੀਆਂ ਸਦੀਆਂ ਤੱਕ ਪੀੜਾਦਾਇਕ ਰਹਿਣਗੇ। ਇਸ ਕਤਲੇਆਮ ਨਾਲ ਭਾਰਤ ਦੇ ਇਕ ਖ਼ੁਸ਼ਹਾਲ ਅਤੇ ਦੇਸ਼ ਦੀ ਆਜ਼ਾਦੀ ’ਚ ਸਭ ਤੋਂ ਵੱਧ ਯੋਗਦਾਨ ਪਾਉਣ ਵਾਲੇ ਸਿੱਖ ਭਾਈਚਾਰੇ ਦੀ ਵਿਰਾਸਤ, ਸਮਾਜਿਕ ਢਾਂਚੇ, ਆਰਥਿਕਤਾ ਅਤੇ ਜੀਣ-ਥੀਣ ਦੀਆਂ ਸੰਭਾਵਨਾਵਾਂ ਹੀ ਰੋਲ ਕੇ ਰੱਖ ਦਿੱਤੀਆਂ ਗਈਆਂ। ਇਸੇ ਦਾ ਹੀ ਨਤੀਜਾ ਸੀ ਕਿ ਪੰਜਾਬ ਦਹਾਕਿਆਂ ਤੱਕ ਪੱਛੜ ਗਿਆ ਅਤੇ ਇੱਥੋਂ ਦੀ ਜਵਾਨੀ, ਕਿਸਾਨੀ ਤੇ ਤਜਾਰਤ ਇੱਥੋਂ ਹਿਜਰਤ ਕਰਕੇ ਦੂਜੇ ਸੂਬਿਆਂ ਅਤੇ ਵਿਦੇਸ਼ਾਂ ਵਿਚ ਚਲੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਵਿਦਵਾਨ ਰਜਨੀ ਕੁਠਾਰੀ ਅਨੁਸਾਰ ’ਜੋ ਕੁਝ ਦਿੱਲੀ ਵਿਚ ਨਵੰਬਰ 1984 ਦੇ ਸ਼ੁਰੂ ਵਿਚ ਹੋਇਆ, ਉਹ ਦੰਗੇ ਨਹੀਂ, ਸਗੋਂ ਕਿਸੇ ਸਾਜ਼ਿਸ਼ ਅਧੀਨ ਪਹਿਲਾਂ ਤੋਂ ਘੜੀ ਯੋਜਨਾ ਸੀ। ਇਸ ਨੂੰ ਸਿਰੇ ਚਾੜ੍ਹਨ ਲਈ ਖ਼ਿੱਤੇ ਦੀ ਚੋਣ (ਸਿੱਖਾਂ ਦੀਆਂ ਰਿਹਾਇਸ਼ੀ ਆਬਾਦੀਆਂ), ਸਾਜ਼ੋ-ਸਾਮਾਨ ਦਾ ਪ੍ਰਬੰਧ ਅਤੇ ਅਪਰਾਧ ਕਰਨ ਵਾਲੇ ਜਾਣੇ-ਪਛਾਣੇ ਸਨ। ਸਭ ਕੁਝ ਪਹਿਲਾਂ ਤੋਂ ਹੀ ਤੈਅ ਸ਼ੁਦਾ ਯੋਜਨਾ ਨੂੰ ਸਿਰੇ ਚਾੜ੍ਹਨ ਲਈ ਸਰਕਾਰ ਦੀ ਇੱਛਾ ਅਨੁਸਾਰ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਤਲ ਨੂੰ ਗੁੰਡਿਆਂ ਨੇ ਸਿਰਫ਼ ਬਹਾਨੇ ਦੇ ਤੌਰ ’ਤੇ ਢੁਕਵੇਂ ਸਮੇਂ ਵਜੋਂ ਵਰਤਿਆ। ਇਸ ਨੂੰ ਪੁਲਿਸ ਦੀ ਦੇਖ-ਰੇਖ ਹੇਠ ਸਿੱਖਾਂ ਦਾ ਵਹਿਸ਼ੀਆਣਾ ਕਤਲੇਆਮ ਕਹਿਣ ਤੋਂ ਬਿਨਾਂ ਹੋਰ ਨਾਂਅ ਨਹੀਂ ਦਿੱਤਾ ਜਾ ਸਕਦਾ।’

31 ਅਕਤੂਬਰ 1984 ਨੂੰ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ 6 ਨਵੰਬਰ 1984 ਤੱਕ ਦਿੱਲੀ ਸਮੇਤ ਦੇਸ਼ ਦੇ 18 ਸੂਬਿਆਂ ਦੇ 110 ਦੇ ਲਗਭਗ ਸ਼ਹਿਰਾਂ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਨਿਹੱਥੇ ਤੇ ਬੇਕਸੂਰ ਸਿੱਖਾਂ ਨੂੰ ਜਿਊਂਦੇ ਸਾੜਿਆ ਅਤੇ ਕੋਹ-ਕੋਹ ਕੇ ਮਾਰ ਦਿੱਤਾ ਗਿਆ। ਦੇਸ਼ ਦੀ ਰਾਜਧਾਨੀ ਨਵੀਂ ਦਿੱਲੀ ਵਿਚ 1 ਤੋਂ 3 ਨਵੰਬਰ ਦੀ ਦੁਪਹਿਰ ਤੱਕ, ਹਰ ਮਿੰਟ ਦੌਰਾਨ ਇਕ ਸਿੱਖ ਦਾ ਕਤਲ ਕੀਤਾ ਗਿਆ। ਕਰੋੜਾਂ ਦੀ ਸੰਪਤੀ ਲੁੱਟੀ ਅਤੇ ਸਾੜ ਦਿੱਤੀ ਗਈ। ਹਜ਼ਾਰਾਂ ਔਰਤਾਂ ਦੀ ਬੇਪਤੀ ਕੀਤੀ ਗਈ। ਸਿੱਖ ਕਤਲੇਆਮ ਦੇ ਪੀੜਤਾਂ ਵਾਸਤੇ ਇਨਸਾਫ਼ ਲਈ ਲੰਬਾ ਸਮਾਂ ਸੰਘਰਸ਼ ਕਰਨ ਵਾਲੇ ਸ. ਕਰਨੈਲ ਸਿੰਘ ਪੀਰਮੁਹੰਮਦ ਵਲੋਂ ਇਕੱਠੇ ਕੀਤੇ ਅੰਕੜਿਆਂ ਅਨੁਸਾਰ, ਨਵੰਬਰ ’84 ਦੌਰਾਨ ਦੇਸ਼ ਭਰ ਵਿਚ 30 ਹਜ਼ਾਰ ਦੇ ਲਗਪਗ ਸਿੱਖ ਕਤਲ ਕੀਤੇ ਗਏ। ਡੇਢ ਲੱਖ ਪਰਿਵਾਰਾਂ ਦੀਆਂ ਜਾਇਦਾਦਾਂ ਸਾੜ ਜਾਂ ਲੁੱਟ ਲਈਆਂ ਗਈਆਂ। 50 ਹਜ਼ਾਰ ਪਰਿਵਾਰ ਬੇਘਰੇ ਹੋਏ। ਇਸ ਦੀ ਨਿਸਬਤ ਇਕ ਦਰਜਨ ਦੇ ਕਰੀਬ ਜਾਂਚ ਕਮਿਸ਼ਨ/ਕਮੇਟੀਆਂ/ਵਿਸ਼ੇਸ਼ ਜਾਂਚ ਟੀਮਾਂ, 3600 ਤੋਂ ਵਧੇਰੇ ਗਵਾਹ, 40 ਸਾਲ ਦਾ ਵਕਫ਼ਾ ਅਤੇ ਅਦਾਲਤਾਂ ’ਚ ਇਨਸਾਫ਼ ਲਈ ਪੀੜਤਾਂ ਦੀਆਂ ਪੁਕਾਰਾਂ ਵੀ, ਆਜ਼ਾਦ ਭਾਰਤ ਦੇ ਮੱਥੇ ’ਤੇ ਕਲੰਕ ਬਣੇ ਨਵੰਬਰ ’84 ਦੇ ਸਿੱਖ ਕਤਲੇਆਮ ਦਾ ਪੂਰਨ ਇਨਸਾਫ਼ ਨਹੀਂ ਕਰਵਾ ਸਕੀਆਂ। ਐਡਵੋਕੇਟ ਐੱਚ.ਐੱਸ. ਫੂਲਕਾ ਅਨੁਸਾਰ, ਇਕੱਲੇ ਨਵੀਂ ਦਿੱਲੀ ’ਚ ਹੋਏ 2733 ਕਤਲਾਂ (ਸਰਕਾਰੀ ਰਿਕਾਰਡ ਅਨੁਸਾਰ) ਵਿਚੋਂ ਹੁਣ ਤੱਕ ਸਿਰਫ਼ 12 ਮਾਮਲਿਆਂ ਵਿਚ 50 ਕੁ ਵਿਅਕਤੀਆਂ ਨੂੰ ਹੀ ਸਾਧਾਰਨ ਉਮਰ ਕੈਦ ਦੀ ਸਜ਼ਾ ਹੋਈ। ਇਸ ਵੇਲੇ ਨਵੰਬਰ ’84 ਕਤਲੇਆਮ ਦੇ ਕੁੱਲ 7 ਦੋਸ਼ੀ ਜੇਲ੍ਹ ਵਿਚ ਨਜ਼ਰਬੰਦ ਹਨ, ਜਿਨ੍ਹਾਂ ਵਿਚੋਂ 1 ਮੌਤ ਦੀ ਸਜ਼ਾ ਵਾਲਾ ਅਤੇ ਬਾਕੀ 6 ਉਮਰ ਕੈਦ ਵਾਲੇ ਹਨ। ਸੱਜਣ ਕੁਮਾਰ ਅਤੇ ਜਗਦੀਸ਼ ਟਾਈਟਲਰ ਵਰਗੇ ਮੁੱਖ ਸਾਜ਼ਿਸ਼ਕਾਰਾਂ ਦੇ ਖ਼ਿਲਾਫ਼ ਅਹਿਮ ਸਬੂਤ ਹੋਣ ਦੇ ਬਾਵਜੂਦ ਇਨ੍ਹਾਂ ਕਾਂਗਰਸ ਆਗੂਆਂ ਨੂੰ ਲੰਬਾ ਸਮਾਂ ਕਾਂਗਰਸ ਸਰਕਾਰਾਂ ਦੀ ਸਰਪ੍ਰਸਤੀ ਵਿਚ ਰਹਿਣ ਤੋਂ ਬਾਅਦ, ਜੇਕਰ ਕੁਝ ਸਾਲ ਪਹਿਲਾਂ ਜੇਲ੍ਹ ਵੇਖਣੀ ਵੀ ਪਈ ਤਾਂ ਇਹ ਦੇਰ ਵਾਲੀ ਇਨਸਾਫ਼ ਦੀ ਕਵਾਇਦ ਨਾਇਨਸਾਫ਼ੀ ਜਿਹੀ ਹੀ ਹੈ। ਸਰਕਾਰੀ ਅੰਕੜਿਆਂ ਮੁਤਾਬਿਕ ਹਮਲੇ ਕਰਨ, ਸੱਟਾਂ ਮਾਰਨ ਅਤੇ ਹੋਰ 450 ਮਾਮਲਿਆਂ ਵਿਚੋਂ ਵੀ ਮਾਮੂਲੀ ਜਿਹੀ ਸਜ਼ਾ ਸਿਰਫ਼ 200 ਦੇ ਲਗਪਗ ਵਿਅਕਤੀਆਂ ਨੂੰ ਹੀ ਹੋਈ। ਜਦੋਂਕਿ ਨਵੰਬਰ 1984 ਦੇ ਤਤਕਾਲੀ ਸੂਚਨਾ ਪ੍ਰਸਾਰਣ ਮੰਤਰੀ ਐੱਚ.ਕੇ.ਐੱਚ.ਭਗਤ, ਮੈਂਬਰ ਪਾਰਲੀਮੈਂਟ ਧਰਮ ਦਾਸ ਸ਼ਾਸਤਰੀ ਸਮੇਤ ਤਿੰਨ ਦਰਜਨ ਦੇ ਲਗਪਗ ਸਿੱਖ ਕਤਲੇਆਮ ਦੇ ਮੁੱਖ ਸਾਜ਼ਿਸ਼ਕਾਰ ਅਤੇ ਦੋਸ਼ੀ ਅਦਾਲਤੀ ਸਜ਼ਾਵਾਂ ਤੋਂ ਬਗੈਰ ਹੀ ਆਪਣੀਆਂ ਉਮਰਾਂ ਭੋਗ ਕੇ ਇਸ ਦੁਨੀਆ ਤੋਂ ਫ਼ੌਤ ਹੋ ਚੁੱਕੇ ਹਨ। ਕਪੂਰ-ਮਿੱਤਲ ਕਮੇਟੀ ਵਲੋਂ 1990 ’ਚ ਆਪਣੀ ਰਿਪੋਰਟ ਵਿਚ ਸਿੱਖ ਕਤਲੇਆਮ ਲਈ ਸਮੇਂ ਸਿਰ ਆਪਣੀ ਜ਼ਿੰਮੇਵਾਰੀ ਨਾ ਨਿਭਾਉਣ ਵਾਲੇ ਜਾਂ ਮੂਕ ਦਰਸ਼ਕ ਬਣ ਕੇ ਸਭ ਕੁਝ ਦੇਖਦੇ ਰਹੇ ਏ.ਸੀ.ਪੀ. ਤੋਂ ਲੈ ਕੇ ਹੌਲਦਾਰ ਰੈਂਕ ਤੱਕ ਦੇ 72 ਦੋਸ਼ੀ ਪੁਲਿਸ ਅਧਿਕਾਰੀਆਂ ਤੇ ਮੁਲਾਜ਼ਮਾਂ ਨੂੰ ਤੁਰੰਤ ਨੌਕਰੀਆਂ ਤੋਂ ਫ਼ਾਰਗ ਕਰ ਦੇਣ ਦੀ ਸਿਫ਼ਾਰਿਸ਼ ਕੀਤੀ ਗਈ ਸੀ ਪਰ ਇਨ੍ਹਾਂ ਦੋਸ਼ੀ ਪੁਲਿਸ ਵਾਲਿਆਂ ਵਿਚੋਂ ਕਿਸੇ ਇਕ ਨੂੰ ਵੀ ਨੌਕਰੀ ਤੋਂ ਫ਼ਾਰਗ ਨਹੀਂ ਕੀਤਾ ਗਿਆ ਬਲਕਿ ਉਲਟਾ ਤਰੱਕੀਆਂ ਹੀ ਦਿੱਤੀਆਂ ਗਈਆਂ। ਇਸ ਦੇ ਨਾਲ ਹੀ ਇਕ ਪੜਤਾਲੀਆ ਕਮਿਸ਼ਨ ਨੇ ਦਿੱਲੀ ਪੁਲਿਸ ਦੇ ਤਤਕਾਲੀ ਕਮਿਸ਼ਨਰ ਐੱਸ.ਸੀ.ਟੰਡਨ ਨੂੰ ਸਿੱਧੇ ਤੌਰ ’ਤੇ ਕਤਲੇਆਮ ਲਈ ਜ਼ਿੰਮੇਵਾਰ ਕਰਾਰ ਦਿੱਤਾ ਸੀ।

ਪਿਛਲੇ 40 ਸਾਲਾਂ ਦੌਰਾਨ ਨਵੰਬਰ 1984 ਦੇ ਸਿੱਖ ਕਤਲੇਆਮ ਪੀੜਤਾਂ ਨੂੰ ਇਨਸਾਫ਼ ਨਾ ਮਿਲਣ ਕਾਰਨ ਸਿੱਖ ਮਾਨਸਿਕਤਾ ਅੰਦਰ ਸਰਕਾਰਾਂ ਅਤੇ ਨਿਆਂਪਾਲਿਕਾ ਪ੍ਰਤੀ ਬੇਵਿਸ਼ਵਾਸੀ, ਬੇਗਾਨਗੀ ਅਤੇ ਰੋਸ ਦੇ ਡੂੰਘੇ ਘਾਓ ਹਨ। ਕਿਉਂਕਿ ਸਿੱਖ ਵਿਰੋਧੀ ਕਤਲੇਆਮ ਤੋਂ 40 ਵਰ੍ਹੇ ਬਾਅਦ, ਜਦੋਂ ਉਸ ਕਤਲੇਆਮ ਦੇ ਬਹੁਤ ਸਾਰੇ ਚਸ਼ਮਦੀਦ ਗਵਾਹ ਅਤੇ ਪੀੜਤ ਅਦਾਲਤਾਂ ਤੋਂ ਇਨਸਾਫ਼ ਉਡਕੀਦੇ-ਉਡੀਕਦੇ ਹੀ ਇਸ ਜਹਾਨੋਂ ਫ਼ੌਤ ਹੋ ਚੁੱਕੇ ਹਨ ਅਤੇ ਬਹੁਤ ਸਾਰੇ ਦੋਸ਼ੀ ਕਾਨੂੰਨੀ ਸਜ਼ਾਵਾਂ ਪਾਉਣ ਤੋਂ ਬਗ਼ੈਰ ਹੀ ਜੀਵਨ ਭੋਗ ਕੇ ਕੁਦਰਤੀ ਮੌਤੇ ਮਰ ਚੁੱਕੇ ਹਨ, ਉਸ ਵੇਲੇ ਮਹਿਜ਼ ਗਿਣੇ-ਚੁਣੇ ਦੋਸ਼ੀਆਂ ਨੂੰ ਸਜ਼ਾਵਾਂ ਦੇਣਾ ਹੀ ਪੂਰਨ ਇਨਸਾਫ਼ ਨਹੀਂ ਹੈ, ਬਲਕਿ ਚਾਹੀਦਾ ਤਾਂ ਇਹ ਵੀ ਸੀ ਕਿ ਉਸ ਕਤਲੇਆਮ ਦੇ ਵਿਆਪਕ ਵਰਤਾਰੇ ਪਿੱਛੇ ਲੁਕਵੇਂ ਉਦੇਸ਼ਾਂ ਅਤੇ ਤਮਾਮ ਜ਼ਿੰਮੇਵਾਰ ਤਾਕਤਾਂ ਨੂੰ ਨੰਗਿਆਂ ਕੀਤਾ ਜਾਂਦਾ। ਪ੍ਰਭਾਵਾਂ ਅਤੇ ਸਿੱਟਿਆਂ ਬਾਰੇ ਨਿਰਪੱਖਤਾ ਨਾਲ ਵਿਸ਼ਲੇਸ਼ਣ ਕੀਤਾ ਜਾਂਦਾ ਤਾਂ ਜੋ ਇਤਿਹਾਸ ਵਿਚ ਸਿੱਖ ਵਿਰੋਧੀ ਕਤਲੇਆਮ ਦੀਆਂ ਤਮਾਮ ਜ਼ਿੰਮੇਵਾਰ ਤਾਕਤਾਂ ਨੂੰ ਸ਼ਰਮਿੰਦਾ ਹੋਣਾ ਪਵੇ। ਦੇਸ਼ ਦੀਆਂ ਸਰਕਾਰਾਂ ਨੂੰ ਅਤੀਤ ਤੋਂ ਸਬਕ ਲੈਂਦਿਆਂ ਇਸ ਇੱਛਾ ਸ਼ਕਤੀ ਦਾ ਦ੍ਰਿੜ੍ਹਤਾ ਨਾਲ ਦੇਸ਼ ਦੀ ਜਨਤਾ ਕੋਲ ਪ੍ਰਗਟਾਵਾ ਵੀ ਕਰਨਾ ਚਾਹੀਦਾ ਸੀ ਕਿ ਭਵਿੱਖ ਵਿਚ ਕਦੇ ਵੀ ਨਵੰਬਰ 1984 ਵਰਗੀ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲੀ ਤਰਾਸਦੀ ਨਾ ਵਾਪਰੇ।



ਸ੍ਰੀ ਅਕਾਲ ਤਖਤ ਸਾਹਿਬ ਦੇ ਉਸ ਵੇਲੇ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ 6 ਮਾਰਚ 2011 ਨੂੰ ਸਹੀਦੀ ਯਾਦਗਾਰ ਦਾ ਨੀਂਹ ਪੱਥਰ ਰੱਖਿਆ ਨਾਲ ਨਜਰ ਆ ਰਹੇ ਹਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਉਸ ਵੇਲੇ ਦੇ ਪ੍ਰਧਾਨ ਸ ਕਰਨੈਲ ਸਿੰਘ ਪੀਰਮੁਹੰਮਦ

ਪਰ ਅਫ਼ਸੋਸ ਦੀ ਗੱਲ ਕਿ ਸਾਡੇ ਦੇਸ਼ ਦੀਆਂ ਸਰਕਾਰਾਂ ਨੇ ਸਿੱਖ ਕਤਲੇਆਮ ਤੋਂ ਬਾਅਦ ਵੀ ਕੋਈ ਸਬਕ ਨਹੀਂ ਸਿੱਖਿਆ ਤਾਂਹੀਓਂ ਨਵੰਬਰ 1984 ਤੋਂ ਬਾਅਦ ਵੀ ਭਾਰਤ ਵਿਚ ਫ਼ਿਰਕੂ ਦੰਗਿਆਂ ਅਤੇ ਕਤਲੇਆਮ ਦਾ ਤਾਂਡਵ ਰੁਕ ਨਹੀਂ ਸਕਿਆ। ਸੰਨ 1989 ਦੇ ਭਾਗਲਪੁਰ ਦੰਗੇ, 1992 ਦੇ ਮੁੰਬਈ ਦੰਗੇ ਅਤੇ 2002 ਦੇ ਗੁਜਰਾਤ ਦੰਗਿਆਂ ਦੌਰਾਨ ਹਜ਼ਾਰਾਂ ਬੇਗੁਨਾਹ ਲੋਕ ਮਾਰੇ ਗਏ। ਇਕ ਸਰਕਾਰੀ ਰਿਪੋਰਟ ਅਨੁਸਾਰ, ਸਾਲ 2002 ਤੋਂ ਲੈ ਕੇ 2013 ਤੱਕ ਭਾਰਤ ਵਿਚ 8473 ਫ਼ਿਰਕੂ ਦੰਗਿਆਂ ਦੀਆਂ ਘਟਨਾਵਾਂ ਵਾਪਰੀਆਂ ਅਤੇ 2502 ਲੋਕ ਮਾਰੇ ਗਏ। ਜਦਕਿ ਇਨ੍ਹਾਂ ਫ਼ਸਾਦਾਂ ਦੌਰਾਨ 28 ਹਜ਼ਾਰ ਤੋਂ ਵੱਧ ਲੋਕ ਜ਼ਖ਼ਮੀ ਹੋਏ।

ਹਾਲਾਂਕਿ ਭਾਰਤੀ ਸੰਵਿਧਾਨ ਧਾਰਾ-25 ਤਹਿਤ ਹਰੇਕ ਨਾਗਰਿਕ ਨੂੰ ਜੀਵਨ ਅਤੇ ਆਜ਼ਾਦੀ ਦਾ ਬਰਾਬਰ ਅਧਿਕਾਰ ਦਿੰਦਾ ਹੈ ਅਤੇ ਧਾਰਾ- 15 ਜਾਤ, ਧਰਮ ਅਤੇ ਲਿੰਗ ਆਧਾਰਿਤ ਭੇਦ-ਭਾਵ ਨੂੰ ਜੁਰਮ ਕਰਾਰ ਦਿੰਦੀ ਹੈ ਪਰ ਦੇਸ਼ ’ਚ ਆਜ਼ਾਦੀ ਦੇ 77 ਸਾਲਾਂ ਦੌਰਾਨ ਲਗਾਤਾਰ ਵੱਧ ਰਿਹਾ ਫ਼ਿਰਕੂਵਾਦ ਕਿਤੇ ਨਾ ਕਿਤੇ ਨਿਆਂਪ੍ਰਣਾਲੀ ਵਿਚ ਵੀ ਊਣਤਾਈਆਂ ਵੱਲ ਸੰਕੇਤ ਕਰਦਾ ਹੈ। ਸਾਡੇ ਦੇਸ਼ ਦੇ ਸੰਵਿਧਾਨ ਦੀ ਧਾਰਾ-356 ਸਰਕਾਰ ’ਤੇ ਫ਼ਿਰਕੂ ਸਦਭਾਵਨਾ ਅਤੇ ਨਾਗਰਿਕਾਂ ਦੀ ਸੁਰੱਖਿਆ ਬਹਾਲ ਰੱਖਣ ਦੀ ਜ਼ਿੰਮੇਵਾਰੀ ਤੈਅ ਕਰਦੀ ਹੈ। ਇਸ ਧਾਰਾ ਤਹਿਤ ਸੰਵਿਧਾਨਿਕ ਫ਼ਰਜ਼ ਵਿਚ ਅਸਫਲ ਰਹਿਣ ਵਾਲੀ ਸਰਕਾਰ ਨੂੰ ਬਰਖ਼ਾਸਤ ਕੀਤਾ ਜਾ ਸਕਦਾ ਹੈ। ਰਾਜਸੀ ਕਾਰਨਾਂ ਕਰਕੇ ਤਾਂ ਬੇਸ਼ੱਕ ਕਈ ਸੂਬਿਆਂ ਵਿਚ ਸਮੇਂ-ਸਮੇਂ ਸਰਕਾਰਾਂ ਭੰਗ ਕੀਤੀਆਂ ਜਾਂਦੀਆਂ ਰਹੀਆਂ ਹਨ ਪਰ ਨਵੰਬਰ ’84 ਦੇ ਇੰਨੇ ਵੱਡੇ ਕਤਲੇਆਮ ਅਤੇ ਦੇਸ਼ ਵਿਚ ਵੱਖ-ਵੱਖ ਸਮਿਆਂ ਦੌਰਾਨ ਹੋਏ ਦੰਗਿਆਂ ਦੇ ਬਾਵਜੂਦ ਕਿਸੇ ਵੀ ਸੰਵਿਧਾਨਿਕ ਸ਼ਕਤੀ ਨੇ ਕਦੇ ਕੋਈ ਸਰਕਾਰ ਭੰਗ ਕਰਨ ਦੀ ਲੋੜ ਨਹੀਂ ਸਮਝੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਨਵੰਬਰ 1984 ਸਿੱਖ ਨਸਲਕਸੀ ਪੀੜਤਾ , ਮਨੁੱਖੀ ਅਧਿਕਾਰ ਸੰਸਥਾ ਨੇ ਨਵੰਬਰ 1984 ਕਤਲੇਆਮ ਨੂੰ ਸਿੱਖ ਕੌਮ ਦੀ ਨਸਲਕੁਸ਼ੀ ਐਲਾਨ ਕਰਵਾਉਣ ਲਈ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਉਸ ਵੇਲੇ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਤੱਕ ਪਹੁੰਚ ਕੀਤੀ ਤੇ ਅਖੀਰ 8ਜਨਵਰੀ 2008 ਨੂੰ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਸ ਕਰਨੈਲ ਸਿੰਘ ਪੀਰਮੁਹੰਮਦ ਦੀ ਅਗਵਾਈ ਵਿੱਚ ਜਥੇਦਾਰ ਵੇਦਾਤੀ ਨੂੰ ਮਿਲੇ ਵਫਦ ਦੀ ਹਾਜਰੀ ਵਿੱਚ ਸਿੰਘ ਸਾਹਿਬ ਜੀ ਨੇ ਇਸ ਭਿਆਨਕ ਕਤਲੇਆਮ ਨੂੰ ਨਸਲਕੁਸ਼ੀ ਐਲਾਨਿਆ ਤੇ ਕੌਮ ਨੂੰ ਹੁਕਮਨਾਮਾ ਜਾਰੀ ਕਰਕੇ ਕਿਹਾ ਕਿ 1 ਨਵੰਬਰ 1984 ਨਾ ਭੁੱਲਣ ਯੋਗ ਨਾ ਬਖਸ਼ਣ ਯੋਗ ਦਿੱਲੀ ਸਿੱਖ ਕਤਲੇਆਮ ਸਿੱਖਾਂ ਨੂੰ ਪਛਾਣ ਪਛਾਣ ਕੇ ਗਲਾ ਵਿੱਚ ਟਾਇਰ ਪਾ ਕੇ ਸਿੱਖ ਸਾੜੇ ਗਏ ਅਤੇ ਸਿੱਖਾਂ ਦੇ ਘਰਾਂ ਦੇ ਘਰ ਅਤੇ ਫੈਕਟਰੀਆਂ ਸਾੜ ਦਿੱਤੀਆਂ ਗਈਆਂ ਅਤੇ ਜੋ ਪਰਿਵਾਰ ਘਰਾਂ ਵਿੱਚ ਬੈਠੇ ਸਨ ਆਪਣੇ ਬੱਚਿਆਂ ਬੱਚੀਆਂ ਨਾਲ ਉਹਨਾਂ ਨੂੰ ਘਰਾਂ ਵਿੱਚੋਂ ਕੱਢ ਕੇ ਸਾਰੇ ਪਰਿਵਾਰਾਂ ਨੂੰ ਜਿਉਂਦਿਆਂ ਨੂੰ ਤੇਲ ਪਾ ਕੇ ਸਾੜ ਦਿੱਤਾ ਗਿਆ ਤੇ ਆਪਣੀਆਂ ਮਾਵਾਂ ਧੀਆਂ ਦੀ ਬੇਪੱਤੀ ਕੀਤੀ ਗਈ ਉਸ ਸਮੇਂ ਦੀਆਂ ਜ਼ਾਲਮ ਹਕੂਮਤਾਂ ਨੇ ਬਹੁਤ ਜਿਆਦਾ ਜ਼ੁਲਮ ਕੀਤੇ ਸਿੱਖਾਂ ਦੀ ਨਸਲ ਕੁਸ਼ੀ ਕੀਤੀ ਗਈ ਜਿਸ ਦਾ ਸਾਨੂੰ ਅੱਜ ਤੱਕ ਕੋਈ ਇਨਸਾਫ ਨਹੀਂ ਮਿਲਿਆ

ਸਾਨੂੰ 1 ਨਵੰਬਰ ਨੂੰ ਸਿੱਖਾਂ ਦੀ ਨਸਲ ਕੁਸ਼ੀ ਨੂੰ ਯਾਦ ਕਰਨਾ ਚਾਹੀਦਾ ਹੈ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਸ ਕਰਨੈਲ ਸਿੰਘ ਪੀਰਮੁਹੰਮਦ ਨੇ ਮਨੁੱਖੀ ਅਧਿਕਾਰ ਸੰਸਥਾ ਅਤੇ ਆਪਣੇ ਸਾਥੀਆਂ ਨਾਲ 5 ਨਵੰਬਰ 2007 ਨੂੰ ਵੱਡਾ ਇਕੱਠ ਗੁਰਦੁਆਰਾ ਰਕਾਬ ਗੰਜ ਸਾਹਿਬ ਦਿੱਲੀ ਵਿਖੇ ਕੀਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿੱਚ ਅਰਦਾਸ ਕਰਕੇ ਹਰ ਦਿਨ ਸੰਘਰਸ ਕਰਨ ਦਾ ਐਲਾਨ ਕੀਤਾ ਲਗਾਤਾਰ ਗਵਾਹਾ ਦੀ ਖੋਜ ਕਰਦਿਆ ਆਪਣੇ ਨਿਕਟਵਰਤੀ ਸਾਥੀ ਦਵਿੰਦਰ ਸਿੰਘ ਸੋਢੀ ਰਾਹੀ ਪਹਿਲਾ ਬੀਬੀ ਨਿਰਪ੍ਰੀਤ ਕੌਰ ਨਾਲ ਸੰਪਰਕ ਕੀਤਾ ਫਿਰ ਬੀਬੀ ਜਗਦੀਸ਼ ਕੌਰ ਨਾਲ ਫਿਰ ਜੰਗਸ਼ੇਰ ਸਿੰਘ ਗਿਆਨੀ ਸੁਰਿੰਦਰ ਸਿੰਘ ਜਸਬੀਰ ਸਿੰਘ , ਗੁਰਚਰਨ ਸਿੰਘ ਰਿਸੀ ਤੇਜਿੰਦਰ ਸਿੰਘ ਬਲੋਗੀ ਗੁਰਚਰਨ ਸਿੰਘ ਕੋਹਲੀ ਡੇਰਾ ਬੱਸੀ ਜਸਬੀਰ ਸਿੰਘ ਲਖਵਿੰਦਰ ਕੌਰ ਤੱਕ ਪਹੁੰਚ ਕੀਤੀ ਤੇ ਉਹਨਾਂ ਨੂੰ ਅਦਾਲਤਾ ਤੱਕ ਲੈਕੇ ਗਏ ਗਵਾਹੀਆ ਹੋਈਆ ਪਰ ਸੈਸਨ ਅਦਾਲਤ ਕੜਕੜਡੂਮਾਂ ਨੇ ਸੱਜਣ ਕੁਮਾਰ ਨੂੰ ਬਰੀ ਕਰ ਦਿੱਤਾ ਜਿਸ ਦਾ ਸਖਤ ਵਿਰੋਧ ਕਰਦਿਆ ਫੈਡਰੇਸ਼ਨ ਪ੍ਰਧਾਨ ਭਾਈ ਕਰਨੈਲ ਸਿੰਘ ਪੀਰਮੁਹੰਮਦ ਨੇ ਅਦਾਲਤ ਵਿੱਚ ਸੱਜਣ ਕੁਮਾਰ ਦੇ ਜੁੱਤੀ ਮਾਰੀ ਜੋ ਕਿ ਜੱਜ ਸਾਹਿਬ ਦੇ ਤਰਫ ਜਾ ਗਿਰੀ ਇਸ ਦੋਸ ਵਿੱਚ ਪੀਰਮੁਹੰਮਦ ਨੂੰ ਮੌਕੇ ਤੇ ਗ੍ਰਿਫ਼ਤਾਰ ਕਰਕੇ ਤਿਹਾੜ ਜੇਲ ਭੇਜ ਦਿੱਤਾ ਗਿਆ ਸੱਜਣ ਕੁਮਾਰ ਨੂੰ ਸਜਾ ਦਿਵਾਉਣ ਲਈ ਉਪਰਲੀ ਅਦਾਲਤ ਤੱਕ ਅਪੀਲ ਕੀਤੀ ਗਈ ਤੇ ਅਖੀਰ ਉਸੇ ਫੈਸਲੇ ਨੂੰ ਪਲਟਦਿਆ ਹਾਈਕੋਰਟ ਨੇ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜਾ ਸੁਣਾਈ ਸੁਪਰੀਮ ਕੋਰਟ ਨੇ ਵੀ ਹਾਈਕੋਰਟ ਦੇ ਫੈਸਲੇ ਤੇ ਮੋਹਰ ਲਗਾਈ ਸੱਜਣ ਕੁਮਾਰ ਅੱਜਕੱਲ੍ਹ ਜੇਲ ਵਿੱਚ ਹੈ ਕਨੂੰਨੀ ਤੌਰ ਤੇ ਐਚ ਅਐਸ ਫੂਲਕਾ ਨਵਕਿਰਨ ਸਿੰਘ ਆਰ ਐਸ ਚੀਮਾ ਗੁਰਬਖਸ ਸਿੰਘ ਕਾਮਨਾ ਵੋਹਰਾ ਨੇ ਬੜੀ ਸਿਦਤ ਨਾਲ ਕਨੂੰਨੀ ਲੜਾਈ ਲੜੀ । ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ 18 ਫਰਵਰੀ 2011 ਨੂੰ ਹੋਂਦ ਚਿੱਲੜ ਪਿੰਡ ਲੱਭਿਆ ਇਸ ਵਿੱਚ ਉਹਨਾ ਦਾ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਐਮ ਐਲ ਏ ਅਤੇ ਭਾਈ ਦਰਸ਼ਨ ਸਿੰਘ ਘੋਲੀਆ ਨੇ ਸਾਥ ਦਿੱਤਾ । 6 ਮਾਰਚ 2011 ਨੂੰ ਹੋਂਦ ਚਿੱਲੜ ਵਿਖੇ ਵੱਡਾ ਇਕੱਠ ਕੀਤਾ ਗਿਆ ਉਸ ਵੇਲੇ ਦੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ ਸਹੀਦੀ ਯਾਦਗਾਰ ਦਾ ਨੀਂਹ ਪੱਥਰ ਰੱਖਿਆ ਐਸ ਜੀ ਪੀ ਸੀ ਨੇ ਕਾਰਸੇਵਾ ਕਰਕੇ ਸਹੀਦੀ ਯਾਦਗਾਰ ਬਣਾਉਣ ਦਾ ਐਲਾਨ ਕੀਤਾ ਪਰ ਅਜੇ ਤੱਕ ਉਹ ਸਹੀਦੀ ਯਾਦਗਾਰ ਨਹੀ ਬਣ ਸਕੀ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਇਸ ਪਾਸੇ ਧਿਆਨ ਦੇਣ ਦੀ ਬੇਹੱਦ ਲੋੜ ਹੈ ।

ਸਾਡੇ ਦੇਸ਼ ਨੂੰ ਬਰਤਾਨੀਆ ਤੋਂ ਸਬਕ ਸਿੱਖਣਾ ਚਾਹੀਦਾ ਹੈ ਜਿਸ ਨੇ ਸਾਲ 2011 ਦੌਰਾਨ ਦੇਸ਼ ਅੰਦਰ ਵਾਪਰੇ ਦੰਗਿਆਂ ਦੇ ਦੋਸ਼ੀਆਂ ਨੂੰ ਸਿਰਫ਼ 90 ਦਿਨਾਂ ਵਿਚ ਸਖ਼ਤ ਸਜ਼ਾਵਾਂ ਦਿੱਤੀਆਂ ਸਨ। ਸੱਚ ਤਾਂ ਇਹ ਹੈ ਕਿ ਭਾਰਤੀ ਨਿਆਂਪਾਲਿਕਾ ਕੋਲ ਦੰਗਿਆਂ ਦੌਰਾਨ ਬਲਾਤਕਾਰੀਆਂ, ਲੁਟੇਰਿਆਂ ਅਤੇ ਕਾਤਲਾਂ ਨੂੰ ਸਜ਼ਾਵਾਂ ਦੇਣ ਲਈ ਢੁੱਕਵੇਂ ਕਾਨੂੰਨ ਵੀ ਨਹੀਂ ਹਨ। ਹੇਠਲੀਆਂ ਅਦਾਲਤਾਂ ਦੀਆਂ ਨਿਗੂਣੀਆਂ ਜਿਹੀਆਂ ਸਜ਼ਾਵਾਂ ਨੂੰ ਵੀ ਦੋਸ਼ੀ ਉੱਪਰਲੀਆਂ ਅਦਾਲਤਾਂ ਵਿਚ ਚੁਣੌਤੀ ਦੇ ਕੇ ’ਸ਼ੱਕ ਦੇ ਆਧਾਰ’ ਉੱਤੇ ਬਰੀ ਹੋ ਜਾਂਦੇ ਹਨ। ਸਭ ਤੋਂ ਵੱਡੀ ਖ਼ਾਮੀ ਇਹ ਹੈ ਕਿ ਦੰਗਿਆਂ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਲਈ ਪੀੜਤ ’ਤੇ ਇਹ ਜ਼ਿੰਮੇਵਾਰੀ ਪਾਈ ਜਾਂਦੀ ਹੈ ਕਿ ਉਹ ਦੋਸ਼ੀ ਨੂੰ ਦੋਸ਼ੀ ਸਾਬਤ ਕਰੇ, ਪਰ ਦੰਗਿਆਂ ਵਿਚ ਜਦੋਂ ਸਮੂਹਿਕ ਤੌਰ ’ਤੇ ਹਿੰਸਕ ਭੀੜਾਂ ਲੋਕਾਂ ’ਤੇ ਜਾਨਲੇਵਾ ਹਮਲੇ ਕਰਦੀਆਂ ਹਨ, ਤਾਂ ਪੀੜਤ ਕਿਸ ਦੀ ਗੋਲੀ, ਲਾਠੀ ਜਾਂ ਜਾਨਲੇਵਾ ਹਮਲੇ ਦਾ ਸ਼ਿਕਾਰ ਹੋਇਆ, ਇਹ ਸਾਬਤ ਕਰਨਾ ਬਹੁਤ ਔਖਾ ਹੁੰਦਾ ਹੈ। ਦੰਗਿਆਂ ਦੇ ਸਬੂਤ ਇਕੱਠੇ ਕਰਨੇ ਬਹੁਤ ਔਖਾ ਕੰਮ ਹੈ। ਇਸ ਲਈ ਫ਼ਿਰਕੂ ਦੰਗਿਆਂ ਨੂੰ ਰੋਕਣ ਲਈ ਅਤੇ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਦੇਣ ਲਈ ਸਖ਼ਤ ਕਾਨੂੰਨੀ ਪ੍ਰਬੰਧ ਕਰਨਾ ਨਿਹਾਇਤ ਜ਼ਰੂਰੀ ਹੈ। ਕਿਸੇ ਦੋਸ਼ੀ ਨੂੰ ਸਜ਼ਾ ਦਿਵਾਉਣ ਲਈ ਪੀੜਤ ਉੱਤੇ ਭਾਰ ਪਾਉਣ ਦੀ ਬਜਾਇ ਕਾਨੂੰਨ ਦੁਆਰਾ ਦੋਸ਼ੀ ਅੱਗੇ ਇਹ ਸਵਾਲ ਖੜ੍ਹਾ ਕੀਤਾ ਜਾਵੇ ਕਿ ਉਹ ਆਪਣੀ ਬੇਗੁਨਾਹੀ ਸਾਬਤ ਕਰੇ। ਸਾਡੇ ਦੇਸ਼ ਵਿਚ ਘੱਟ-ਗਿਣਤੀਆਂ ਅਤੇ ਹੋਰ ਦੱਬੇ-ਕੁਚਲੇ ਵਰਗਾਂ ਦੇ ਹਿਤਾਂ ਦੀ ਸੁਰੱਖਿਆ ਲਈ ਕੇਂਦਰ ਅਤੇ ਸੂਬਾ ਪੱਧਰੀ ਕਮਿਸ਼ਨਾਂ ਦੀ ਘਾਟ ਨਹੀਂ ਹੈ ਪਰ ਅਜਿਹੇ ਕਮਿਸ਼ਨਾਂ ਦੀਆਂ ਤਾਕਤਾਂ ਸੀਮਤ ਹੋਣ ਕਾਰਨ ਅਤੇ ਇਨ੍ਹਾਂ ਕਮਿਸ਼ਨਾਂ ’ਤੇ ਵੀ ਸੱਤਾਧਾਰੀਆਂ ਵਲੋਂ ਆਪਣੇ ਸਿਆਸੀ ਹਿਤਾਂ ਦੀ ਪੂਰਤੀ ਲਈ ਚਹੇਤਿਆਂ ਨੂੰ ਕਾਬਜ਼ ਕਰਨ ਕਰਕੇ, ਅਜਿਹੇ ਕਮਿਸ਼ਨ ਘੱਟ-ਗਿਣਤੀਆਂ ਦੇ ਹਿਤਾਂ ਦੀ ਸੁਰੱਖਿਆ ’ਚ ਸਹਾਈ ਨਹੀਂ ਹੁੰਦੇ। ਅਜਿਹੇ ਕਮਿਸ਼ਨਾਂ ਦੀ ਪ੍ਰਸੰਗਿਕਤਾ ਵੀ ਪੁਨਰ-ਨਿਰਧਾਰਿਤ ਕਰਨ ਦੀ ਲੋੜ ਹੈ।

ਸਿੱਖ ਕੌਮ 1984 ਦੇ ਕਤਲੇਆਮ ਰੂਪੀ ਨਾਸੂਰ ਦੇ ਦਰਦ ਵਿਚੋਂ ਉੱਭਰ ਕੇ ਮੁੜ ਭਾਰਤ ਦੀ ਤਰੱਕੀ ’ਚ ਬਰਾਬਰ ਦੀ ਭਾਈਵਾਲ ਬਣ ਕੇ ਆਪਣੇ ਆਪ ਨੂੰ ਬਰਾਬਰ ਦੇ ਸ਼ਹਿਰੀ ਮਹਿਸੂਸ ਕਰ ਸਕੇ, ਇਸ ਦੇ ਲਈ ਦੇਸ਼ ਦੀ ਸਮੁੱਚੀ ਪਾਰਲੀਮੈਂਟ ਨੂੰ ਸਰਕਾਰੀ ਸਰਪ੍ਰਸਤੀ ਹੇਠ ਹੋਏ ’ਸਿੱਖ ਵਿਰੋਧੀ ਕਤਲੇਆਮ’ ਲਈ ਬਿਨਾਂ ਸ਼ਰਤ ਮੁਆਫ਼ੀ ਮੰਗਣੀ ਚਾਹੀਦੀ ਹੈ। ਸਿੱਖਾਂ ਅਤੇ ਪੰਜਾਬ ਦੇ ਉਨ੍ਹਾਂ ਚਿਰੋਕਣੇ ਮਸਲਿਆਂ ਨੂੰ ਵੀ ਫ਼ੌਰੀ ਹੱਲ ਕਰਨਾ ਚਾਹੀਦਾ ਹੈ, ਜਿਹੜੇ 1984 ਦੇ ਘੱਲੂਘਾਰਿਆਂ ਦੀ ਪਿੱਠ-ਭੂਮੀ ਨਾਲ ਜੁੜੇ ਹੋਏ ਹਨ।

**-ਤਲਵਿੰਦਰ ਸਿੰਘ ਬੁੱਟਰ**
ਫ਼ੋਨ: 98780-70008

### ਪਿੰਡ ਮਾਣੂੰਕੇ ਬਾਬਾ ਕਾਲਾ ਮਹਿਰ ਜੀ ਦੇ

# ਸਲਾਨਾ ਮੇਲੇ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਭਰੀ ਹਾਜ਼ਰੀ





**ਜਗਰਾਉਂ/ਰਾਏਕੋਟ -(ਵਰਿਆਮ ਹਠੂਰ)**-ਜ਼ਿਲ੍ਹਾ ਲੁਧਿਆਣਾ ਦੇ ਪਿੰਡ ਮਾਣੂੰਕੇ ਵਿਖੇ ਬਾਬਾ ਕਾਲਾ ਮਹਿਰ ਜੀ ਦੇ ਸਥਾਨ ਤੇ ਹਰ ਸਾਲ ਦੀ ਤਰ੍ਹਾਂ ਸਲਾਨਾ ਮੇਲੇ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਆਪਣੀ ਹਾਜ਼ਰੀ ਭਰੀ ਤੇ ਦਰਸ਼ਨ ਦੀਦਾਰੇ ਕੀਤੇ, ਬਾਬਾ ਕਾਲਾ ਮਹਿਰ ਜੀ ਦੇ ਸਥਾਨਾਂ ਤੇ ਸ਼ਰਧਾਲੂਆਂ ਦੀਆਂ ਦਰਸ਼ਨਾਂ ਲਈ ਅਤੇ ਸੁੱਖਾਂ ਚੜ੍ਹਾਉਣ ਲਈ ਲੰਬੀਆਂ ਕਤਾਰਾਂ ਵੇਖਣ ਨੂੰ ਮਿਲੀਆਂ, ਜਿੱਥੇ ਨਵੇਂ ਵਿਆਹੇ ਜੋੜਿਆਂ ਨੇ ਆਪਣੀਆਂ ਸੁੱਖਾਂ ਉਤਾਰੀਆਂ ਉੱਥੇ ਪੁੱਜੇ ਬਹੁ ਗਿਣਤੀ ਸ਼ਰਧਾਲੂਆਂ ਨੇ ਸੁੱਖਾਂ ਸੁੱਖੀਆਂ ਤੇ ਮਿੱਟੀ ਕੱਢੀ, ਢੋਲ ਦੇ ਡੱਗਿਆਂ ਦੀਆਂ ਅਵਾਜ਼ਾਂ ਦੂਰ ਦੂਰ ਤੱਕ ਗੂੰਜਦੀਆਂ ਰਹੀਆਂ, ਤੇ ਸ਼ਰਧਾਲੂ ਝੂਮਦੇ ਨਜ਼ਰ ਆਏ, ਸ਼ਰਧਾਲੂਆਂ ਨੇ ਦੀਵੇ ਮੋਮਬੱਤੀਆਂ ਜਗਾਈਆਂ ਤੇ ਜਿੰਨ੍ਹਾਂ ਦੇ ਘਰ ਪੁੱਤਰ ਹੋਏ ਉਨ੍ਹਾਂ ਨੇ ਸਿਹਰੇ ਚੜ੍ਹਾਏ ਤੇ ਜਿੰਨ੍ਹਾਂ ਨੂੰ ਦੁੱਧ ਦੀਆਂ ਦਾਤਾਂ ਮਿਲੀਆਂ ਉਨ੍ਹਾਂ ਨੇ ਵੀ ਆਪਣੀਆਂ ਸੁੱਖਾਂ ਚੜ੍ਹਾਈਆਂ, ਸਬੰਧਤ ਪ੍ਰਬੰਧਕ ਕਮੇਟੀ ਵੱਲੋਂ ਜਿੱਥੇ ਸਾਫ ਸਫ਼ਾਈਆਂ ਅਤੇ ਸਜਾਵਟਾਂ ਦੇ ਵਧੀਆ ਪ੍ਰਬੰਧ ਕੀਤੇ ਗਏ, ਉੱਥੇ ਸੇਵਾਦਾਰਾਂ ਵੱਲੋਂ ਵੀ ਤਨ ਮਨ ਧਨ ਨਾਲ ਸੇਵਾਵਾਂ ਕੀਤੀਆਂ, ਜਿੱਥੇ ਬਾਬਾ ਕਾਲਾ ਮਹਿਰ ਜੀ ਦੇ ਸਥਾਨ ਤੇ ਲੰਗਰ ਅਤੁੱਟ ਵਰਤਿਆ ਉੱਥੇ ਬਾਹਰ ਰੋਡ ਤੇ ਹਰ ਸਾਲ ਦੀ ਤਰ੍ਹਾਂ ਪਿੰਡ ਮਾਣੂੰਕੇ ਦੇ ਸੇਵਾਦਾਰਾਂ ਵੱਲੋਂ ਨਗਰ ਨਿਵਾਸੀਆਂ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਚਾਹ ਪਕੌੜਿਆਂ ਦੇ ਵੱਡੇ ਲੰਗਰ ਚਲਾਏ ਗਏ, ਜੋ ਸੁਵਾ ਤੋਂ ਸ਼ਾਮ ਤੱਕ ਚਲਦੇ ਰਹੇ, ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਦੀਸ਼ਾ ਮਾਣੂੰਕੇ ਅਤੇ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਨੇ ਸਲਾਨਾ ਮੇਲੇ ਮੌਕੇ ਵੱਡੀ ਗਿਣਤੀ ਵਿੱਚ ਇਕੱਤਰ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ, ਗੱਲਬਾਤ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ ਅਤੇ ਯੂਥ ਆਗੂ ਜਗਰਾਜ ਸਿੰਘ ਰਾਜਾ ਮਾਣੂੰਕੇ ਨੇ ਕਿਹਾ ਕਿ ਧੰਨ ਧੰਨ ਬਾਬਾ ਕਾਲਾ ਮਹਿਰ ਜੀ ਦੇ ਸਲਾਨਾ ਮੇਲੇ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਦਰਸ਼ਨਾਂ ਲਈ ਅਤੇ ਸੁੱਖਾਂ ਚੜ੍ਹਾਉਣ ਲਈ ਪੁੱਜੀਆਂ ਹਨ ਅਤੇ ਅਨੇਕਾਂ ਸੰਗਤਾਂ ਦੁੱਧ ਲਈ, ਪੁੱਤ ਲਈ, ਤੰਦਰੁਸਤੀ, ਤਰੱਕੀ ਅਤੇ ਆਪਣੇ ਹੋਰ ਕਾਰੋਬਾਰਾਂ ਦੇ ਵਾਧੇ ਲਈ ਸੁੱਖਾਂ ਸੁੱਖਦੇ ਹਨ ਤੇ ਸੰਗਤਾਂ ਦੀਆਂ ਸੁੱਖਾਂ ਪੂਰੀਆਂ ਹੁੰਦੀਆਂ ਹਨ। ਤੇ ਸੰਧੂ ਪਰਿਵਾਰ ਦੂਰੋਂ ਨੇੜਿਉਂ ਦੀਵਾਲੀ ਤੋਂ ਦੂਸਰੇ ਦਿਨ ਏਕਮ ਵਾਲੇ ਦਿਨ ਬਾਬਾ ਕਾਲਾ ਮਹਿਰ ਜੀ ਦੇ ਸਥਾਨ ਤੇ ਮਿੱਟੀ ਕੱਢਦੇ ਹਨ। ਤੇ ਸ਼ਰਧਾ ਨਾਲ ਦਰਸ਼ਨ ਦੀਦਾਰੇ ਕਰਦੇ ਹਨ ਤੇ ਸੇਵਾਵਾਂ ਕਰਦੇ ਹਨ। ਸਲਾਨਾ ਮੇਲੇ ਮੌਕੇ ਹਾਜ਼ਰੀਆਂ ਭਰਨ ਵਾਲੀਆਂ ਸਮੂਹ ਸੰਗਤਾਂ ਦਾ ਧੰਨਵਾਦ, ਇਸ ਮੌਕੇ ਪ੍ਰਬੰਧਕ ਕਮੇਟੀ ਵਿੱਚ ਪ੍ਰਧਾਨ ਜਗਦੀਸ਼ ਸਿੰਘ ਦੀਸ਼ਾ ਮਾਣੂੰਕੇ, ਕੁਲਦੀਪ ਸਿੰਘ, ਚਰਨ ਸਿੰਘ ਫੌਜੀ, ਗੁਰਦੇਵ ਸਿੰਘ, ਇਕਬਾਲ ਸਿੰਘ, ਸੁਖਵਿੰਦਰ ਸਿੰਘ, ਮੇਜਰ ਸਿੰਘ, ਪਲਜਿੰਦਰ ਸਿੰਘ, ਰਾਜਵਿੰਦਰ ਸਿੰਘ, ਇੰਦਰਜੀਤ ਸਿੰਘ, ਸੀਰਾ ਪੰਨੂੰ, ਮੱਖਣ ਸਿੰਘ, ਚਮਕੌਰ ਸਿੰਘ, ਲਖਵੀਰ ਸਿੰਘ, ਅਮਰਜੀਤ ਸਿੰਘ ਅੰਬੀ, ਅਤੇ ਨਗਰ ਮਾਣੂੰਕੇ ਦੇ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਸੀਨੀਅਰ ਕਾਂਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਯੂਥ ਆਗੂ ਜਗਰਾਜ ਸਿੰਘ ਰਾਜਾ ਮਾਣੂੰਕੇ, ਸੇਵਾਦਾਰ ਜਗਸੀਰ ਸਿੰਘ, ਜਸਵੰਤ ਸਿੰਘ ਐੱਲ ਜੀ, ਕੁਲਦੀਪ ਸਿੰਘ, ਹੈਰੀ, ਜਸ਼ਨ, ਗੇਜਾ, ਜਸਪ੍ਰੀਤ ਸਿੰਘ ਕਾਕਾ, ਜਗਸੀਰ ਸਿੰਘ, ਕਲਵੰਤ ਸਿੰਘ, ਨਵਦੀਪ ਸਿੰਘ ਸ਼ੰਮੀ, ਚਾਹ ਪਕੌੜਿਆਂ ਦੇ ਲੰਗਰ ਵਾਲੇ ਸੇਵਾਦਾਰਾਂ ਵਿੱਚ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਅਮਰਜੀਤ ਸਿੰਘ ਬਬਰਾ ਮਾਣੂੰਕੇ, ਪ੍ਰਧਾਨ ਹੈਪੀ ਮਾਣੂੰਕੇ, ਇੰਦਰਜੀਤ ਸਿੰਘ ਮੈਂਬਰ ਪੰਚਾਇਤ, ਦਲਵੀਰ ਸਿੰਘ ਰਿੰਕੂ ਮੈਂਬਰ ਪੰਚਾਇਤ, ਹਰਪ੍ਰੀਤ ਸਿੰਘ ਹੈਪੀ ਕਬੱਡੀ (ਖਿਡਾਰੀ) ਹਰਦੇਵ ਸਿੰਘ ਮੈਂਬਰ ਪੰਚਾਇਤ, ਅਮਨਦੀਪ ਸਿੰਘ (ਵਿੱਕੀ ) ਮਨਿੰਦਰਪਾਲ ਸਿੰਘ, ਰਵੀਸ਼ੇਰ ਸਿੰਘ, ਸੰਦੀਪ ਸਿੰਘ, ਕਾਲਾ ਜਾਦੂ, ਹਰਮਨ ਸਿੰਘ, ਸੇਵਾਦਾਰ ਬੂਟਾ ਸਿੰਘ, ਗੋਪੀ ਭੱਠਲ, ਅਮਰਜੀਤ ਸਿੰਘ (ਬਬਰਾ) ਸਵਰਨ ਸਿੰਘ ਫੌਜੀ, ਸੁਖਦੇਵ ਸਿੰਘ, ਅਵਤਾਰ ਸਿੰਘ (ਸੰਘਾ), ਜਗਦੇਵ ਸਿੰਘ, ਪਾਲੀ ਲੱਭਾ ਬਾਬਾ, ਲਿਲੀ, ਬੂਟਾ ਪ੍ਰਧਾਨ, ਬੂਟਾ ਮੱਕੇ ਕਾ, ਮਲਕੀਤ ਸਿੰਘ, ਅਨਮੋਲ ਸਿੰਘ, ਗੁਰਜੋਤ ਸਿੰਘ, ਗੁਰਪ੍ਰੀਤ ਸਿੰਘ ਬੱਬੂ ਸਮੇਤ ਅਨੇਕਾਂ ਸ਼ਰਧਾਲੂ ਹਾਜ਼ਰ ਸਨ।



**ਨਵੇਂ ਵਿਆਹੇ ਜੋੜਿਆਂ ਸਮੇਤ ਦੂਰੋਂ ਨੇੜਿਉਂ ਸੰਗਤਾਂ ਨੇ ਕੀਤੇ ਦਰਸ਼ਨ ਦੀਦਾਰੇ ਤੇ ਚੜ੍ਹਾਈਆਂ ਸੁੱਖਾਂ**

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ ਗੁਰਦੁਆਰਾ ਨਾਨਕਸਰ ਜੀ ਤੋਂ ਵਿਸ਼ਾਲ ਨਗਰ ਕੀਰਤਨ 12 ਨਵੰਬਰ ਨੂੰ ਬਾਬਾ ਬਿਬੇਕ ਸਿੰਘ

**ਜੰਡਿਆਲਾ ਗੁਰੂ 3 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੋਂ 12 ਨਵੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ 09 ਵਾਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਗੁਰਦੁਆਰਾ ਨਾਨਕਸਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ 12 ਨਵੰਬਰ ਨੂੰ ਨਗਰ ਕੀਰਤਨ ਸਜਾਇਆ ਜਾਵੇਗਾ ਅਤੇ 17 ਨਵੰਬਰ ਨੂੰ ਲੋੜਵੰਦ ਬੱਚੀਆਂ ਦੇ ਆਨੰਦ ਕਾਰਜ ਕੀਤੇ ਜਾਣਗੇ ਅੱਗੇ ਉਨ੍ਹਾ ਕਿਹਾ ਕਿ ਨਗਰ ਕੀਰਤਨ ਗੁ:ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੋਂ ਆਰੰਭ ਹੋ ਕੇ ਪਿੰਡ ਗੋਰੇਵਾਲ, ਗੁੰਨੋਵਾਲ, ਮੱਲੀਆਂ , ਤਾਰਾਗੜ੍ਹ (ਤਲਾਵਾਂ) ਤਿੰਮੋਵਾਲ ਗ:ਬਾਬਾ ਗੁਰਦਿੱਤਾ ਜੀ ਤੋਂ ਹੁੰਦਾ ਹੋਇਆ ਏਕਲਗੱਡਾ, ਦੀਨੇਵਾਲ, ਜਹਾਂਗੀਰ ਧਾਰੜ ਜੰਡਿਆਲਾ ਗੁਰੂ ਸਰਾਂ ਰੋਡ, ਤੋਂ ਹੁੰਦਾ ਹੋਇਆ ਜੀ ਟੀ ਰੋਡ ਤੇ ਸਥਿਤ ਸ੍ਰੀ ਗੁਰੂ ਤੇਗ ਬਹਾਦਰ ਕਲੋਨੀ ਵਿਖੇ ਪਹੁੰਚੇਗਾ ਅਤੇ ਉਪਰੰਤ ਗੁਰਦੁਆਰਾ ਨਾਨਕਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਸਮਾਪਤੀ ਹੋਵੇਗੀ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕਰਦਿਆਂ ਹੋਇਆਂ ਕਿਹਾ ਕਿ ਜਿਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਨੇ ਗੱਡੀਆਂ ਟਰੈਕਟਰ ਟਰਾਲੀਆਂ ਅਤੇ ਹੋਰ ਸਾਧਨ ਬਖਸ਼ੇ ਹਨ ਉਹ ਸੰਗਤਾਂ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਸੰਗਤਾਂ ਦੀਆਂ ਅਤੇ ਆਪਣੀਆਂ ਹਾਜ਼ਰੀਆਂ ਲਗਵਾ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਜੀ।



ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰਿੰ: ਰਘਬੀਰ ਸਿੰਘ ਸੋਹਲ ਦੀ ਕਾਵਿ ਪੁਸਤਕ "ਤਰਕ ਤੇ ਤਕਰਾਰ' ਲੋਕ ਅਰਪਿਤ



**ਚੌਕ ਮਹਿਤਾ, 3 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 39 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਚੂੰਗ (ਮਹਿਤਾ ਚੌਕ) (ਅੰਮ੍ਰਿਤਸਰ) ਕਰਵਾਇਆ ਗਿਆ । ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸਕੱਤਰ ਦੀਪ ਦਵਿੰਦਰ ਸਿੰਘ, ਡਾ: ਅਨੂਪ ਸਿੰਘ (ਸਾ: ਸੀ: ਮੀਤ ਪ੍ਰਧਾਨ ਪੰਜਾਬੀ ਸਾਹਿਤ ਅਕੈਡਮੀ), ਸ਼ਾਇਰ ਵਿਸ਼ਾਲ, ਮਾ: ਮਨਜੀਤ ਸਿੰਘ ਵੱਸੀ (ਦੋਨੋਂ ਕਾਰਜਕਾਰਨੀ ਮੈਂਬਰ ਕੇ.ਪੰ.ਲੇ. ਸਭਾ), ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਗਿਆਨੀ ਗੁਲਜ਼ਾਰ ਸਿੰਘ ਖੇੜਾ (ਪ੍ਰਧਾਨ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ), ਬਾਬਾ ਜਗਜੀਤ ਸਿੰਘ ਬੱਦੋਵਾਲ, ਡਾ: ਸੰਤੋਖ ਸਿੰਘ ਭੋਮਾ, ਸਰਪੰਚ ਪਰਮਜੀਤ ਸਿੰਘ ਸੰਧੂ, ਗਾਇਕ ਅਤੇ ਸੰਗੀਤਕਾਰ ਹਰਿੰਦਰ ਸੋਹਲ, ਸੁਖਦੇਵ ਸਿੰਘ ਭੁੱਲਰ ਸਾ: ਸੀ: ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਮਨਜੀਤ ਸਿੰਘ ਸੋਹਲ ਅੰਮ੍ਰਿਤਸਰ ਅਤੇ ਸਕੂਲ ਦੇ ਪ੍ਰਿੰਸੀਪਲ ਤੇਜਬੀਰ ਸਿੰਘ ਸੋਹਲ ਸ਼ੁਸ਼ੋਭਿਤ ਹੋਏ । ਮੰਚ ਸੰਚਾਲਨ ਕਰਦਿਆਂ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਸਮੁੱਚੇ ਸਮਾਗਮ ਨੂੰ ਤਰਤੀਬ ਦਿੱਤੀ । ਇਸ ਮੌਕੇ ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ ਦੀ ਕਾਵਿ ਪੁਸਤਕ "ਤਰਕ ਤੇ ਤਕਰਾਰ' ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤੀ ਗਈ । ਉਪਰੰਤ ਪੰਜਾਬ ਭਰ ਵਿਚੋਂ ਵੱਖ ਵੱਖ ਸਾਹਿਤ ਸਭਾਵਾਂ ਵਿਚੋਂ ਪੁਜੇ ਕਵੀਜਨਾਂ ਵੱਲੋਂ ਮਾਂ ਬੋਲੀ ਨੂੰ ਸਮਰਪਿਤ ਕਾਵਿ-ਰਚਨਾਵਾਂ ਦੀ ਛਹਿਬਰ ਲਾਈ ਗਈ । ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਮਨਦੀਪ ਕੌਰ ਰਤਨ, ਸੁਰਿੰਦਰ ਖਿਲਚੀਆਂ, ਮੈਡਮ ਜਸਪ੍ਰੀਤ ਕੌਰ ਸੋਹਲ, ਮੱਖਣ ਭੈਣੀਵਾਲਾ, ਬਖਤੌਰ ਧਾਲੀਵਾਲ, ਲਾਲੀ ਕਰਤਾਰਪੁਰੀ, ਚੰਨ ਬੋਲੇਵਾਲੀਆ, ਵਿਜੈ ਅਗਨੀਹੋਤਰੀ, ਅਜੀਤ ਕਮਲ, ਦਲਜੀਤ ਮਹਿਮੀ, ਸੁਖਦੇਵ ਸਿੰਘ ਗੰਡਵਾਂ, ਮਾ: ਬਲਬੀਰ ਸਿੰਘ ਬੀਰ, ਜਗਦੀਸ਼ ਸਿੰਘ ਬਮਰਾਹ, ਜਸਮੇਲ ਸਿੰਘ ਜੋਧੇ, ਮਾ: ਧਰਮ ਸਿੰਘ ਧਿਆਨਪੁਰ, ਡਾ: ਕੁਲਵੰਤ ਸਿੰਘ ਬਾਠ, ਅਵਤਾਰ ਸਿੰਘ ਗੋਇੰਦਵਾਲੀਆ, ਮਲੂਕ ਸਿੰਘ ਧਿਆਨਪੁਰੀ, ਗੁਰਸ਼ਾਨ ਸਿੰਘ ਧਿਆਨਪੁਰ ਨੇ ਕਾਵਿ ਰਚਾਨਵਾਂ ਪੇਸ਼ ਕੀਤੀਆਂ । ਇਸ ਮੌਕੇ ਕੈਪਟਨ ਸਿੰਘ ਮਹਿਤਾ, ਰਾਜਦੀਪ ਸਿੰਘ, ਵਰਿੰਦਰ ਸਿੰਘ ਬਾਊ, ਧਰਮਿੰਦਰ ਸਿੰਘ ਭੰਮਰਾ, ਬਾਬਾ ਸੁਖਵੰਤ ਸਿੰਘ ਚੰਨਣਕੇ, ਬਲਵਿੰਦਰ ਸਿੰਘ ਅਠੌਲਾ, ਜਤਿੰਦਰ ਸਿੰਘ, ਜਸਵੰਤ ਸਿੰਘ, ਅਰਸ਼ਦੀਪ ਸਿੰਘ, ਗੁਰਪ੍ਰੀਤ ਸਿੰਘ, ਰਮਨਦੀਪ ਕੌਰ, ਰੁਪਿੰਦਰਜੀਤ ਕੌਰ, ਵੰਦਨਾ ਗੁਪਤਾ, ਕੁਲਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਸਰੋਤਿਆਂ ਨੇ ਸਮਾਗਮ ਦਾ ਆਨੰਦ ਮਾਨੀਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅੰਮ੍ਰਿਤਸਰ ਵੱਲੋਂ ਸੇਂਟ ਸੋਲਜਰ ਸਕੂਲ ਚ ਧਾਰਮਿਕ ਪ੍ਰੀਖਿਆ ਕਰਵਾਈ ਗਈ

## ਅਵਲ ਆਏ ਬੱਚਿਆਂ ਨੂੰ ਟਰੌਫੀ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ



**ਜੰਡਿਆਲਾ ਗੁਰੂ, 3 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਇਕ ਇਹੋ ਜਿਹਾ ਅਦਾਰਾ ਹੈ ਜਿੱਥੇ ਬੱਚਿਆਂ ਨੂੰ ਦੁਨਿਆਵੀ ਵਿਦਿਆ ਦੇ ਨਾਲ ਨਾਲ ਉਹਨਾਂ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ , ਬੱਚਿਆਂ ਵਿੱਚ ਚੰਗੇ ਗੁਣ ਪੈਦਾ ਕਰਨ ਲਈ, ਅਤੇ ਬੱਚਿਆਂ ਨੂੰ ਅਧਿਆਤਮਕ ਤੌਰ ਤੇ ਵੀ ਪ੍ਰਭਾਵਸ਼ਾਲੀ ਬਣਾਉਣ ਲਈ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾਂਦੇ ਹਨ ਇਸੇ ਤਹਿਤ ਸਕੂਲ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅੰਮ੍ਰਿਤਸਰ ਵੱਲੋਂ ਧਾਰਮਿਕ ਪ੍ਰੀਖਿਆ ਕਰਵਾਈ ਗਈ ਜਿਸ ਤਹਿਤ ਬੱਚਿਆਂ ਨੂੰ ਸਿਲੇਬਸ ਦਿੱਤਾ ਗਿਆ ਅਤੇ ਉਹਨਾਂ ਦੀ ਪ੍ਰੀਖਿਆ ਲਈ ਗਈ। ਜਿਸ ਤਹਿਤ ਸਕੂਲ ਦੇ ਵਿਦਿਆਰਥੀ ਇਬਾਦਤ ਕੌਰ ਅੱਠਵੀਂ ਏ ਕਲਾਸ, ਸਹਿਜ ਪ੍ਰੀਤ ਕੌਰ ਅੱਠਵੀਂ ਏ ਕਲਾਸ, ਪ੍ਰਭ ਸਿਮਰਨ ਕੌਰ ਸੱਤਵੀਂ ਡੀ ਕਲਾਸ, ਸਿਮਰਪ੍ਰੀਤ ਕੌਰ ਛੇਵੀਂ ਡੀ ਕਲਾਸ ਗੁਰਨੂਰਪ੍ਰੀਤ ਕੌਰ ਛੇਵੀਂ ਡੀ ਕਲਾਸ, ਨੂੰ ਸ਼ਾਨਦਾਰ ਟਰੌਫੀ ਅਤੇ ਸਰਟੀਫਿਕੇਟ ਦੇ ਨਾਲ ਸਨਮਾਨਿਤ ਕੀਤਾ ਗਿਆ ਅਤੇ ਇਸ ਦੇ ਨਾਲ ਹੀ ਤਸ਼ਿਸ਼ ਪ੍ਰੀਤ ਕੌਰ ਛੇਵੀਂ ਸੀ ਕਲਾਸ, ਹਰ ਸਰੂਪ ਕੌਰ ਸੱਤਵੀਂ ਸੀ ਕਲਾਸ, ਮਨ ਰੂਪ ਸਿੰਘ ਅੱਠਵੀਂ ਬੀ, ਜੈਵੀਰ ਸਿੰਘ ਤੀਸਰੀ ਸੀ, ਮਨਜੋਤ ਸਿੰਘ ਚੌਥੀ ਬੀ ਕਲਾਸ, ਪ੍ਰਭ ਸਿਮਰਨ ਕੌਰ ਚੌਥੀ ਡੀ ਕਲਾਸ, ਮਨਪ੍ਰੀਤ ਸਿੰਘ ਪੰਜਵੀਂ ਡੀ ਕਲਾਸ, ਪਵਨਪ੍ਰੀਤ ਕੌਰ ਏਕਮਜੀਤ ਸਿੰਘ ਪੰਜਵੀਂ ਬੀ ਕਲਾਸ ਅਤੇ ਗੁਰੂ ਸਾਹਿਬ ਸਿੰਘ ਪੰਜਵੀਂ ਸੀ ਕਲਾਸ ਨੂੰ ਸ਼ਾਨਦਾਰ ਮੈਡਲ ਅਤੇ ਸਰਟੀਫਿਕੇਟ ਦੇ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਜੇਤੂ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਉਹਨਾਂ ਦੇ ਅਧਿਆਪਕ ਮੈਡਮ ਜਗਰੂਪ ਕੌਰ ਜੀ ਨੂੰ ਵੀ ਵਧਾਈ ਅਤੇ ਸ਼ਾਬਾਸ਼ੀ ਦਿੱਤੀ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨਿਲਾਕਸੀ ਗੁਪਤਾ ਕੋਆਰਡੀਨੇਟਰ ਪ੍ਰਿਅੰਕਾ ਸ਼ਰਮਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਆਵਾਜ਼ਿ ਕੌਮ AWAZE QAUM

ਨਵੰਬਰ 1984 'ਚ ਹਿੰਦੂਆਂ ਵੱਲੋਂ

# ਗਵਾਲੀਅਰ ਗੁਰਦੁਆਰੇ 'ਤੇ ਕਬਜਾ, ਮੱਧ ਪ੍ਰਦੇਸ਼ 'ਚ ਪਾਵਨ ਸਰੂਪਾਂ ਤੇ ਹਜ਼ਾਰਾਂ ਸਿੱਖਾਂ ਨੂੰ ਸਾੜਿਆ




ਮੱਧ ਪ੍ਰਦੇਸ਼ 'ਚ ਪੈਂਦੇ ਗਵਾਲੀਅਰ ਦੇ ਕਿਲ੍ਹੇ ਵਿੱਚ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਕੈਦ ਰਹੇ ਤੇ ਇੱਥੋਂ ਹੀ ਗੁਰੂ ਜੀ ਨੇ 52 ਹਿੰਦੂ ਰਾਜਿਆਂ ਨੂੰ ਰਿਹਾਅ ਕਰਵਾਇਆ ਸੀ। ਇੱਥੇ ਕਿਲ੍ਹੇ ਅੰਦਰ ਗੁਰਦੁਆਰਾ ਦਾਤਾ ਬੰਦੀ ਛੋੜ ਤੋਂ ਇਲਾਵਾ ਗੁਰਦੁਆਰਾ ਪਊਆ ਸਾਹਿਬ ਵੀ ਮੌਜੂਦ ਹੈ। ਪਊਆ ਤੋਂ ਭਾਵ ਕਿ ਪੈਰਾਂ ਵਿੱਚ ਪਹਿਨਿਆ ਜਾਣ ਵਾਲ਼ਾ ਜੋੜਾ। ਇੱਥੇ ਸਤਿਗੁਰਾਂ ਦਾ ਜੋੜਾ (ਪਊਆ) ਨਿਸ਼ਾਨੀ ਵਜੋਂ ਸੰਭਾਲਿਆ ਸੀ। ਨਵੰਬਰ 1984 ਦੌਰਾਨ ਹਿੰਦੂ ਭੀੜਾਂ ਨੇ ਗੁਰਦੁਆਰਾ ਪਊਆ ਸਾਹਿਬ ਨੂੰ ਵੀ ਅੱਗ ਲਾ ਦਿੱਤੀ ਤੇ ਉਸ ਦੌਰਾਨ ਇੱਕ ਜੋੜਾ ਸੜ ਗਿਆ, ਦੂਜਾ ਕਿਸੇ ਤਰ੍ਹਾਂ ਬਚ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 15 ਪਾਵਨ ਸਰੂਪਾਂ ਨੂੰ ਵੀ ਹਿੰਦੂਆਂ ਨੇ ਅੱਗ ਲਾ ਦਿੱਤੀ। ਭਾਈ ਸੁਖਚੈਨ ਸਿੰਘ ਗ੍ਰੰਥੀ ਤੇ ਭਾਈ ਹਰੀ ਸਿੰਘ ਨੂੰ ਵੀ ਜਿਉਂਦਿਆਂ ਨੂੰ ਸਾੜਿਆ ਗਿਆ।

ਗਵਾਲੀਅਰ ਗੁਰਦੁਆਰੇ 'ਤੇ ਕਬਜਾ, ਮੱਧ ਪ੍ਰਦੇਸ਼ 'ਚ ਪਾਵਨ ਸਰੂਪਾਂ ਤੇ ਹਜ਼ਾਰਾਂ ਸਿੱਖਾਂ ਨੂੰ ਸਾੜਿਆ

ਓਦੋਂ ਹੀ ਕਈ ਹੋਰ ਗੁਰਦੁਆਰੇ ਵੀ ਸਾੜੇ ਤੇ ਗਵਾਲੀਅਰ ਦੇ 'ਗੁਰਦੁਆਰਾ ਭਾਈ ਹਰਿਦਾਸ ਜੀ' ਨੂੰ 'ਸ੍ਰੀ ਕਾਲੀ ਦੇਵੀ ਭੈਰਉ ਮੰਦਰ' ਵਿੱਚ ਬਦਲ ਦਿੱਤਾ ਗਿਆ ਤੇ ਓਥੋਂ ਦੇ ਸੇਵਾਦਾਰ ਨੂੰ ਕਤਲ ਕੀਤਾ ਗਿਆ। ਇਤਿਹਾਸ ਅਨੁਸਾਰ ਕਾਲੀ ਦੇਵੀ ਭਗਤ ਹਰੀ ਰਾਮ ਉਰਫ਼ 'ਹਰਿਦਾਸ' ਗਵਾਲੀਅਰ ਦੇ ਕਿਲ੍ਹੇ ਦਾ ਦਾਰੋਗਾ ਸੀ, ਜੋ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਸਮਦ੍ਰਿਸ਼ਟੀ, ਸੂਰਬੀਰਤਾ ਤੇ ਸਚਿਆਰੇ ਕਿਰਦਾਰ ਤੋਂ ਪ੍ਰਭਾਵਿਤ ਹੋ ਕੇ ਗੁਰਸਿੱਖ ਬਣ ਗਿਆ। ਉਸ ਨੇ ਆਪਣੇ ਘਰ ਵਿਚਲੀ ਕਾਲੀ ਦੇਵੀ ਦੀ ਮੂਰਤੀ ਨੂੰ ਪੂਜਾ ਸਥਲ ਤੋਂ ਚੁੱਕ ਕੇ ਸੁੱਟਣ ਦੀ ਥਾਂ ਉਸ ਨੂੰ ਬੁੱਤ ਤਰਾਸ਼ੀ ਦੀ ਇੱਕ ਵਧੀਆ ਕਲਾਕ੍ਰਿਤੀ ਜਾਣਦਿਆਂ ਦੀਵਾਰ ਵਿੱਚ ਚਿਣ ਦਿੱਤਾ ਸੀ। ਜਦੋਂ ਛੇਵੇਂ ਸਤਿਗੁਰੂ 52 ਹਿੰਦੂ ਰਾਜਿਆਂ ਸਮੇਤ ਕਿਲ੍ਹੇ 'ਚੋਂ ਰਿਹਾਅ ਹੋ ਕੇ 'ਬੰਦੀ ਛੋੜ ਦਾਤਾ' ਅਖਵਾਏ, ਉਸ ਰਾਤ ਨੂੰ ਉਹ ਭਾਈ ਹਰਿਦਾਸ ਦੇ ਘਰ ਹੀ ਠਹਿਰੇ ਤੇ ਉਸ ਨੇ ਖ਼ੁਸ਼ੀ ਵਿੱਚ ਦੀਪਮਾਲਾ ਵੀ ਕੀਤੀ। ਇਸ ਤਰ੍ਹਾਂ ਭਾਈ ਹਰਿਦਾਸ ਦਾ ਇਤਿਹਾਸਕ ਘਰ ਗੁਰਦੁਆਰੇ ਵਿੱਚ ਬਦਲ ਗਿਆ। ਭਾਈ ਸੰਤ ਸਿੰਘ ਮਸਕੀਨ ਦੇ ਸਾਥੀ ਗਿਆਨੀ ਹਰਿੰਦਰ ਸਿੰਘ ਅਲਵਰ ਤੇ ਹੋਰ ਕਈ ਗੁਰਮਤਿ ਪ੍ਰਚਾਰਕ ਇਸ ਅਸਥਾਨ ਵਿਖੇ ਗੁਰਬਾਣੀ ਵਿਚਾਰ ਵੀ ਕਰਦੇ ਰਹੇ। ਸੰਨ 1984 ਦੇ ਸਾਕੇ ਵੇਲ਼ੇ ਬਾਬਾ ਸੇਵਾ ਸਿੰਘ ਖਡੂਰ ਵਾਲ਼ਿਆਂ ਦਾ ਇੱਕ ਸਿੰਘ ਉਸ ਅਸਥਾਨ ਦੀ ਸੇਵਾ-ਸੰਭਾਲ ਕਰ ਰਿਹਾ ਸੀ, ਜਿਨ੍ਹਾਂ ਨੇ ਗੁਰਦੁਆਰੇ ਦੀ ਕਾਰ-ਸੇਵਾ ਕਰਦਿਆਂ ਪਿਛਵਾੜੇ ਦੀ ਥਾਂ ਖਰੀਦ ਕੇ ਚਾਰ ਦੀਵਾਰੀ ਵੀ ਕੀਤੀ ਹੋਈ ਸੀ। ਪਰ ਹਿੰਦੂ ਖ਼ੂਨੀਆਂ ਨੇ ਉਸ ਸੇਵਾਦਾਰ ਦਾ ਕਤਲ ਕਰਕੇ ਗੁਰਦੁਆਰੇ ਦੇ ਗੇਟ ਤੇ 'ਸ੍ਰੀ ਕਾਲੀ ਦੇਵੀ ਭੈਰਉ ਜੀ ਮੰਦਰ' ਲਿਖ ਦਿੱਤਾ। ਬਾਬਾ ਸੇਵਾ ਸਿੰਘ ਹੁਰਾਂ ਨੇ ਇਸ ਨਜਾਇਜ਼ ਕਬਜੇ ਪ੍ਰਤੀ ਕਈ ਸਾਲ ਕਨੂੰਨੀ ਲੜਾਈ ਵੀ ਲੜੀ ਅਤੇ ਕੇਂਦਰ ਦੇ ਸਿੱਖ ਮੰਤਰੀਆਂ ਤੱਕ ਪਹੁੰਚ ਵੀ ਕੀਤੀ, ਪ੍ਰੰਤੂ ਕਿਸੇ ਨੇ ਨਹੀਂ ਸੁਣੀ। ਭਾਰਤ ਦੇ ਸੂਬੇ ਮੱਧ ਪ੍ਰਦੇਸ਼ ਵਿੱਚ ਗਵਾਲੀਅਰ, ਭੋਪਾਲ, ਇੰਦੌਰ, ਝਾਂਸੀ, ਸਿਡੋਲ, ਸਾਗਰ, ਗੈਰਤਗੰਜ, ਮਨਿੰਦਗੜ੍ਹ, ਜਬਲਪੁਰ, ਅਮਲਾਈ, ਅਮਰੀਕਾ ਕੋਰਬਾ, ਰਾਏਪੁਰ, ਰਾਂਚੀ, ਖੁਰਈ, ਦਮੋਹ, ਬੀਨਾ, ਮੰਡਲਾ, ਧੌਲਪੁਰ, ਮੁਰੈਨਾ, ਖੁਰਜਾ, ਸ਼ਿਵਪੁਰੀ, ਮੋਹਨ ਕਸਬਾ, ਬਾੜੋਲੀ ਆਦਿ ਥਾਂਵਾਂ 'ਤੇ ਸਿੱਖਾਂ ਦਾ ਭਾਰੀ ਕਤਲੇਆਮ ਹੋਇਆ। ਉਸ ਸਮੇਂ ਇੱਥੇ ਕਾਂਗਰਸ ਦੀ ਸਰਕਾਰ ਸੀ ਤੇ ਭਾਰਤੀ ਸਟੇਟ ਨੇ ਖੁੱਲ੍ਹ ਕੇ ਸਿੱਖਾਂ ਦਾ ਕਤਲੇਆਮ ਕੀਤਾ। ਹਿੰਦੂਆਂ ਨੇ ਵਹਿਸ਼ੀ ਦਰਿੰਦਗੀ ਦਾ ਨਾਚ ਨੱਚਿਆ। ਭਾਜਪਾ ਅਤੇ ਆਰ. ਐਸ.ਐਸ. ਦੇ ਟੋਲਿਆਂ ਨੇ ਵੀ ਘੱਟ ਨਾ ਕੀਤੀ। ਹਰ ਹਿੰਦੂ ਨੇ ਸਿੱਖਾਂ ਨਾਲ ਵੈਰ ਕੱਢਿਆ ਤੇ ਗੁਰਦੁਆਰੇ ਵੀ ਸਾੜ ਦਿੱਤੇ। ਮੱਧ ਪ੍ਰਦੇਸ਼ ਦੇ ਜ਼ਿਲ੍ਹਾ ਦੇਬਸ ਦੇ ਬਾੜੋਲੀ ਪਿੰਡ ਦੇ ਗੁਰਦੁਆਰਾ ਸਾਹਿਬ ਨੂੰ ਹਿੰਦੂਆਂ ਨੇ ਘੇਰਾ ਪਾ ਲਿਆ ਤੇ ਅਕ੍ਰਿਤਘਣਤਾ ਦਾ ਸਬੂਤ ਦਿੱਤਾ। ਇਸ ਭੀੜ ਵਿੱਚ ਬਾੜੋਲੀ, ਬੈਰਾਂਗੜ, ਬਾਮਰ ਤੇ ਹੋਰ ਪਿੰਡਾਂ ਦੇ ਹਿੰਦੂ ਸਨ। ਉਹਨਾਂ ਨੇ ਗੁਰਦੁਆਰਾ ਸਾਹਿਬ ਦੇ ਸੋਨੇ ਦੇ ਛਤਰ, ਗੋਲਕ, ਲੰਗਰ ਘਰ ਸਮੇਤ ਹੋਰ ਵਸਤਾਂ ਨੂੰ ਲੁੱਟ ਲਿਆ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਘੋਰ ਬੇਅਦਬੀ ਕੀਤੀ ਤੇ ਫਿਰ ਗੁਰਦੁਆਰਾ ਸਾਹਿਬ ਨੂੰ ਅੱਗ ਲਾ ਦਿੱਤੀ। ਹਿੰਦੂਆਂ ਨੂੰ ਸਿੱਖੀ ਦੇ ਨਿਸ਼ਾਨਾਂ ਤੋਂ ਐਨੀ ਨਫ਼ਰਤ ਸੀ ਕਿ ਉਹਨਾਂ ਨੇ ਗੁਰਦੁਆਰਾ ਸਾਹਿਬ ਦਾ ਨਿਸ਼ਾਨ ਸਾਹਿਬ ਵੀ ਪੁੱਟ ਦਿੱਤਾ ਅਤੇ ਸਿੱਖਾਂ ਦੇ ਕੇਸ ਕਤਲ ਕਰਕੇ ਉਹਨਾਂ ਨੂੰ ਪਿੰਡ 'ਚ ਘੁਮਾਇਆ ਗਿਆ ਤੇ ਫਿਰ ਬੁਰੇ ਤਰੀਕੇ ਨਾਲ਼ ਕੋਹ-ਕੋਹ ਕੇ ਮਾਰਿਆ ਗਿਆ। ਇਸ ਪਿੰਡ ਵਿੱਚ ਸਿੱਖਾਂ ਦੇ ਕੁਝ ਕੁ ਘਰ ਹੀ ਸਨ, ਹਿੰਦੂਆਂ ਵੱਲੋਂ ਉਹਨਾਂ ਨੂੰ ਪਹਿਲਾਂ ਲੁੱਟਿਆ ਗਿਆ, ਬੀਬੀਆਂ ਦੀ ਪੱਤ ਰੋਲੀ ਗਈ ਤੇ ਫਿਰ ਸਿੱਖਾਂ ਨੂੰ ਜਿਉਂਦਿਆਂ ਨੂੰ ਸਾੜਿਆ ਗਿਆ।

ਭੋਪਾਲ ਦੇ ਨਾਲ ਲੱਗਦੇ ਜ਼ਿਲ੍ਹਾ ਰਾਏਸੇਨ ਵਿੱਚ ਜਦੋਂ ਸਿੱਖਾਂ ਨੂੰ ਕਤਲ ਕੀਤਾ ਜਾ ਰਿਹਾ ਸੀ ਤਾਂ ਇਕ ਸਿੱਖ ਨੇ ਇਹਨਾਂ ਹਿੰਦੂਆਂ ਦਾ ਮੁਕਾਬਲਾ ਕੀਤਾ ਤੇ ਗੋਲ਼ੀ ਚਲਾ ਕੇ ਦੋ ਦੰਗਾਕਾਰੀ ਮਾਰ ਸੁੱਟੇ। ਇਸ ਘਟਨਾ ਨਾਲ ਹਿੰਦੂਆਂ ਦੀ ਭੀੜ ਵਿੱਚ ਭਗਦੜ ਮੱਚ ਗਈ ਤੇ ਉਹਨਾਂ ਦੀ ਹਿੰਮਤ ਨਾ ਪਈ ਕਿ ਉਹ ਇਸ ਸਿੱਖ ਨਾਲ਼ ਮੁਕਾਬਲਾ ਕਰ ਸਕਣ ਤੇ ਫਿਰ ਉਸ ਸਿੱਖ ਪਰਿਵਾਰ ਨੂੰ ਕਤਲ ਕਰਨ ਲਈ ਹਿੰਦੂਆਂ ਦੀ ਅਗਵਾਈ ਪੁਲਿਸ ਨੇ ਕੀਤੀ। ਪੁਲਿਸ ਨੇੜਲੇ ਘਰਾਂ ਦੀਆਂ ਛੱਤਾਂ 'ਤੇ ਚੜ੍ਹ ਗਈ ਤੇ ਉਸ ਸਿੱਖ ਪਰਿਵਾਰ ਨੂੰ ਹੱਥ ਖੜ੍ਹੇ ਕਰਕੇ ਬਾਹਰ ਆਉਣ ਲਈ ਕਿਹਾ। ਪਰ ਉਹ ਪਰਿਵਾਰ ਸਮਝ ਚੁੱਕਾ ਸੀ ਕਿ ਪੁਲਿਸ ਵੀ ਇਹਨਾਂ ਨਾਲ਼ ਰਲੀ ਹੋਈ ਹੈ ਤੇ ਇੱਕ ਗਿਣੀ-ਮਿਥੀ ਸਾਜ਼ਿਸ਼ ਤਹਿਤ ਭਾਰਤੀ ਸਟੇਟ ਵੱਲੋਂ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਸ ਪਰਿਵਾਰ ਨੇ ਇਕੱਠੇ ਹੋ ਕੇ ਪੁਲਿਸ ਦੀਆਂ ਧਾੜਾਂ ਨਾਲ਼ ਮੁਕਾਬਲਾ ਕੀਤਾ। ਜਦੋਂ ਹੋਰ ਕੋਈ ਰਾਹ ਨਾ ਬਚਿਆ ਤਾਂ ਪਰਿਵਾਰ ਦੇ ਸਿੱਖ ਸਰਦਾਰ ਨੇ ਪਹਿਲਾਂ ਆਪਣੇ ਚਾਰ ਮੈਂਬਰਾਂ ਨੂੰ ਗੋਲ਼ੀ ਮਾਰੀ ਤੇ ਫਿਰ ਖ਼ੁਦ ਨੂੰ ਵੀ ਗੋਲ਼ੀ ਮਾਰ ਕੇ ਖ਼ਤਮ ਕਰ ਲਿਆ ਪਰ ਉਹ ਹਿੰਦੂ-ਗੁੰਡਿਆਂ ਤੇ ਹਿੰਦੂ-ਪੁਲਿਸ ਦੇ ਹੱਥ ਨਾ ਆਏ।

ਭੋਪਾਲ ਦੇ ਗੈਰਤਗੰਜ ਵਿੱਚ ਇੱਕ ਸਿੰਘ ਨੇ ਆਪਣੇ ਲਾਇਸੰਸੀ ਰਿਵਾਲਵਰ ਨਾਲ਼ ਹਿੰਦੂ ਭੀੜਾਂ ਦਾ ਡਟ ਕੇ ਮੁਕਾਬਲਾ ਕੀਤਾ ਤੇ ਕਈ ਦੁਸ਼ਟ ਗੱਡੀ ਚਾੜ੍ਹ ਦਿੱਤੇ। ਪਰ ਜਦ ਕਾਰਤੂਸ ਖ਼ਤਮ ਹੋ ਗਏ ਤਾਂ ਉਹ ਸਿੰਘ ਨਿਹੱਥਾ ਹੋ ਗਿਆ ਤੇ ਕਾਤਲ ਭੀੜ ਨੇ ਉਸ ਨੂੰ ਘੇਰ ਕੇ ਕਾਬੂ ਕਰ ਲਿਆ ਤੇ ਘਰ ਦੇ ਸਾਰੇ ਜੀਆਂ ਸਮੇਤ ਉਹਨਾਂ ਨੂੰ ਅੱਗ ਲਾ ਕੇ ਸਾੜ ਦਿੱਤਾ। ਰਾਂਚੀ ਵਿੱਚ ਮਸਤਾਨਾ ਹੋਟਲ ਦੇ ਸਰਦਾਰ ਮਾਲਕ ਨੂੰ ਉਸਦੇ ਹੋਟਲ ਸਮੇਤ ਅੱਗ ਲਾ ਦਿੱਤਾ ਗਈ। ਸ਼ਿਵਪੁਰੀ ਵਿੱਚ ਗੁਰਦੁਆਰਾ ਸਾਹਿਬ ਦੇ ਸਕੱਤਰ ਜਰਨੈਲ ਸਿੰਘ ਅਤੇ ਉਸ ਦੀ ਕੋਠੀ ਨੂੰ ਅੱਗ ਲਗਾਈ ਗਈ। ਬੁਲੰਦ ਸ਼ਹਿਰ ਵਿੱਚ ਕਣਕ ਦੀ ਗਹਾਈ ਦੀਆਂ ਮਸ਼ੀਨਾਂ ਬਣਾਉਣ ਵਾਲ਼ੇ ਦੋ ਸਕੇ ਸਿੱਖ ਭਰਾਵਾਂ ਨੂੰ ਪੁਲਿਸ ਲੈ ਗਈ ਤੇ ਬਾਅਦ ਵਿੱਚ ਉਹਨਾਂ ਦਾ ਕਤਲ ਕਰ ਦਿੱਤਾ। ਰੋਜ਼ਾਬਾਦ ਵਿੱਚ ਗੁਰਦੁਆਰਾ ਸਾਹਿਬ ਨੂੰ ਸਾੜਿਆ ਗਿਆ ਅਤੇ ਨਾਲ਼ ਹੀ ਹਜ਼ਾਰਾਂ ਸਿੰਘ ਨਾਂ ਦੇ ਇੱਕ ਸਿੱਖ ਨੂੰ ਵੀ ਅੱਗ ਲਾਈ ਗਈ। "ਜਿੱਥੋਂ ਤਕ ਛਾਂ ਦਿੱਲੀ ਤਖ਼ਤ ਦੀ, ਅੱਗਾਂ ਹੀ ਅੱਗਾਂ। ਚੌਂਕ ਚੁਰਾਹੇ ਸੜਦੀਆਂ, ਸਿੱਖਾਂ ਦੀਆਂ ਪੱਗਾਂ ਹੀ ਪੱਗਾਂ।"



- **ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)**
**ਮੋ : 88722-93883**

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜਨੀਤੀ ਦੇ ਵਿੱਚ ਵਿਰੋਧੀ ਨੂੰ ਨੀਵਾਂ ਦਿਖਾਉਣ ਲਈ ਨਿਜਤਾ ਤੇ ਟਾਰਗੇਟ ਕਰਨਾ ਗਲਤ

## ਸਿਧਾਂਤਿਕ ਤੌਰ ਤੇ ਆਲੋਚਨਾ ਸਿਰਫ ਮੁੱਦਿਆਂ ਤੇ ਹੋਣੀ ਚਾਹੀਦੀ ਆ

ਕੰਡਿਆਂ ਵਾਲਾ ਤਾਜ ਰਾਜਨੀਤੀ ਵਾਲੀ ਕੁਰਸੀ ਨੂੰ ਪ੍ਰਾਪਤ ਕਰਨ ਲਈ ਲੀਡਰ ਸਿਧਾਂਤ ਨੂੰ ਵੀ ਛਿੱਕੇ ਟੰਗ ਦੇ ਦੇਖੇ ਜਾ ਸਕਦੇ ਨੇ । ਜਦੋਂ ਆਪਣੇ ਵਿਰੋਧੀ ਤੇ ਨਿੱਜੀ ਬਲੇਮਬਾਜ਼ੀ ਕਰਦੇ ਹਨ । ਨਿਜੀ ਬਲੇਮਬਾਜੀ ਕਰਨ ਵਾਲੇ ਰਾਜਨੀਤਿਕ ਲੀਡਰਾਂ ਦਾ ਮਾਨਸਿਕ ਸਥਰ ਕਿਸ ਲੈਵਲ ਦਾ ਹੈ ਇਹ ਉਹਨਾਂ ਦੇ ਵਿਚਾਰਾਂ ਤੋਂ ਦਿਖਦਾ ਹੈ । ਕਿੰਨਾ ਚੰਗਾ ਹੋਵੇ ਜੇ ਰਾਜਨੀਤੀ ਸਿਰਫ ਮੁੱਦਿਆਂ ਤੇ ਹੋਵੇ । ਪਰ ਅੱਜ ਦੇ ਰਾਜਨੀਤੀਕ ਸਮੀਕਰਨ ਬਿਲਕੁਲ ਅਲੱਗ ਹਨ ਹੁਣ ਰਾਜਨੀਤੀ ਸਿਰਫ ਵੋਟ ਪ੍ਰਾਪਤ ਕਰਨ ਲਈ ਕੀਤੀ ਜਾਂਦੀ ਹੈ । ਵੋਟ ਪ੍ਰਾਪਤ ਕਰਨ ਲਈ ਰਾਜਨੀਤਿਕ ਲੀਡਰਾਂ ਨੂੰ ਚਾਹੇ ਕਿਸੇ ਵੀ ਹੱਦ ਤੱਕ ਜਾਣਾ ਪਵੇ ਤਾਂ ਪਰਵਾਹ ਨਹੀਂ ਕਰਦੇ । ਅਸਲ ਮੁੱਦੇ ਤੇ ਸਿਧਾਂਤ ਅੱਜ ਕੱਲ ਦੀ ਰਾਜਨੀਤੀ ਦੇ ਵਿੱਚ ਬਹੁਤ ਘੱਟ ਹੀ ਨਜ਼ਰ ਆਉਂਦੇ ਹਨ । ਪੰਜਾਬ ਦੀ ਰਾਜਨੀਤੀ ਦੇ ਵਿੱਚ ਲੋਲੀਪੋਪ ਮੁੱਦੇ ਦਾ ਸਭ ਤੋਂ ਵੱਧ ਬੋਲ ਬਾਲਾ ਹੈ ।

## ਮਾਨਸਿਕ ਤੌਰ ਤੇ ਮਜਬੂਤ ਰਹਿਣ ਦਾ ਸਭ ਤੋਂ ਸੌਖਾ ਹੱਲ ਹੈ ਤੁਹਾਡਾ ਦਿਮਾਗ ਤਾਜ਼ਾ ਰਹੇ ਤਾਜ਼ਾ ਰੱਖਣ ਲਈ ਜੋ ਦਿਮਾਗ ਚ ਹੈ ਉਹਨੂੰ ਬਾਹਰ ਕੱਢੋ ਤਾਂ ਕਿ ਤੁਹਾਡਾ ਦਿਮਾਗ ਨਵੇਂ ਵਿਚਾਰ ਸਿਰਜੇ

ਇੱਕ ਗੱਲ ਆਮ ਹੀ ਲੋਕਾਂ ਦੇ ਵਿੱਚ ਸੁਣਨ ਨੂੰ ਮਿਲਦੀ ਆ ਕਿ ਮੇਰਾ ਤਾਂ ਭਾਈ ਦਿਮਾਗ ਕੰਮ ਨਹੀਂ ਕਰਦਾ ਹੁਣ । ਅਸਲ ਦੇ ਵਿੱਚ ਇਸ ਗੱਲ ਦਾ ਕਾਰਨ ਲੱਭਣ ਦੀ ਜਰੂਰਤ ਆ । ਜਦੋਂ ਲੋਕਾਂ ਦੇ ਦਿਮਾਗ ਚ ਗੱਲਾਂ ਆਈਆਂ ਤਾਂ ਉਹਨਾਂ ਨੇ ਸਿਰਫ ਦਿਮਾਗ ਚ ਹੀ ਰੱਖੀਆਂ । ਦਿਮਾਗ ਚੋਂ ਗੱਲਾਂ ਬਾਹਰ ਨਹੀਂ ਕੱਢੀਆਂ । ਆਮ ਤੌਰ ਤੇ ਡਾਕਟਰਾਂ ਵੱਲੋਂ ਇਹ ਗੱਲ ਕਹੀ ਜਾਂਦੀ ਹੈ ਕਿ ਤੁਹਾਡਾ ਖ਼ੂਨ 24 ਘੰਟਿਆਂ ਦੇ ਵਿੱਚ ਪੁਰਾਣਾ ਨਸ਼ਟ ਹੋ ਕੇ ਨਵਾਂ ਬਣ ਜਾਂਦਾ ਹੈ । ਜੇ ਤੁਸੀਂ ਆਪਣੇ ਦਿਮਾਗ ਦੇ ਵਿਚਾਰ ਜੋ ਪੈਦਾ ਹੋਏ ਉਹਨਾਂ ਨੂੰ ਕਿਸੇ ਵੀ ਤਰੀਕੇ ਨਾਲ ਆਪਣੇ ਦਿਮਾਗ ਤੋਂ ਬਾਹਰ ਨਹੀਂ ਕੱਢਿਆ ਤਾਂ ਨਵੇਂ ਵਿਚਾਰ ਪੈਦਾ ਹੋਣੇ ਬੰਦ ਹੋ ਜਾਣਗੇ ਤੇ ਤੁਹਾਡੀ ਮਾਨਸਿਕਤਾ ਤੇ ਇਹਨਾਂ ਗੱਲਾਂ ਨੂੰ ਦਿਮਾਗ ਦੇ ਵਿੱਚ ਰੱਖਣ ਦਾ ਗਹਿਰਾ ਅਸਰ ਵੀ ਪਵੇਗਾ । ਤੁਹਾਡੀ ਮਾਨਸਿਕਤਾ ਦੇ ਵਿੱਚ ਪੈਦਾ ਹੋਈਆਂ ਗੱਲਾਂ ਬਾਹਰ ਨਾ ਕੱਢਣਾ ਤੁਹਾਨੂੰ ਮਾਨਸਿਕ ਰੋਗੀ ਵੀ ਬਣਾ ਸਕਦਾ ਹੈ । ਇਸ ਤਰ੍ਹਾਂ ਦੇ ਲੋਕਾਂ ਦੀ ਜ਼ਿਆਦਾਤਰ ਸ਼ਿਕਾਇਤ ਹੁੰਦੀ ਹੈ ਕਿ ਸਾਡਾ ਦਿਮਾਗ ਹੁਣ ਪਹਿਲਾਂ ਦੀ ਤਰ੍ਹਾਂ ਕੰਮ ਨਹੀਂ ਕਰਦਾ । ਕਿਉਂਕਿ ਜੋ ਦਿਮਾਗ ਦੇ ਵਿੱਚ ਪੈਦਾ ਹੋਇਆ ਉਹ ਤੁਸੀਂ ਦਿਮਾਗ ਚੋਂ ਬਾਹਰ ਹੀ ਨਹੀਂ ਕੱਢਿਆ । ਆਪਣੇ ਵਿਚਾਰਾਂ ਨੂੰ ਦਿਮਾਗ ਚੋਂ ਬਾਹਰ ਕੱਢਣ ਦੇ ਬਹੁਤ ਸਾਰੇ ਤਰੀਕੇ ਹੋ ਸਕਦੇ ਨੇ ਤੁਸੀਂ ਕਿਸੇ ਨੂੰ ਦੱਸ ਸਕਦੇ ਹੋ ਜਾਂ ਲਿਖ ਸਕਦੇ ਹੋ । ਮੈਂ ਨਿੱਜੀ ਤੌਰ ਤੇ ਇਹਨਾਂ ਗੱਲਾਂ ਨੂੰ ਦੇਖ ਰਿਹਾ । ਆਪਣੇ ਦਿਮਾਗ ਨੂੰ ਤਾਜ਼ਾ ਰੱਖਣ ਦਾ ਸਭ ਤੋਂ ਵਧੀਆ ਫਾਰਮੂਲਾ ਸਿਰਫ ਮੈਨੂੰ ਇਹੀ ਨਜ਼ਰ ਆਉਂਦਾ ਕਿ ਜੋ ਦਿਮਾਗ ਚ ਆਇਆ ਉਹਨੂੰ ਬਾਹਰ ਕੱਢੋ ਤਾਂ ਕਿ ਕੁਝ ਨਵਾਂ ਦਿਮਾਗ ਦੇ ਵਿੱਚ ਪੈਦਾ ਹੋਵੇ । ਮੈਂ ਇਹ ਗੱਲ ਵੀ ਮਹਿਸੂਸ ਕਰਦਾ ਜਦੋਂ ਮੈਂ ਦਿਮਾਗ ਚ ਆਈਆਂ ਗੱਲਾਂ ਨੂੰ ਬਾਹਰ ਨਹੀਂ ਕੱਢਦਾ ਤਾਂ ਮੈਂ ਆਪਣੇ ਆਪ ਨੂੰ ਮਾਨਸਿਕ ਤੌਰ ਤੇ ਕਮਜ਼ੋਰ ਮਹਿਸੂਸ ਕਰਦਾ ।

## ਅਕਾਲੀ ਦਲ ਦੀ ਖਾਲੀ ਹੋਈ ਪੰਥਕ ਸਪੇਸ ਦੇ ਵਿੱਚ ਜੇਕਰ ਸਾਰੇ ਪੰਥਕਾ ਨੇ ਇਕੱਠੇ ਹੋ ਕੇ ਸਾਂਝੇ ਉਮੀਦਵਾਰ ਨਾ ਖੜੇ ਕੀਤੇ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਵਿੱਚ ਬਦਲਾਅ ਦਾ ਟੈਗ ਵਾਪਸ ਕਾਂਗਰਸ ਕੋਲ ਜਾ ਸਕਦੈ

ਜਿਸ ਹਿਸਾਬ ਨਾਲ ਸ਼੍ਰੋਮਣੀ ਅਕਾਲੀ ਦਲ ਬਾਦਲ ਕੌਮਾਂ ਦੇ ਵਿੱਚੋਂ ਉਭਰਨ ਦੇ ਵਿੱਚ ਨਾ ਕਾਮਯਾਬ ਹੁੰਦਾ ਦਿਖ ਰਿਹਾ ਹੈ ਪਾਰਟੀ ਦਾ ਨਿੱਜੀ ਖਿਲਾਰਾ ਆਮ ਲੋਕਾਂ ਤੱਕ ਪਹੁੰਚ ਗਿਆ । ਐਸਏ ਮਹਿਸੂਸ ਹੋ ਰਿਹਾ ਹੈ ਜਿਵੇਂ ਸ਼੍ਰੋਮਣੀ ਅਕਾਲੀ ਦਲ ਬਾਦਲ ਆਪਣੇ ਖਿਲਾਰੇ ਨੂੰ ਇਕੱਠਾ ਕਰਨ ਦੇ ਵਿੱਚ ਨਾ ਕਾਮਯਾਬ ਹੋ ਗਿਆ ਹੋਵੇ ਕਿਉਂਕਿ ਵਿਧਾਨ ਸਭਾ ਦੀਆਂ ਜਿਮਨੀ ਚੋਣਾਂ ਦੇ ਵਿੱਚ ਕੋਈ ਵੀ ਉਮੀਦਵਾਰ ਨਾ ਖੜਾ ਕਰਨਾ ਇਸ ਗੱਲ ਦੇ ਵਲ ਇਸ਼ਾਰਾ ਕਰ ਰਿਹਾ ਹੈ । ਦੂਜੇ ਪਾਸੇ ਪੰਥਕ ਸਪੇਸ ਦੇ ਵਿੱਚ ਜੇਕਰ ਸਾਰੇ ਪੰਥਕ ਚਿਹਰਿਆਂ ਨੇ ਇਕੱਠੇ ਹੋ ਕੇ ਸਾਂਝੇ ਉਮੀਦਵਾਰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਵਿੱਚ ਨਾ ਉਤਾਰੇ ਤਾਂ ਬਦਲਾਵ ਵਾਲਾ ਟੈਗ ਵਾਪਸ ਕਾਂਗਰਸ ਕੋਲ ਜਾਣਦੇ ਹਾਲਾਤ ਬਣ ਸਕਦੇ ਨੇ । ਕਿਉਂਕਿ ਲੋਕਾਂ ਦਾ ਰਾਜਨੀਤੀ ਦੇ ਵਿੱਚ ਵਿਕਲਪ ਦੇ ਤੌਰ ਤੇ ਬਦਲਾ ਕਰਨ ਦਾ ਮਿਥਿਆ ਟੀਚਾ ਲੋਕਾਂ ਨੂੰ ਕਾਂਗਰਸ ਵਲ ਧਕੇਲ ਸਕਦਾ ਹੈ ।

**-ਪਰਗਟ ਸਿੰਘ ਬਲਬੇੜਾ, 9022000070**

## 84 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ 40 ਸਾਲ ਬਾਅਦ ਵੀ ਸਜ਼ਾਵਾਂ ਨਾ ਮਿਲਣ 'ਤੇ ਲੋਕਤੰਤਰ ਤੇ ਖੜੇ ਹੋਏ ਸਵਾਲੀਆ ਚਿੰਨ : ਪ੍ਰੋ. ਬਡੂੰਗਰ

**ਪਟਿਆਲਾ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕ੍ਰਿਪਾਲ ਸਿੰਘ ਬਡੂੰਗਰ ਨੇ 1984 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ 40 ਸਾਲ ਬੀਤ ਜਾਣ ਦੇ ਬਾਵਜੂਦ ਵੀ ਸਜਾਵਾਂ ਨਾ ਮਿਲਣਾ ਅਤੇ ਪੰਜਾਬੀ ਬੋਲਦੇ ਪੰਜਾਬ ਦੇ ਵੱਖ-ਵੱਖ ਪਿੰਡਾਂ ਨੂੰ ਉਜਾੜ ਕੇ ਬਣਾਏ ਗਏ ਚੰਡੀਗੜ੍ਹ ਨੂੰ ਅੱਜ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਵੱਲੋਂ ਪੰਜਾਬ ਦੀ ਰਾਜਧਾਨੀ ਨਾ ਹੋਣ ਸਬੰਧੀ ਦਿੱਤੇ ਗਏ ਪ੍ਰਤੀ ਕਰਮ ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਲੋਕਤੰਤਰ ਤੇ ਵੱਡੇ ਸਵਾਲ ਚਿੰਨ ਖੜੇ ਕਰਦਿਆਂ ਕਿਹਾ ਕਿ ਇਕ ਨਵੰਬਰ 1966 ਨੂੰ ਪੰਜਾਬ ਦੇ ਟੁਕੜੇ ਕਰਕੇ ਹਿਮਾਚਲ ਅਤੇ ਹਰਿਆਣਾ ਬਣਾ ਦਿੱਤਾ ਗਿਆ ਤੇ ਪੰਜਾਬ ਨੂੰ ਉਸਦੇ ਬਣਦੇ ਹੱਕ ਵੀ ਨਹੀਂ ਦਿੱਤੇ ਗਏ, ਜਦਕਿ ਪੰਜਾਬ ਦੀ ਮੰਗ ਨੂੰ ਦਰਕਿਨਾਰ ਕਰਦੇ ਹੋਏ ਪੰਜਾਬੀ ਬੋਲਦੇ ਇਲਾਕੇ, ਚੰਡੀਗੜ੍ਹ ਦੀ ਹਾਈਕੋਰਟ ਤੇ ਚੰਡੀਗੜ੍ਹ ਪੰਜਾਬ ਨੂੰ ਦੇਣ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦਾ ਅਧਿਕਾਰ ਪੰਜਾਬ ਨੂੰ ਦੇਣ ਦੀ ਬਜਾਏ ਸਿੱਧਾ ਕੇਂਦਰ ਸਰਕਾਰ ਕੋਲ ਰੱਖ ਲਿਆ ਗਿਆ । ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਦੇਸ਼ ਦੇ ਮਰਹੂਮ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ 1984 ਵਿਚ ਸਿੱਖ ਕੌਮ ਦੇ ਸਰਵ ਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਉਤੇ ਟੈਂਕਾਂ ਅਤੇ ਤੋਪਾਂ ਨਾਲ ਹਮਲਾ ਕਰਵਾਕੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ-ਢੇਰੀ ਕਰਵਾਇਆ ਗਿਆ, ਤੇ ਇਸ ਹਮਲੇ ਵਿਚ ਅਨੇਕਾਂ ਸਿੰਘਾਂ ਸਿੰਘਣੀਆਂ ਸ਼ਹੀਦ ਹੋਏ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਇੰਦਰਾ ਗਾਂਧੀ ਦੀ ਮੌਤ ਮਗਰੋਂ ਦੇਸ਼ ਦੇ ਤਤਕਾਲੀਨ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦੇ ਕਹਿਣ ਤੇ ਸਾਰੇ ਦੇਸ਼ ਵਿੱਚ ਬੇਰਹਿਮੀ ਤੇ ਬੇਦਰਦੀ ਨਾਲ ਸਿੱਖਾਂ ਦੀ ਨਸਲਕੁਸ਼ੀ ਕੀਤੀ ਗਈ, ਸਿੱਖਾਂ ਦੇ ਗਲਾਂ ਵਿੱਚ ਟਾਇਰ ਜਲਾ ਕੇ ਜਿੰਦਾ ਸਾੜਿਆ ਗਿਆ, ਸਿੱਖਾਂ ਦੀਆਂ ਧੀਆਂ ਭੈਣਾਂ ਦੀ ਬੇਪਤੀ ਕੀਤੀ ਗਈ ਪਰ ਅਫ਼ਸੋਸ ਦੀ ਗੱਲ ਹੈ ਕਿ 40 ਸਾਲ ਬਾਅਦ ਇਕ ਵੀ ਕਾਤਲ ਨੂੰ ਸਜ਼ਾ ਨਹੀਂ ਮਿਲੀ । ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ 1984 ਦੇ ਸਿੱਖ ਕਤਲੇਆਮ ਬਾਰੇ ਤਤਕਾਲੀਨ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਵੱਲੋਂ ਹਜ਼ਾਰਾਂ ਦੀ ਗਿਣਤੀ ਵਿੱਚ ਦਿੱਲੀ, ਕਾਨਪੁਰ ਸਮੇਤ ਹੋਏ ਵੱਖ ਵੱਖ ਥਾਵਾਂ ਤੇ ਸਿੱਖ ਦੰਗਿਆਂ ਦੌਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆਂ ਬਾਰੇ "ਜਬ ਬੜਾ ਪੇੜ ਗਿਰਤਾ ਹੈ, ਤੋਂ ਧਰਤੀ ਕਾਂਪਤੀ ਹੈ" ਵਰਗੇ ਬਿਆਨ ਦੇ ਕੇ ਸਿੱਖਾਂ ਦੇ ਹਿਰਦੇ ਵਲੂੰਧਰੇ ਗਏ। ਪ੍ਰੋ. ਬਡੂੰਗਰ ਨੇ ਕਿਹਾ ਕਿ ਗਾਂਧੀ ਪਰਿਵਾਰ ਨੂੰ ਸਿੱਖ ਕੌਮ ਹੀ ਨਹੀਂ ਪੂਰਾ ਦੇਸ਼ ਕਦੇ ਵੀ ਮੁਆਫ਼ ਨਹੀਂ ਕਰ ਸਕੇਗਾ ਕਿਉਂਕਿ ਦੇਸ਼ ਅਤੇ ਕੌਮ ਵਿੱਚ ਵੰਡੀਆਂ ਪਾਉਣ ਵਾਲੇ ਗਾਂਧੀ ਪਰਿਵਾਰ ਹਮੇਸ਼ਾਂ ਸਿੱਖ ਕੌਮ ਤੇ ਪੰਜਾਬ ਦਾ ਦੁਸ਼ਮਣ ਹੀ ਰਹੇਗਾ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਸਿੱਖ ਜਗਤ "84 ਤੋਂ ਲੈ ਕੇ ਹੁਣ ਤੱਕ ਸਿੱਖ ਦੰਗਿਆਂ ਤੇ ਕਤਲੇਆਮਾਂ ਦੇ ਜ਼ਿੰਮੇਵਾਰਾਂ ਨੂੰ ਸਜ਼ਾਵਾਂ ਦਿਵਾਉਣ ਲਈ ਯਤਨਸ਼ੀਲ ਰਿਹਾ ਹੈ, ਜਦਕਿ ਇਸ ਸਭ ਦੇ ਬਾਵਜੂਦ ਕਾਂਗਰਸ ਪਾਰਟੀ ਦੀ ਕੇਂਦਰ ਵਿਚਲੀ ਸਰਕਾਰ ਨੇ 1984 ਦੇ ਸਿੱਖ ਕਤਲੇਆਮ ਦੇ ਜ਼ੁੰਮੇਵਾਰਾਂ ਨੂੰ ਵੱਡੇ ਅਹੁਦੇ, ਵਜੀਰੀਆਂ ਮੈਂਬਰ ਪਾਰਲੀਮੈਂਟ ਬਣਾ ਕੇ ਨਿਵਾਜਿਆ ਗਿਆ। ਉਨਾ ਕੇਂਦਰ ਦੀ ਬੀਜੇਪੀ ਸਰਕਾਰ ਤੋਂ ਇਨਸਾਫ ਦੀ ਮੰਗ ਕਰਦਿਆਂ ਕਿਹਾ ਕਿ 84 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦਿਵਾਉਣ ਅਤੇ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਅਤੇ ਹਾਈ ਕੋਰਟ ਨੂੰ ਮੁੜ ਪੰਜਾਬ ਨੂੰ ਸੌਂਪਿਆ ਜਾਣਾ ਚਾਹੀਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਐਸਜੀਪੀਸੀ ਦੇ ਲਗਾਤਾਰ ਚੌਥੀ ਵਾਰ ਪ੍ਰਧਾਨ ਬਣੇ ਹਰਚਰਨ ਸਿੰਘ ਧਾਮੀ

# ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਵਲੋਂ ਕੀਤੇ ਗਏ ਸਨਮਾਨਿਤ



**ਨਵੀਂ ਦਿੱਲੀ, 3 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਐਸਜੀਪੀਸੀ ਦੇ ਲਗਾਤਾਰ ਚੌਥੀ ਵਾਰ ਪ੍ਰਧਾਨ ਬਣੇ ਹਰਚਰਨ ਸਿੰਘ ਧਾਮੀ ਨੂੰ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਵਲੋਂ ਇਕ ਭਰਵੀਂ ਪ੍ਰੈਸ ਕੋਨਫਰੰਸ ਵਿਚ ਸਨਮਾਨਿਤ ਕੀਤਾ ਗਿਆ । ਇਸ ਮੌਕੇ ਸਰਦਾਰ ਹਰਵਿੰਦਰ ਸਿੰਘ ਸਰਨਾ ਨੇ ਦਸਿਆ ਕਿ ਇਸ ਵਾਰ ਐਸਜੀਪੀਸੀ ਦੇ ਪ੍ਰਧਾਨ ਦੀਆਂ ਚੋਣਾਂ ਅੰਦਰ ਦਿੱਲੀ ਤੋਂ ਚਲਿਆ ਕੂੜ ਪ੍ਰਚਾਰ ਅੰਮ੍ਰਿਤਸਰ ਤਕ ਪਹੁੰਚ ਗਿਆ ਤੇ ਸਰਕਾਰ ਵਲੋਂ ਲਗਾਏ ਗਏ ਜ਼ੋਰ ਦੇ ਬਾਵਜੂਦ ਜਿਸ ਤਰ੍ਹਾਂ ਸਰਦਾਰ ਹਰਚਰਨ ਸਿੰਘ ਧਾਮੀ ਜੀ ਨੇ ਜਿੱਤ ਪ੍ਰਾਪਤ ਕੀਤੀ ਹੈ ਓਹ ਬੇਮਿਸਾਲ ਹੈ । ਉਨ੍ਹਾਂ ਦਿੱਲੀ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਉਪਰ ਕਈ ਨਿਸ਼ਾਨੇ ਸਾਧਦਿਆ ਉਨ੍ਹਾਂ ਵਲੋਂ ਦਿੱਲੀ ਕਮੇਟੀ ਦੀਆਂ ਚੋਣਾਂ ਰੁਕਵਾਣ ਬਾਰੇ ਦਸਿਆ ਤੇ ਨਾਲ ਹੀ ਕਿਹਾ ਕਿ ਜਿਸ ਤਰ੍ਹਾਂ ਹਰਮੀਤ ਸਿੰਘ ਕਾਲਕਾ ਚੋਣਾਂ ਨਹੀਂ ਹੋਣ ਦੇ ਰਿਹਾ ਹੈ ਓਸੇ ਤਰ੍ਹਾਂ ਉਨ੍ਹਾਂ ਦੇ ਦਾਦੇ ਨੇ ਵੀਂ 9 ਸਾਲਾਂ ਤਕ ਕਮੇਟੀ ਦੀਆਂ ਚੋਣਾਂ ਨਹੀਂ ਹੋਣ ਦਿਤੀਆਂ ਸਨ । ਇਸ ਮੌਕੇ ਸਰਦਾਰ ਮਨਜੀਤ ਸਿੰਘ ਜੀਕੇ ਨੇ ਇਸ ਗੱਲ ਦੀ ਪ੍ਰੋੜਤਾ ਕਰਦਿਆਂ ਦਸਿਆ ਕਿ ਹਰਮੀਤ ਸਿੰਘ ਕਾਲਕਾ ਦੇ ਦਾਦੇ ਵਲੋਂ ਇਕ ਪੂਰੇ ਪੇਜ ਦਾ ਇਸ਼ਿਤਹਾਰ ਜਾਰੀ ਕੀਤਾ ਗਿਆ ਸੀ ਜੋ ਪੰਥ ਅਤੇ ਅਕਾਲ ਤਖਤ ਸਾਹਿਬ ਵਿਰੁੱਧ ਸੀ । ਜੀਕੇ ਨੇ ਰਿਟਾਇਰ ਹੋ ਰਹੇ ਚੀਫ਼ ਜਸਟਿਸ ਆਫ ਇੰਡੀਆ, ਜਸਟਿਸ ਡੀ.ਵਾਈ. ਚੰਦਰਚੂੜ ਨੂੰ ਸਿੱਖਾਂ ਤੋਂ ਸੁਪਰੀਮ ਕੋਰਟ ਵੱਲੋਂ ਇਸ ਕਤਲੇਆਮ ਦੌਰਾਨ ਆਪਣੀ ਅੱਖਾਂ ਬੰਦ ਕਰਕੇ ਰੱਖਣ ਲਈ ਮੁਆਫ਼ੀ ਮੰਗਣ ਦੀ ਅਪੀਲ ਕੀਤੀ। ਜੀਕੇ ਨੇ ਚੇਤਾ ਕਰਵਾਇਆ ਕਿ 1984 'ਚ ਉਨ੍ਹਾਂ ਦੇ ਪਿਤਾ ਜਸਟਿਸ ਵਾਈ.ਵੀ. ਚੰਦਰਚੂੜ, ਚੀਫ਼ ਜਸਟਿਸ ਆਫ ਇੰਡੀਆ ਸਨ। ਪਰ ਉਹ ਨਿਰਦੋਸ਼ ਸਿੱਖਾਂ ਨਾਲ ਹੋਏ ਗੈਰ ਮਨੁੱਖੀ ਵਰਤਾਰੇ ਦੇ ਖਿਲਾਫ ਸ਼ਕੀ ਤਰੀਕੇ ਨਾਲ ਚੁੱਪ ਰਹੇ। ਸਰਦਾਰ ਪਰਮਜੀਤ ਸਿੰਘ ਸਰਨਾ ਨੇ ਵੀਂ ਦਿੱਲੀ ਕਮੇਟੀ ਉਪਰ ਨਿਸ਼ਾਨੇ ਸਾਧ ਕੇ ਚੋਣਾਂ ਨਾ ਕਰਵਾਉਣ ਦਾ ਦੋਸ਼ ਲਗਾਇਆ ।ਐਸਜੀਪੀਸੀ ਪ੍ਰਧਾਨ ਸਰਦਾਰ ਹਰਚਰਨ ਸਿੰਘ ਧਾਮੀ ਨੇ ਉਨ੍ਹਾਂ ਨੂੰ ਸਨਮਾਨਿਤ ਕਰਣ ਲਈ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਸਮੂਹ ਔਹਦੇਦਾਰਾਂ ਦੇ ਨਾਲ ਹਾਜਿਰ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ । ਇਸ ਮੌਕੇ ਐਸਜੀਪੀਸੀ ਮੈਂਬਰ ਰਜਿੰਦਰ ਸਿੰਘ ਮਹਿਤਾ, ਦਿੱਲੀ ਕਮੇਟੀ ਮੈਂਬਰ ਕਰਤਾਰ ਸਿੰਘ ਚਾਵਲਾ, ਜਤਿੰਦਰ ਸਿੰਘ ਸੋਨੂੰ, ਸਤਨਾਮ ਸਿੰਘ ਖਾਲਸਾ, ਅਮਰੀਕ ਸਿੰਘ, ਸੁਖਵਿੰਦਰ ਸਿੰਘ ਬੱਬਰ ਯੂਥ ਆਗੂ ਰਮਨਦੀਪ ਸਿੰਘ ਸੋਨੂੰ, ਜਸਮੀਤ ਸਿੰਘ ਪਿੱਤਮਪੁਰਾ, ਦਲਜੀਤ ਸਿੰਘ ਵਡਾਲੀ, ਹਰਪਾਲ ਸਿੰਘ ਸਰਨਾ, ਸੁਖਮਨ ਸਿੰਘ, ਗੁਰਪ੍ਰੀਤ ਸਿੰਘ ਰਿੰਟਾ ਸਮੇਤ ਵਡੀ ਗਿਣਤੀ ਵਿਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੈਂਬਰ ਅਤੇ ਸਿੱਖ ਮਿਸ਼ਨ ਦਿੱਲੀ ਵਲੋਂ ਸੁਰਿੰਦਰ ਸਿੰਘ ਸਮਾਣਾ ਹਾਜਿਰ ਸਨ।

**ਚੀਫ਼ ਜਸਟਿਸ ਡੀ.ਵਾਈ.ਚੰਦਰਚੂੜ ਸਿੱਖਾਂ ਤੋਂ ਸੁਪਰੀਮ ਕੋਰਟ ਵੱਲੋਂ ਇਸ ਕਤਲੇਆਮ ਦੌਰਾਨ ਆਪਣੀ ਅੱਖਾਂ ਬੰਦ ਕਰਕੇ ਰੱਖਣ ਲਈ ਮੁਆਫ਼ੀ ਮੰਗਣ: ਜੀਕੇ**

### ਕਲਾ ਦੇ ਬਾਨੀ ਬਾਬਾ ਵਿਸ਼ਵਕਰਮਾ ਜੀ ਮਹਾਰਾਜ ਦੀ

# ਸੰਸਾਰ ਨੂੰ ਬਹੁਤ ਵੱਡੀ ਦੇਣ ਹੈ : ਚੇਅਰਮੈਨ ਘੁੱਲੀ



ਧੂਰੀ ( ਰਣਜੀਤ ਸਿੰਘ ਪੇਧਨੀ ) ਪ੍ਰਾਚੀਨ ਗ੍ਰੰਥਾਂ ਅਤੇ ਰਿਗਵੇਦ ਵਿਚ ਵਿਸ਼ਵਕਰਮਾ ਜੀ ਬਾਰੇ ਇਹ ਵਰਣਨ ਹੈ ਕਿ ਉਹਨਾਂ ਨੇ ਸ੍ਰਿਸਟੀ ਦੀ ਰਚਨਾ ਵਿਚ ਤਕਨਾਲੋਜੀ ਨੂੰ ਸ਼ਾਮਲ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।ਉਹਨਾਂ ਦੇ ਵੱਲੋਂ ਸ਼ਿਲਪਕਲਾਂ ਤੇ ਵਿਕਾਸ ਨੂੰ ਨਵੀਂ ਦਿਸ਼ਾ ਦਿੱਤੀ ਗਈ ਹੈ, ਇਸ ਕਾਰਨ ਉਹ ਸੰਸਾਰ ਭਰ ਵਿਚ ਇਕ ਮਹੱਤਵਪੂਰਨ ਰਚਨਹਾਰ ਵਜੋਂ ਜਾਣੇ ਗਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫ਼ਤਰ ਇੰਚਾਰਜ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਧੂਰੀ ਵਿਖੇ ਬਾਬਾ ਵਿਸ਼ਵਕਰਮਾ ਮੰਦਰ ਵਿਖੇ ਮੰਦਰ ਕਮੇਟੀ ਵੱਲੋਂ 40ਵਾਂ ਸਾਲਾਨਾ ਸਮਾਗਮ ਵਿੱਚ ਹਾਜਰੀ ਲਵਾਉਣ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਸ਼ਿਲਪ ਕਲਾ ਦੇ ਬਾਨੀ ਬਾਬਾ ਵਿਸ਼ਵਕਰਮਾ ਜੀ ਦੀ ਸੰਸਾਰ ਨੂੰ ਬਹੁਤ ਵੱਡੀ ਦੇਣ ਹੈ, ਜਿਨ੍ਹਾਂ ਦੀ ਬਦੌਲਤ ਤਕਨਾਲੋਜੀ ਵਿਕਸਿਤ ਹੋਈ ਤੇ ਨਵਿਨਤਮ ਬੁਨਿਆਦੀ ਢਾਂਚੇ ਦੇ ਵਿਕਾਸ ਦੀ ਸ਼ੁਰੂਆਤ ਹੋਈ। ਉਹਨਾਂ ਦਾ ਨਾਮ ਰਹਿੰਦੀ ਦੁਨੀਆਂ ਤਕ ਧਰੁਵ ਤਾਰੇ ਦੀ ਤਰ੍ਹਾਂ ਚਮਕਦਾ ਰਹੇਗਾ। ਇਸ ਮੌਕੇ ਤੇਜਿੰਦਰ ਸਿੰਘ ਨਨੜੇ, ਸਰਬਜੀਤ ਸਿੰਘ ਹੁੰਝਣ, ਕੁਲਦੀਪ ਸਿੰਘ ਬੁੱਟਰ, ਦਰਸ਼ਨ ਸਿੰਘ ਲੋਟੇ ਭਗਵੰਤ ਸਿੰਘ ,ਬਲਜੀਤ ਸਿੰਘ ਬਾਂਸਲ ,ਸਰਪੰਚ ਬਿੱਲਾ ਸਾਹੀਵਾਲ ਸੁਖਪਾਲ ਸਿੰਘ ਪਾਲਾ, ਰਜਿੰਦਰ ਸਿੰਘ,ਹਰਭਜਨ ਸਿੰਘ, ਅਮਰਦੀਪ ਸਿੰਘ ਧਾਂਦਰਾ, ਜਗਜੀਤ ਸਿੰਘ ਦਰਦੀ, ਸੋਨੀ ਬਿਰਦੀ, ਜਤਿੰਦਰ ਰਾਜੂ, ਭਿੰਦਾ ਵਿਰਕ ਹਾਜ਼ਰ ਸਨ।

# ਨਾਭਾ ਦੇ ਐਮ,ਐਲ,ਏ ਦੇਵ ਮਾਨ ਨੇ ਸਰਪੰਚ ਬਿੱਲਾ ਸਾਹੀਵਾਲ ਅਤੇ ਪੰਚਾਇਤ ਦਾ ਸਨਮਾਨ

ਨਾਭਾ ( ਰਣਜੀਤ ਸਿੰਘ ਪੇਧਨੀ ) ਪਿੱਛੇ ਲੰਘੀਆਂ ਪੰਚਾਇਤੀ ਚੋਣਾਂ ਵਿੱਚ ਸਰਬ ਸੰਮਤੀ ਅਤੇ ਵੱਡੇ ਮਾਰਜਨ ਨਾਲ ਜਿੱਤ ਚੁੱਕੇ ਸਰਪੰਚਾਂ ਨੂੰ ਹਮੇਸ਼ਾ ਹੀ ਸਰਕਾਰ ਵੱਲੋਂ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ। ਸਰਕਾਰੇ ਦਰਬਾਰੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਰਪੰਚ ਅਤੇ ਸਮੂਹ ਨਗਰ ਪੰਚਾਇਤ ਨੂੰ ਪੂਰਾ ਮਾਨ ਸਨਮਾਨ ਮਿਲੇਗਾ । ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਦੇਵ ਮਾਨ ਐਮ,ਐਲ,ਏ ਨਾਭਾ ਨੇ ਕੀਤਾ। ਦੇਵ ਮਾਨ ਨੇ ਪਿੰਡ ਸਾਹੀਵਾਲ ਤੋਂ ਵੱਡੇ ਮਾਰਜਨ ਨਾਲ ਜਿੱਤ ਕੇ ਸਰਪੰਚ ਬਣੇ ਨੌਜਵਾਨ ਆਗੂ ਬਿੱਲਾ ਸਾਹੀਵਾਲ ਅਤੇ ਚੁਣੇ ਪੰਚਾਇਤ ਮੈਂਬਰਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਉਹਨਾਂ ਕਿਹਾ ਕਿ ਇਸ ਵਾਰ ਨੌਜਵਾਨ ਸਰਪੰਚ ਬਣੇ ਹਨ ਜਿਨਾਂ ਦਾ ਸਰਕਾਰ ਪੂਰਾ ਸਾਥ ਦੇਵੇਗੀ ਹਰ ਪੱਖ ਤੋਂ ਪਿੰਡਾਂ ਦੇ ਵਿਕਾਸ ਬਿਨਾ ਪੱਖ ਪਾਤ ਤੋ ਹੋਣਗੇ, ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਕਾਸ ਦੀ ਲਹਿਰ ਨੂੰ ਅੱਗੇ ਤੋਰਨ ਦੇ ਲਈ ਪਿੰਡਾਂ ਨੂੰ ਗਰਾਂਟਾਂ ਦੇ ਗੱਫੇ ਜਾਰੀ ਕਰਨਗੇ। ਇਸ ਮੌਕੇ ਜਗਜੀਤ ਸਿੰਘ ਯੋਧਾ, ਨਿਰਮਲ ਸਿੰਘ ਅਤੇ ਸਮੂਹ ਪੰਚਾਇਤ ਹਾਜ਼ਰ ਸਨ।



# ਜਿਨ੍ਹਾਂ ਵਾਸਤੇ ਸਾਡੇ ਗੁਰੂ ਸਾਹਿਬਾਨ ਨੇ ਕੁਰਬਾਨੀਆਂ ਕੀਤੀਆਂ ਉਹੀ ਲੋਕ ਸਾਡੀ ਜਾਨ ਦੇ ਦੁਸ਼ਮਣ ਬਣ ਗਏ

ਜਦੋ 31 ਅਕਤੂਬਰ 1984 ਨੂੰ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦਾ ਕਤਲ ਹੋ ਜਾਂਦਾ ਹੈ। ਤਾਂ ਟੀਵੀ ਚੈਨਲ ਤੇ ਇਕ ਹੀ ਗੱਲ ਆਖੀ ਜਾਂਦੀ ਹੈ। ਕੇ ਖ਼ੂਨ ਕਾ ਬਦਲਾ ਖ਼ੂਨ ਇਹ ਗੱਲ ਸਾਬਤ ਵੀ ਹੁੰਦੀ ਹੈ 1 ਨਵੰਬਰ ਦੀ ਸਵੇਰ ਨੂੰ ਜਦੋ ਘਰ ਦੇ ਬਾਹਰ ਲੋਕਾਂ ਨੂੰ ਦੇਖਿਆ ਜਾਂਦਾ ਸੀ ਕਿ ਚਾਰੇ ਪਾਸਿਓਂ ਸਰਦਾਰ ਦੀਆਂ ਲਾਸ਼ਾਂ ਦੇਖਣ ਨੂੰ ਮਿਲਦੀਆਂ ਸਨ। ਸਿੱਖ ਬੀਬੀਆਂ ਨੂੰ ਨੰਗਿਆਂ ਕਰ ਸੜਕਾਂ ਉੱਪਰ ਘੁਮਾਇਆ ਗਿਆ ਤੇ ਬਲਾਤਕਾਰ ਕੀਤਾ ਗਿਆ ਸਨ । ਜਿਹਨਾਂ ਵਾਸਤੇ ਸਾਡੇ ਗੁਰੂ ਸਾਹਿਬਾਨ ਨੇ ਕੁਰਬਾਨੀਆਂ ਕੀਤੀਆਂ ਉਹੀ ਲੋਕ ਸਾਡੀ ਜਾਨ ਦੇ ਦੁਸ਼ਮਣ ਬਣ ਗਿਆ। ਕਿੱਦਾਂ ਸਾਡੇ ਲੋਕਾਂ ਦੇ ਗਲੇ ਵਿਚ ਟਾਇਰ ਪਾ ਕੇ ਜਿੰਦਾ ਸਾੜ ਦਿੱਤਾ। ਛੋਟੇ ਛੋਟੇ ਬੱਚਿਆਂ ਨੂੰ ਸੂਟੋਪ ਤੇ ਰੱਖ ਕੇ ਭੁੰਨ ਦਿੱਤਾ ਜਦੋ ਮੈ ਸੋਚਦਾ ਉਹ ਦ੍ਰਿਸ਼ ਕਿੱਦਾ ਦਾ ਹੋਵੇਗਾ। ਗੁਰਦੁਆਰਾ ਵਿਚ ਅੱਗਾ ਲਈਆਂ ਗਈਆਂ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬਈਆਂ ਕੀਤੀਆਂ।

ਕਿੱਦਾ ਉਹ ਲੋਕ ਸਾਡੇ ਗੁਰਦੁਆਰਾ ਸਾਹਿਬਾਨਾਂ ਵਿਚ ਤੰਬਾਕੂ ਦਾ ਸੇਵਨ ਕਰਦੇ ਸਨ। ਉਹ ਕਿੱਦਾਂ ਭੁੱਲ ਜਾਈਏ ਦਰਦਨਾਕ ਦ੍ਰਿਸ਼ ਉਹ ਲੋਕ ਗਲਾ ਵਿਚ ਟਾਇਰ ਪਾ ਆਖ ਦੇ ਸੀ ਕਿ ਦੇਖੋ ਸਾਲੇ ਸਰਦਾਰਾ ਕਾ ਭੰਗੜਾ। 40 ਸਾਲ ਬਾਅਦ ਵੀ ਸਿੱਖ ਕੌਮ ਨੂੰ ਕੋਈ ਇਨਸਾਫ ਮਿਲਣ ਦੀ ਉਮੀਦ ਨਹੀਂ ਹੈ। ਮੁੱਖ ਦੋਸ਼ੀਆਂ ਨੂੰ ਸਮੇ ਦੀਆਂ ਵੱਖ ਵੱਖ ਸਰਕਾਰ ਨੇ ਵੱਡੇ ਵੱਡੇ ਅਹੁਦੇ ਦੇ ਕੇ ਨਿਵਾਜਿਆ ਗਿਆ ਤੇ ਸਾਡੇ ਜਖਮਾਂ ਤੇ ਲੂਣ ਛਿੜਕ ਦਾ ਕੰਮ ਕੀਤਾ। ਕਿੱਦਾਂ ਭੁਲਾਇਆ ਜਾਵੇ ਉਹ ਸਮੇਂ ਹਜ਼ਾਰਾਂ ਬੇਗੁਨਾਹਾਂ ਸਿੱਖਾਂ ਦਾ ਖ਼ੂਨ ਨਾਲ ਹੱਥ ਰੰਗੇ ਨੇ ਇਸ ਗਾਂਧੀ ਪਰਿਵਾਰ ਦੇ, ਇਹ ਨਾ ਕਦੀ ਭੁੱਲੀਏ

-ਲਵਪ੍ਰੀਤ ਸਿੰਘ

ਪੱਤਰਕਾਰੀ ਅਤੇ ਜਨ ਸੰਚਾਰ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ

# ਬਲਬੇੜਾ ਦੀਆਂ ਸੰਗਤਾਂ ਨੇ ਗੁਰੂ ਪ੍ਰੇਮ ਚ ਭਿੱਜ ਕੇ ਫੁੱਲਾਂ ਦੀ ਵਰਖਾ ਕਰਕੇ ਮਨਾਇਆ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਗੁਰਿਆਈ ਦਿਵਸ



**ਪਿੰਡ ਬਲਬੇੜਾ** ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਿਆਈ ਦਿਵਸ ਨੂੰ ਮਨਾਉਂਦੇ ਹੋਏ ਸੰਗਤਾਂ ਨੇ ਜਿਸ ਤਰੀਕੇ ਨਾਲ ਗੁਰੂ ਪ੍ਰੇਮ ਭਿੱਜ ਕੇ ਗੁਰੂ ਸਾਹਿਬ ਨੂੰ ਫੁੱਲਾਂ ਦੀ ਵਰਖਾ ਕੀਤੀ ਉਸ ਅਲੌਕਿਕ ਦ੍ਰਿਸ਼ ਦੀ ਵੀਡੀਓ ਦੇਖ ਕੇ ਸੱਚ ਮੁੱਚ ਸੰਗਤਾਂ ਦੇ ਗੁਰੂ ਪ੍ਰਤੀ ਪਿਆਰ ਨੂੰ ਦਰਸਾਉਂਦੀ ਹੈ । ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਬਾਬਾ ਲਖਵਿੰਦਰ ਸਿੰਘ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅਸੀਂ ਪਿਛਲੇ ਕਾਫੀ ਲੰਬੇ ਸਮੇਂ ਤੋਂ ਗੁਰੂ ਸਾਹਿਬ ਦੇ ਗੁਰਿਆਈ ਦਿਵਸ ਮਨਾਉਣ ਸਬੰਧੀ ਸੰਗਤਾਂ ਨਾਲ ਵਿਚਾਰ ਵਟਾਂਦਰੇ ਕਰ ਰਹੇ ਸੀ । ਸੰਗਤਾਂ ਨਾਲ ਇਸ ਗੱਲ ਤੇ ਵੀ ਵਿਚਾਰ ਕੀਤੀ ਜਾ ਰਹੀ ਸੀ ਕਿ ਗੁਰੂ ਸਾਹਿਬ ਦਾ ਗੁਰਿਆਈ ਦਿਵਸ ਇਸ ਸਾਲ ਸਪੈਸ਼ਲ ਫੁੱਲਾਂ ਦੀ ਵਰਖਾ ਕਰਕੇ ਮਨਾਇਆ ਜਾਵੇ । ਜਿਸ ਵਿਚਾਰ ਤੇ ਪਿੰਡ ਦੀਆਂ ਸੰਗਤਾਂ ਵੱਲੋਂ ਭਰਵਾਂ ਹੁੰਗਾਰਾ ਮਿਲਣ ਤੇ ਦਿਲ ਨੂੰ ਮੋਹ ਲੈਣਾ ਅਲੌਕਿਕ ਦ੍ਰਿਸ਼ ਦੇਖਣ ਨੂੰ ਮਿਲਿਆ ਜਦੋਂ ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਉੱਪਰ ਫੁੱਲਾਂ ਦੀ ਵਰਖਾ ਕੀਤੀ ।

**-ਪਰਗਟ ਸਿੰਘ ਬਲਬੇੜਾ, 9022000070**



ਇੰਟਰਨੈਸ਼ਨਲ ਗੋਲਡ ਮੈਡਲ ਢਾਡੀ ਜਥਾ ਬੀਬੀ ਸਰਬਜੀਤ ਕੌਰ ਚੱਕ ਖੁਰਦ ਨਕੋਦਰ ਵਾਲੀਆਂ ਬੀਬੀਆ ਦਾ ਜਥਾ ਧਾਰਮਿਕ ਸਮਾਗਮ ਵਿੱਚ ਹਰ ਜੱਸ ਕਰਦੀਆ ਹੋਈਆਂ।

( ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

## 1984 ਸਿੱਖ ਕਤਲੇਆਮ ਦੀ 40ਵੀਂ ਵਰੇਗੰਢ ਮੌਕੇ

# ਗੁਰਦੁਆਰਾ ਸ਼ਹੀਦਗੰਜ ਸਾਹਿਬ, ਤਿਲਕ ਵਿਹਾਰ ਦਿੱਲੀ ਵਿਖੇ ਹੋਏ ਗੁਰਮਤਿ ਸਮਾਗਮ




ਆਵਾਜ਼ਿ ਕੌਮ AWAZE QAUM International Newspaper & WEB TV



**ਅੰਮ੍ਰਿਤਸਰ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)**-1984 ਸਿੱਖ ਕਤਲੇਆਮ ਦੀ 40ਵੀਂ ਵਰੇਗੰਢ ਮੌਕੇ ਅੱਜ ਗੁਰਦੁਆਰਾ ਸ਼ਹੀਦਗੰਜ ਸਾਹਿਬ, ਤਿਲਕ ਵਿਹਾਰ ਦਿੱਲੀ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀਕੇ ਸਮੇਤ ਹੋਰ ਸਿੱਖ ਸਖਸ਼ੀਅਤਾਂ ਨੇ ਸ਼ਮੂਲੀਅਤ ਕੀਤੀ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਸਿੱਖ ਕਤਲੇਆਮ ਵਿੱਚ ਜਾਨਾ ਗਵਾਉਣ ਵਾਲਿਆਂ ਨੂੰ ਸਰਧਾ ਦੇ ਫੁੱਲ ਭੇਟ ਕਰਦਿਆਂ ਸਰਕਾਰਾਂ ਦੀ ਕਾਰਗੁਜ਼ਾਰੀ ਤੇ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪੀੜਤ ਪਰਿਵਾਰਾਂ ਦੀ ਹਰ ਪ੍ਰਕਾਰ ਦੀ ਮਦਦ ਲਈ ਤਿਆਰ ਹੈ ਅਤੇ ਇਨਸਾਫ਼ ਦੀ ਲੜਾਈ 'ਚ ਲੋੜੀਂਦਾ ਹਿੱਸਾ ਪਾਵੇਗੀ। ਉਨ੍ਹਾਂ ਸ਼੍ਰੋਮਣੀ ਕਮੇਟੀ ਵਲੋਂ ਗੁਰਦੁਆਰਾ ਸ਼ਹੀਦਗੰਜ ਸਾਹਿਬ ਲਈ ਵੱਲੋਂ 10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਵੀ ਐਲਾਨ ਕੀਤਾ। ਧਾਮੀ ਨੇ ਕਿਹਾ ਕਿ ਪਿਛਲੇ ਸਾਲ ਵੀ ਸ਼੍ਰੋਮਣੀ ਕਮੇਟੀ ਨੇ 10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਸੀ।

## ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਸਮੇਤ ਸਿੱਖ ਸਖਸ਼ੀਅਤਾਂ ਨੇ ਕੀਤੀ ਸ਼ਮੂਲੀਅਤ



ਇਸ ਦੌਰਾਨ ਸ. ਮਨਜੀਤ ਸਿੰਘ ਜੀਕੇ ਨੇ ਪੀੜਤਾਂ ਨੂੰ 1984 ਦਾ ਇਨਸਾਫ਼, ਮੁੜ ਵਸੇਬਾ ਤੇ ਹੋਰ ਸਮਾਜਿਕ ਸਹੂਲਤਾਂ ਉਪਲਬੱਧ ਕਰਵਾਉਣ ਬਾਰੇ ਸਰਕਾਰੀ ਤੰਤਰ ਦੇ ਰਵਈਏ ਉਤੇ ਨਰਾਜ਼ਗੀ ਜ਼ਾਹਿਰ ਕੀਤੀ। ਉਨ੍ਹਾਂ ਕੇਂਦਰ ਸਰਕਾਰ ਨੂੰ 1984 ਸਿੰਖ ਕਤਲੇਆਮ ਲਈ ਸਿੱਖ ਕੌਮ ਤੋਂ ਮੁਆਫ਼ੀ ਮੰਗਣ ਦੀ ਤਜਵੀਜ਼ ਵੀ ਦਿੱਤੀ। ਸ. ਜੀਕੇ ਨੇ ਕਿਹਾ ਕਿ ਜੇਕਰ ਪੜਚੋਲ ਕਰੀਏ ਤਾਂ ਸਾਡੇ ਨਾਲ ਸੁਪਰੀਮ ਕੋਰਟ ਵੀ ਖੜ੍ਹਾ ਨਹੀਂ ਹੋਇਆ, ਜਦਕਿ 2002 ਦੇ ਗੁਜਰਾਤ ਦੰਗਿਆਂ ਦੇ ਸਮੇਂ ਸੁਪਰੀਮ ਕੋਰਟ ਨੇ ਖੁਦ ਸੰਗਿਆਨ ਲੈਂਦੇ ਹੋਏ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਦਾ ਰਾਹ ਪੱਧਰਾ ਕੀਤਾ ਸੀ। ਉਨ੍ਹਾਂ ਕਿਹਾ ਕਿ ਨਿਰਦੋਸ਼ ਸਿੱਖਾਂ ਨਾਲ ਹੋਏ ਗੈਰ ਮਨੁੱਖੀ ਵਰਤਾਰੇ ਦੇ ਖਿਲਾਫ ਭਾਰਤੀ ਨਿਆਂਪਾਲਿਕਾ ਦਾ ਚੁੱਪ ਰਹਿਣਾ ਵੀ ਫਿਰਕੂਕਰਨ ਸੀ, ਜੋ ਇਸ ਤੋਂ ਪਹਿਲਾਂ ਕਦੇ ਵੀ ਨਹੀਂ ਹੋਇਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵਡ, ਦਿੱਲੀ ਕਮੇਟੀ ਮੈਂਬਰ ਸ. ਸਤਨਾਮ ਸਿੰਘ ਖੀਵਾ, ਸ. ਮਹਿੰਦਰ ਸਿੰਘ, ਅਕਾਲੀ ਆਗੂ ਡਾਕਟਰ ਪਰਮਿੰਦਰ ਪਾਲ ਸਿੰਘ, ਸ. ਪਰਮਜੀਤ ਸਿੰਘ ਮੱਕੜ, ਸ. ਗੁਨਜੀਤ ਸਿੰਘ ਬਖਸ਼ੀ, ਸ. ਸੁਖਮਨ ਸਿੰਘ, ਸ. ਰਵਿੰਦਰ ਸਿੰਘ ਤੇ ਸ. ਮਨਜੀਤ ਸਿੰਘ ਸਮੇਤ ਹੋਰ ਮੌਜੂਦ ਸਨ।

# ਤਰਸੇਮ ਸਿੰਘ ਕਲਸੀ ਬਣੇ ਦਸਤਕਾਰੀ ਕਮੇਟੀ ਦੇ ਪ੍ਰਧਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਦਸਤਕਾਰੀ ਕਮੇਟੀ ਧੂਰੀ ਦੀ ਚੋਣ ਤੇਜਿੰਦਰ ਸਿੰਘ ਨੰਨੜੇ, ਹਰਦੀਪ ਸਿੰਘ ਨੰਨੜੇ,ਜਸਬੀਰ ਸਿੰਘ ਜਗਦਿਉ,ਆਸਾ ਸਿੰਘ, ਮਲਕੀਤ ਸਿੰਘ ਦੀ ਅਗਵਾਈ ਹੇਠ ਕੀਤੀ ਗਈ। ਇਸ ਮੌਕੇ ਤਰਸੇਮ ਸਿੰਘ "ਕਲਸੀ" ਪ੍ਰਧਾਨ ਜਸਵਿੰਦਰ ਸਿੰਘ "ਬਿੱਲੂ" ਮੀਤ ਪਧਾਨ, ਹਰਭਜਨ ਸਿੰਘ ਸੈਕਟਰੀ, ਬਲਜੀਤ ਸਿੰਘ ਬਾਸਲ ਮੀਤ ਸੈਕਟਰੀ, ਜਤਿੰਦਰ ਸਿੰਘ ਰਾਜੂ ਮੈਬਰ, ਸਰਬਜੀਤ ਸਿੰਘ ਲਾਡੀ ਮੈਬਰ, ਇਸ ਮੌਕੇ ਜਗਜੀਤ ਸਿੰਘ "ਬਿਰਦੀ,ਦਰਸ਼ਨ ਸਿੰਘ "ਲੋਟੇ,ਜਗਤਾਰ ਸਿੰਘ "ਬਿਰਦੀ", ਪਰਮਿੰਦਰ ਸਿੰਘ (ਸੋਨੀ ਬਿਰਦੀ) ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਆਪ ਸਰਕਾਰ ਦੀ ਕਾਰਗੁਜ਼ਾਰੀ ਤੋਂ ਹਰ ਵਰਗ ਦੁਖੀ - ਕਾਲਾ ਢਿੱਲੋਂ



ਬਰਨਾਲਾ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੇ ਰਾਜ 'ਚ ਸੂਬੇ ਅੰਦਰ ਅਮਨ ਕਾਨੂੰਨ ਪੂਰੀ ਤਰ੍ਹਾਂ ਭੰਗ ਹੋ ਚੁੱਕਿਆ ਹੈ। ਨਸ਼ਿਆਂ ਕਾਰਨ ਘਰਾਂ ਦੇ ਘਰ ਉਜੜ ਰਹੇ ਹਨ ਤੇ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ 'ਚ ਲਗਾਤਾਰ ਵਾਧਾ ਹੋ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਬਰਨਾਲਾ ਤੋਂ ਕਾਂਗਰਸ ਦੇ ਉਮੀਦਵਾਰ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਨੇੜਲੇ ਪਿੰਡ ਠੁੱਲੇਵਾਲ ਵਿਖੇ ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕਹੇ। ਢਿੱਲੋਂ ਨੇ ਕਿਹਾ ਕਿ ਸੱਤਾ ਦੇ ਨਸ਼ੇ 'ਚ ਆਮ ਆਦਮੀ ਪਾਰਟੀ ਆਪਣੀ ਜਿੰਮੇਵਾਰੀ ਭੁੱਲ ਚੁੱਕੀ ਹੈ, ਜਿਸ ਦਾ ਅਹਿਸਾਸ ਕਰਵਾਉਣ ਲਈ ਇਹਨਾਂ ਜਿਮਨੀ ਚੋਣਾਂ 'ਚ ਆਮ ਆਦਮੀ ਪਾਰਟੀ ਨੂੰ ਸਬਕ ਸਿਖਾਇਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਫੇਲ ਸਾਬਤ ਹੋ ਚੁੱਕੀ ਹੈ। ਪੰਜਾਬ ਦੇ ਕਿਸਾਨ, ਮਜ਼ਦੂਰ, ਵਪਾਰੀ, ਮੁਲਾਜ਼ਮ, ਪੈਨਸ਼ਨਰ, ਕੱਚੇ ਮੁਲਾਜ਼ਮ ਤੇ ਪੜ੍ਹੇ ਲਿਖੇ ਬੇਰੁਜ਼ਗਾਰ ਨੌਜਵਾਨਾਂ ਸਮੇਤ ਹਰ ਵਰਗ ਦੇ ਲੋਕ ਸਰਕਾਰ ਦੀ ਕਾਰਗੁਜ਼ਾਰੀ ਤੋਂ ਦੁਖੀ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਦੇ ਹੱਕਾਂ ਦੀ ਰਾਖੀ ਤੇ ਸਰਕਾਰ ਨੂੰ ਮਨਮਰਜ਼ੀਆਂ ਕਰਨ ਤੋਂ ਰੋਕਣ ਲਈ ਕਾਂਗਰਸ ਦਾ ਸਾਥ ਦਿੱਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਮੱਤੇਵਾਲ ਵਲੋਂ ਸਰਪੰਚੀ 'ਚ ਵੱਡਾ ਬੋਹੜ ਪੁੱਟਣ 'ਤੇ ਗੱਫੇ ਦਿੱਤੇ ਜਾਣਗੇ : ਗਿੱਲ, ਮਜੀਠੀਆ



**ਚੌਕ ਮਹਿਤਾ, 3 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲਾ ਅੰਮ੍ਰਿਤਸਰ ਦਾ ਇਤਿਹਾਸਕ ਪਿੰਡ ਜਿਥੇ ਪੰਚਾਇਤੀ ਚੋਣਾਂ ਦੌਰਾਨ ਇਕ ਪਰਿਵਾਰ ਦਾ ਲੰਬਾ ਸਮਾਂ ਕਬਜਾ ਰਿਹਾ ਸੀ ਪਰ ਇਸ ਵਾਰ ਆਮ ਆਦਮੀ ਪਾਰਟੀ ਦੇ ਜੁਝਾਰੂ ਵਰਕਰਾਂ ਵਲੋਂ ਆਮ ਆਦਮੀ ਪਾਰਟੀ ਦੀ ਪੰਚਾਇਤ ਭਾਰੀ ਬਹੁਮਤ ਨਾਲ ਜਿੱਤਾ ਕੇ ਇਕ ਇਤਿਹਾਸ ਰਚ ਦਿੱਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਆਪ ਆਗੂ ਤਲਬੀਰ ਸਿੰਘ ਗਿੱਲ ਅਤੇ ਯੂਥ ਆਗੂ ਅਕਾਸ਼ ਮਜੀਠੀਆ ਵਲੋਂ ਪਿੰਡ ਮੱਤੇਵਾਲ ਵਿਖੇ ਗੱਲਬਾਤ ਕਰਦਿਆਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਿੰਡ ਮੱਤੇਵਾਲ ਨੂੰ ਗ੍ਰਾਂਟਾਂ ਦੇ ਵੀ ਗੱਫੇ ਇਤਿਹਾਸ ਦਿੱਤੇ ਜਾਣਗੇ ਤਾਂ ਜੋ ਪਿੰਡ ਵਿਕਾਸ ਕਾਰਜ਼ਾਂ 'ਚ ਪਹਿਲੇ ਨੰਬਰ 'ਤੇ ਆ ਸਕੇ। ਇਸ ਮੌਕੇ ਉਨ੍ਹਾਂ ਵਲੋਂ ਸਮੁੱਚੀ ਪੰਚਾਇਤ ਸਰਪੰਚ ਸੁਖਵਿੰਦਰ ਕੌਰ, ਪੰਚ ਬਲਜੀਤ ਕੌਰ, ਸਵਿੰਦਰ ਕੌਰ, ਪਲਵਿੰਦਰ ਕੌਰ, ਮਨਦੀਪ ਕੌਰ, ਮਨਜੀਤ ਕੌਰ, ਬਲਦੇਵ ਸਿੰਘ, ਡਾ. ਬਲਵਿੰਦਰ ਸਿੰਘ, ਬਲਬੀਰ ਸਿੰਘ, ਜਸਪਾਲ ਸਿੰਘ ਆਦਿ ਪੰਚਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੀਨੀਅਰ ਆਗੂ ਪਰਮਜੀਤ ਸਿੰਘ ਦੁਬਈ ਵਾਲਿਆਂ ਨੇ ਪੰਚਾਇਤ ਦੀ ਹਾਜਰੀ 'ਚ ਇਕ ਮਤਾ ਪਾਇਆ ਕਿ ਜੋ ਵੀ ਨਸ਼ੇ ਅਤੇ ਚਾਈਨਾਂ ਡੋਰ ਦਾ ਕਾਰੋਬਾਰ ਕਰਦਾ ਫੜਿਆ ਗਿਆ ਤਾਂ ਉਸਦੀ ਕੋਈ ਵੀ ਪਿੰਡ ਦਾ ਵਿਅਕਤੀ ਜਮਾਨਤ ਨਹੀਂ ਦੇਵੇਗਾ ਜਿਸ 'ਤੇ ਪਿੰਡ ਵਾਸੀਆਂ ਵਲੋਂ ਸਹਿਮਤੀ ਪ੍ਰਗਟਾਈ ਗਈ। ਉਨ੍ਹਾਂ ਕਿਹਾ ਕਿ ਆਏ ਦਿਨ ਨਸ਼ਿਆਂ ਦੇ ਕਾਰਨ ਨੌਜਵਾਨਾਂ ਦੀ ਮੌਤ ਹੋ ਰਹੀ ਹੈ ਅਤੇ ਚਾਈਨਾ ਡੋਰ ਦੇ ਕਾਰਨ ਵੀ ਵੱਡੇ ਹਾਦਸੇ ਹੋ ਰਹੇ ਹਨ। ਇਸ ਮੌਕੇ ਗੁਰਬੀਰ ਸਿੰਘ ਮੱਤੇਵਾਲ, ਸੁਲੱਖਣ ਸਿੰਘ ਬੱਬਰ ਮੱਤੇਵਾਲ, ਡਾ. ਸੁਖਵਿੰਦਰ ਸਿੰਘ, ਗੁਰਮੁੱਖ ਸਿੰਘ, ਹਰਕੇਸ਼ ਸਿੰਘ, ਜਗੀਰ ਸਿੰਘ, ਹਰਪਿੰਦਰ ਸਿੰਘ, ਤਰਸੇਮ ਸਿੰਘ, ਕਾਵਲ ਸਿੰਘ ਮਜੀਠੀਆ, ਸੰਤੋਖ ਸਿੰਘ, ਬਲਦੇਵ ਸਿੰਘ, ਮਨੀ ਸਿੰਘ, ਬਲਜਿੰਦਰ ਸਿੰਘ ਪੀ.ਏ, ਦਿਲਬਾਗ ਸਿੰਘ ਵਡਾਲੀ, ਨਰਿੰਦਰ ਸਿੰਘ ਫੌਜੀ, ਗੁਰਸੇਵਕ ਸਿੰਘ, ਡਾ, ਬਲਵਿੰਦਰ ਸਿੰਘ,ਹਰਜੀਤ ਸਿੰਘ ਰਾਣਾ, ਸਤਨਾਮ ਸਿੰਘ ਪੀ ਬੀ ਐਸ ਵਾਲੇ,ਸਤਿੰਦਰਪਾਲ ਸਿੰਘ, ਠੇਕੇਦਾਰ ਬਿੱਟੂ ਆਦਿ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਲਾਇੰਸ ਕਲੱਬ ਫ਼ਿਰੋਜ਼ਪੁਰ ਦੀ ਹੋਈ ਚੋਣ

ਫ਼ਿਰੋਜ਼ਪੁਰ, 3 ਨਵੰਬਰ (ਮਨੋਹਰ ਲਾਲ):— ਸਾਦੇ ਅਤੇ ਪ੍ਰਭਾਵਸ਼ਾਲੀ ਸਮਾਰੋਹ ਦੌਰਾਨ ਲਾਇੰਸ ਕਲੱਬ ਫ਼ਿਰੋਜ਼ਪੁਰ ਵੱਲੋਂ ਸਾਲ 2024—25 ਦੇ ਕੰਮਾਂ ਲਈ ਟੀਮ ਦਾ ਕੀਤਾ ਗਠਨ ਕੀਤਾ ਗਿਆ, ਜੋ ਸਮਾਜ ਸੇਵੀ ਕਾਰਜਾਂ ਨੂੰ ਸਮਰਪਿਤ ਭਾਵਨਾ ਨਾਲ ਨੇਪਰੇ ਚਾੜ੍ਹੇਗੀ। ਇਸ ਮੌਕੇ ਡਿਸਟ੍ਰਿਕ ਗਵਰਨਰ ਰਵਿੰਦਰ ਸੱਗਰ, ਡਿਸਟ੍ਰਿਕ 321 ਐਫ ਨੇ ਸਮਾਗਮ ਦੀ ਅਗਵਾਈ ਕੀਤੀ, ਜਦੋਂ ਕਿ ਗੁਰਮੀਤ ਸਿੰਘ ਸੋਢੀ, ਐਡਵੋਕੇਟ ਕੇ, ਗਗਨ ਅਗਰਵਾਲ ਅਤੇ ਇਕਬਾਲ ਚੁੱਘ ਨੂੰ ਕਾਰਜਕਾਰੀ ਕਮੇਟੀ ਦੇ ਮੈਂਬਰ ਚੁਣਿਆ ਗਿਆ। ਇਸ ਮੌਕੇ ਡਿਸਟ੍ਰਿਕ ਕੈਬਨਿਟ ਸੈਕਟਰੀ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਹੋਏ ਸਮਾਗਮ ਦੌਰਾਨ ਲਾਇਸ ਕਲੱਬ ਫ਼ਿਰੋਜ਼ਪੁਰ ਦੇ 3 ਨਵੰਬਰ 1974 ਦੇ ਸਥਾਪਨਾ ਦਿਵਸ ਦੇ ਚਲਦਿਆਂ ਐਸ.ਪੀ ਖੇੜਾ ਨੂੰ ਸਮਰਪਿਤ ਭਾਵਨਾ ਨਾਲ ਸੇਵਾ ਕਰਨ ਇਵਜ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਵੇਂ ਅਹੁਦੇਦਾਰਾਂ ਨੂੰ ਅਧਿਕਾਰ ਸੌਂਪਣ ਤੋਂ ਪਹਿਲਾਂ ਸਮਾਗਮ ਦੀ ਸ਼ੁਰੂਆਤ ਹੋਈ, ਜਿਸ ਉਪਰੰਤ ਡਿਸਟ੍ਰਿਕ ਗਵਰਨਰ ਸੱਗਰ ਨੇ ਸਾਰੀ ਟੀਮ ਦੇ ਆਗੂਆਂ ਨੂੰ ਆਪੋ—ਆਪਣੇ ਅਹੁਦੇ ਦੀ ਸਹੁੰ ਚੁਕਾਈ ਅਤੇ ਟੀਮ ਤੋਂ ਪੂਰਾ ਸਾਲ ਸਮਰਪਿਤ ਭਾਵਨਾ ਨਾਲ ਕਾਰਜਾਂ ਵਿਚ ਸਹਿਯੋਗ ਦੇਣ ਦਾ ਵਿਸਵਾਸ਼ ਲਿਆ। ਇਸ ਮੌਕੇ ਐਡਵੋਕੇਟ ਅਸ਼ਵਨੀ ਸ਼ਰਮਾ ਦੀ ਪੋਤਰੀ ਅਨਾਯਸ਼ਾ ਸ਼ਰਮਾ ਵੱਲੋਂ ਗਣਪਤੀ ਪ੍ਰਾਰਥਨਾ ਦਾ ਗਾਇਨ ਕਰਕੇ ਸਮੂਹ ਹਾਜ਼ਰੀਨ ਨੂੰ ਮੰਤਰ ਮੁਗਧ ਕੀਤਾ ਗਿਆ ਅਤੇ ਸਮੂਹ ਲੋਕਾਈ ਦੇ ਭਲੇ ਦੀ ਕਾਮਨਾ ਕੀਤੀ।



# ਭਾਈ ਸਰਵਣ ਸਿੰਘ ਰਾਗੀ, ਬੀਬਾ ਸੰਦੀਪ ਕੌਰ ਦਾ ਵਿਆਹ ਆਨੰਦ ਕਾਰਜ ਗੁਰ ਮਰਯਾਦਾ ਨਾਲ ਹੋਇਆ









**ਚੌਂਕ ਮਹਿਤਾ, 3 ਨਵੰਬਰ ( ਬਾਬਾ ਸੁਖਵੰਤ ਸਿੰਘ )**-ਦਮਦਮੀ ਟਕਸਾਲ ਜਥਾ ਭਿੰਡਰਾ ਮਹਿਤਾ, ਦੇ ਵਿਦਿਆਰਥੀ ਅਤੇ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਚਰਨ ਛੋਹ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂਆਣਾ ਸਾਹਿਬ ਦੇ ਹੈਡ ਗ੍ਰੰਥੀ ਅਤੇ ਸਿੱਖ ਧਰਮ ਦੇ ਮਹਾਨ ਵਿਦਿਆਨ ਕਥਾਵਾਚਕ ਗਿਆਨੀ ਬਲਵੀਰ ਸਿੰਘ ਦੀ ਭਤੀਜੀ, ਅਤੇ ਗਿਆਨੀ ਲਖਵਿੰਦਰ ਸਿੰਘ ਹੈਡ ਗ੍ਰੰਥੀ ਸੂਰੋ ਪੱਡਾ ਦੀ ਸਪੁੱਤਰੀ ਸੰਦੀਪ ਕੌਰ ਦਾ ਵਿਆਹ ਆਨੰਦ ਕਾਰਜ ਭਾਈ ਲਾਭ ਸਿੰਘ ਦੇ ਸਪੁੱਤਰ ਹਜੂਰੀ ਰਾਗੀ ਬਾਬਾ ਬਾਬਾ ਬੁੱਢਾ ਸਾਹਿਬ ਕੱਥੂਨੰਗਲ ਭਾਈ ਸਰਵਣ ਸਿੰਘ ਦੇ ਨਾਲ ਗੁਰ ਮਰਯਾਦਾ ਨਾਲ ਹੋਇਆ ਇਸ ਮੌਕੇ ਤੇ ਬਾਬਾ ਬੁੱਢਾ ਸਾਹਿਬ ਜੀ ਦੇ ਹਜੂਰੀ ਰਾਗੀ ਭਾਈ ਸਤਿੰਦਰਪਾਲ ਸਿੰਘ ਨੇ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸੰਗਤਾ ਨੂੰ ਸਰਵਣ ਕਰਵਾਇ। ਉਪਰੰਤ ਵਿਆਹ ਵਾਲੇ ਲੜਕੇ ਨੇ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸੰਗਤਾ ਨੂੰ ਸਰਵਣ ਕਰਵਾਇਆ। ਇਸ ਮੌਕੇ ਤੇ ਸੰਤ ਸਮਾਜ ਮਾਝਾ ਦੇ ਮੁੱਖੀ ਸੰਤ ਬਾਬਾ ਗੁਰਭੇਜ ਸਿੰਘ ਖੁਜਾਲੇ ਵਾਲੇ ਸੰਪਰਦਾਇ ਹਰਖੋਵਾਲ ਨੇ ਜੌੜੀ ਨੂੰ ਸਿਰਪਾਉ ਦੇਕੇ ਆਸ਼ੀਰਵਾਦ ਦਿੱਤਾ। ਇਸ ਮੌਕੇ ਤੇ ਗਿਆਨੀ ਬਲਵੀਰ ਸਿੰਘ ਪੱਡਾ ਨੇ ਗੁਰੂਇਤਿਹਾਸ ਨਾਲ ਸੰਗਤਾ ਨੂੰ ਜੋੜਿਆ। ਇਸ ਮੌਕੇ ਤੇ ਇਲਾਕੇ ਦੇ ਧਾਰਮਿਕ, ਰਾਜਨੀਤਕ, ਸਮਾਜ ਸੇਵੀ, ਦੇਸਾ ਵਿਦੇਸ਼ਾ ਦੀਆਂ ਸੰਗਤਾ ਨੇ ਹਾਜਰੀਆ ਭਰੀਆਂ , ਆਨੰਦ ਕਾਰਜ ਦੀ ਅਰਦਾਸ ਬੇਨਤੀ ਭਾਈ ਹਰਬੰਸ ਸਿੰਘ ਪੱਡਾ ਵੈਰੋਨੰਗਲ ਵਾਲਿਆਂ ਨੇ ਕੀਤੀ ਅਤੇ ਬਹੁਤ ਹੀ ਸਾਦੇ ਢੰਗ ਨਾਲ ਵਿਆਹ ਆਨੰਦ ਕਾਰਜ ਹੋਇਆ, ਪੂਰੇ 10 ਵਜੇ ਬਰਾਤ ਰੂਪੀ ਅਮ੍ਰਿਤ ਧਾਰੀ ਬਰਾਤ ਸੰਗਤ ਦੇ ਰੂਪ ਵਿੱਚ ਪਾਹੁੰਚੀ ਅਤੇ ਸਾਰਾ ਵਿਆਹ ਗੁਰਦੁਆਰਾ ਸਾਹਿਬ ਵਿੱਖੇ ਹੋਇਆ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਨਵੰਬਰ 1984 ਦੇ 40 ਸਾਲਾਂ ਤੇ ਪੰਥ ਸਵੇਕ ਸਖਸ਼ੀਅਤਾਂ ਵੱਲੋਂ ਕਰਵਾਏ ਗਏ ਗੁਰਮਤਿ ਸਮਾਗਮ

# ਸਿੱਖ ਨਸਲਕੁਸ਼ੀ ਦਾ ਖੁਰਾ-ਖੋਜ ਕਿਤਾਬ ਦਾ ਦੂਜਾ ਭਾਗ ਜਾਰੀ



ਨਵੀਂ ਦਿੱਲੀ 3 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਨਵੰਬਰ 1984 ਵਿੱਚ ਇੰਡੀਆ ਭਰ ਵਿੱਚ ਵਾਪਰੀ ਸਿੱਖ ਨਸਲਕੁਸ਼ੀ ਦੀ 40ਵੀਂ ਵਰੇਗੰਢ ਮੌਕੇ ਪੰਥ ਸੇਵਕ ਸਖਸ਼ੀਅਤਾਂ ਵੱਲੋਂ ਇੱਕ ਗੁਰਮਤਿ ਸਮਾਗਮ ਗੁਰਦੁਆਰਾ ਥੜਾ ਸਾਹਿਬ, ਇਆਲੀ ਕਲਾਂ, ਲੁਧਿਆਣਾ ਵਿਖੇ ਕਰਵਾਇਆ ਗਿਆ। ਇਸ ਮੌਕੇ ਬਿਬੇਕਗੜ੍ਹ ਪ੍ਰਕਾਸ਼ਨ ਵੱਲੋਂ ਛਾਪੀ ਜਾ ਰਹੀ "ਸਿੱਖ ਨਸਲਕੁਸ਼ੀ ਦਾ ਖੁਰਾ-ਖੋਜ" ਨਾਮੀ ਪੁਸਤਕ ਲੜੀ ਤਹਿਤ ਦੂਜੀ ਕਿਤਾਬ ਜਾਰੀ ਕੀਤੀ ਗਈ। ਇਹ ਕਿਤਾਬ ਨੌਜਵਾਨ ਸਿੱਖ ਲੇਖਕਾਂ ਗੁਰਜੰਟ ਸਿੰਘ ਬੱਲ ਅਤੇ ਸੁਖਜੀਤ ਸਿੰਘ ਸਦਰਕੋਟ ਵੱਲੋਂ ਲਿਖੀ ਗਈ ਹੈ। ਸਮਾਗਮ ਦੀ ਸ਼ੁਰੂਆਤ ਮੌਕੇ ਪੰਥ ਸੇਵਕ ਭਾਈ ਦਲਜੀਤ ਸਿੰਘ ਬਿੱਟੂ ਦੇ ਪਰਿਵਾਰ ਵੱਲੋਂ ਘੱਲੂਘਾਰਾ ਜੂਨ 1984 ਅਤੇ ਸਿੱਖ ਨਸਲਕੁਸ਼ੀ 1984 ਦੀ ਯਾਦ ਵਿੱਚ ਕੀਤੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ ਪਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਭੋਗ ਉਪਰੰਤ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਕੀਰਤਨ ਗਾਇਨ ਕੀਤਾ ਗਿਆ।

ਪੰਥ ਸੇਵਕ ਭਾਈ ਸਤਨਾਮ ਸਿੰਘ ਖੰਡੇਵਾਲਾ ਨੇ ਕਿਹਾ ਕਿ ਇੰਡੀਅਨ ਸਟੇਟ ਨੇ ਜੂਨ ਅਤੇ ਨਵੰਬਰ 1984 ਦੇ ਘੱਲੂਘਾਰੇ ਤੇ ਨਸਲਕੁਸ਼ੀ ਦੀ ਹਕੀਕਤ ਨੂੰ ਦਬਾਉਣ ਲਈ ਬੀਤੇ 40 ਸਾਲਾਂ ਦੌਰਾਨ ਬਹੁਤ ਝੂਠੇ ਬਿਰਤਾਂਤ ਸਿਰਜੇ ਅਤੇ ਹਰ ਹੀਲੇ ਹਕੀਕਤ ਤੋਂ ਮੁਨਕਰ ਹੋਣ ਦਾ ਯਤਨ ਕੀਤਾ ਹੈ ਪਰ ਇਹ ਸ਼ਹੀਦਾਂ ਦੇ ਡੁੱਲੇ ਪਵਿੱਤਰ ਖੂਨ ਅਤੇ ਗੁਰੂ ਸਾਹਿਬ ਵੱਲੋਂ ਵਰਤਾਈ ਜਾ ਰਹੀ ਕਲਾ ਦਾ ਹੀ ਨਤੀਜਾ ਹੈ ਕਿ ਅੱਜ ਦਿੱਲੀ ਦਰਬਾਰ ਵੱਲੋਂ ਸਿੱਖਾਂ ਵਿਰੁਧ ਕੀਤੇ ਗਏ, ਤੇ ਕੀਤੇ ਜਾ ਰਹੇ, ਜ਼ੁਰਮ ਸੰਸਾਰ ਸਾਹਮਣੇ ਨਸ਼ਰ ਹੋ ਰਹੇ ਹਨ। ਇੰਡੀਅਨ ਸਟੇਟ ਵੱਲੋਂ ਵਿਦੇਸ਼ੀ ਦਖਲ-ਅੰਦਾਜ਼ੀ ਅਤੇ ਵਿਦੇਸ਼ਾਂ ਵਿਚ ਸਿੱਖਾਂ ਵਿਰੁਧ ਜ਼ਬਰ (ਟ੍ਰਾਂਸਨੈਸ਼ਨਲ ਰਿਪਰੈਸ਼ਨ) ਕਰਨ ਦੀਆਂ ਕਨੇਡਾ ਤੇ ਅਮਰੀਕਾ ਵਿਚ ਬੇਪਰਦ ਹੋਈਆਂ ਕਾਰਵਾਈਆਂ ਇਸ ਦੀ ਪਰਤੱਖ ਮਿਸਾਲ ਹਨ।

ਤਕਰੀਬਨ ਪੰਜ ਸਾਲ ਦਾ ਸਮਾਂ ਲਗਾ ਕੇ ਇੰਡੀਆ ਭਰ ਵਿੱਚੋਂ ਸਿੱਖ ਨਸਲਕੁਸ਼ੀ ਦੇ ਤੱਥ ਇਕੱਤਰ ਕਰਨ ਵਾਲੇ ਨੌਜਵਾਨ ਖੋਜੀ ਤੇ ਲੇਖਕ ਗੁਰਜੰਟ ਸਿੰਘ ਬੱਲ ਨੇ ਕਿਹਾ ਕਿ ਨਵੰਬਰ 1984 ਵਿੱਚ ਭਾਰਤ ਦੇ 21 ਸੂਬਿਆਂ ਤੇ 300 ਦੇ ਕਰੀਬ ਸ਼ਹਿਰਾਂ-ਕਸਬਿਆਂ ਵਿੱਚ ਸਿੱਖਾਂ ਨੂੰ ਨਸਲਕੁਸ਼ੀ ਦੀ ਹਿੰਸਾ ਦਾ ਨਿਸ਼ਾਨਾ ਬਣਾਇਆ ਗਿਆ ਸੀ। ਉਨਾ ਦੱਸਿਆ ਕਿ ਸਿੱਖ ਨਸਲਕੁਸ਼ੀ ਦਾ ਖੁਰਾ ਖੋਜ ਕਿਤਾਬ ਦੇ ਪਹਿਲੇ ਭਾਗ ਵਿੱਚ ਦੱਖਣ ਦੇ ਛੇ ਸੂਬਿਆਂ ਵਿੱਚੋਂ ਇਕੱਤਰ ਕੀਤੇ ਵੇਰਵੇ ਸ਼ਾਮਿਲ ਕੀਤੇ ਗਏ ਸਨ ਅਤੇ ਅੱਜ ਜਾਰੀ ਹੋਈ ਦੂਸਰੀ ਕਿਤਾਬ ਵਿੱਚ ਪੂਰਬੀ ਭਾਰਤ ਦੇ ਛੇ ਸੂਬਿਆਂ ਵਿੱਚੋਂ ਸਿੱਖ ਨਸਲਕੁਸ਼ੀ ਦੇ ਇਕੱਤਰ ਕੀਤੇ ਵੇਰਵੇ ਸ਼ਾਮਿਲ ਕੀਤੇ ਗਏ ਹਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਸਿਕੰਦਰ ਸਿੰਘ ਨੇ ਇਸ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕਿਸੇ ਵੀ ਭਾਈਚਾਰੇ ਲਈ ਇਹ ਬਹੁਤ ਜਰੂਰੀ ਹੁੰਦਾ ਹੈ ਕਿ ਉਸ ਨਾਲ ਵਾਪਰੇ ਮਹਾਂਘਟਨਾਕ੍ਰਮਾਂ ਜਿਵੇਂ ਕਿ ਘੱਲੂਘਾਰਿਆਂ ਅਤੇ ਨਸਲਕੁਸ਼ੀਆਂ ਨੂੰ ਯਾਦ ਰੱਖਿਆ ਜਾਵੇ।

ਇਸ ਮੌਕੇ ਪੰਥ ਸੇਵਕ ਸ਼ਖਸ਼ੀਅਤਾਂ ਵੱਲੋਂ ਜਾਰੀ ਬਿਆਨ ਚ ਕਿਹਾ ਕਿ ਅੱਜ ਜਦੋਂ ਕੌਮਾਂਤਰੀ ਤਾਕਤਾਂ ਸਿੱਖਾਂ ਨਾਲ ਜੁੜੇ ਮਸਲਿਆਂ ਉੱਤੇ ਸਰਗਰਮ ਹਨ ਤਾਂ ਸਿੱਖਾਂ ਨੂੰ ਆਪਣਾ ਪੱਖ ਕੌਮਾਂਤਰੀ ਪੱਧਰ ਉੱਤੇ ਮਜਬੂਤੀ ਨਾਲ ਰੱਖਦਿਆਂ ਇੰਡੀਆ ਵੱਲੋਂ ਸਿੱਖਾਂ ਦੀ ਆਜ਼ਾਦੀ ਦੇ ਵਿਚਾਰ ਦੇ ਵਿਰੁਧ ਕੀਤੇ ਜਾ ਰਹੇ ਭੰਡੀ ਪਰਚਾਰ ਦਾ ਪਰਦਾਫਾਸ਼ ਕਰਨਾ ਚਾਹੀਦਾ ਹੈ।

ਇਸ ਸਮਾਗਮ ਦੌਰਾਨ ਪੰਥ ਸੇਵਕ ਭਾਈ ਸਤਨਾਮ ਸਿੰਘ ਝੰਜੀਆਂ, ਭਾਈ ਹਰਦੀਪ ਸਿੰਘ ਮਹਿਰਾਜ, ਸਿੱਖ ਜਥਾ ਮਾਲਵਾ, ਪੰਥ ਸੇਵਕ ਜਥਾ ਮਾਝਾ, ਬਿਬੇਕਗੜ੍ਹ ਪ੍ਰਕਾਸ਼ਨ, ਲੱਖੀ ਜੰਗਲ ਖਾਲਸਾ ਜਥਾ, ਸਿੱਖ ਯੂਥ ਪਾਵਰ ਆਫ ਪੰਜਾਬ, ਨਿਸਾਣ ਪ੍ਰਕਾਸ਼ਨ, ਪੰਥ ਸੇਵਕ ਜਥਾ ਦੋਆਬਾ, ਅਦਾਰਾ ਸਿੱਖ ਸ਼ਹਾਦਤ, ਖਬਰ ਅਦਾਰਾ ਸਿੱਖ ਸਿਆਸਤ ਦੇ ਨੁਮਾਇੰਦਿਆਂ, ਕੌਰਨਾਮਾ ਕਿਤਾਬ ਦੇ ਲੇਖਕ ਬਲਜਿੰਦਰ ਸਿੰਘ ਕੋਟਭਾਰਾ, ਪਰਦੀਪ ਸਿੰਘ ਇਆਲੀ, ਵਾਰਿਸ ਪੰਜਾਬ ਦੇ ਜਥੇਬੰਦੀ ਤੋਂ ਪਲਵਿੰਦਰ ਸਿੰਘ ਤਲਵਾੜਾ ਨੇ ਵੀ ਹਾਜ਼ਰੀ ਭਰੀ।

ਇਸ ਵਾਰ ਕਿਸਾਨਾਂ, ਆੜਤੀਆਂ ਤੇ ਸ਼ੈਲਰ ਵਾਲਿਆਂ ਦੀ

# ਹਾਲਤ ਤਰਸਯੋਗ—ਨਿਰਵੈਰ ਸਿੰਘ ਕਿਲੀ ਪ੍ਰਧਾਨ ਆੜਤੀਆ ਐਸੋਸੀਏਸ਼ਨ

ਫ਼ਿਰੋਜ਼ਪੁਰ, 3 ਨਵੰਬਰ (ਮਨੋਹਰ ਲਾਲ) :— ਇਸ ਵਾਰ ਕਿਸਾਨਾਂ, ਆੜਤੀਆਂ ਅਤੇ ਸ਼ੈਲਰ ਵਾਲਿਆਂ ਦੀ ਹਾਲਤ ਤਰਸਯੋਗ ਬਣੀ ਹੋਈ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਨਿਰਵੈਰ ਸਿੰਘ ਕਿਲੀ ਪ੍ਰਧਾਨ ਆੜਤੀਆ ਐਸੋਸੀਏਸ਼ਨ ਨੇ ਦੱਸਿਆ ਕਿ ਜਿਹੜਾ ਕਿਸਾਨ ਮੰਡੀਆਂ ਵਿਚ ਝੋਨਾ ਲੈ ਕੇ ਆ ਰਿਹਾ ਹੈ, ਉਹ 8—10 ਦਿਨ ਮੰਡੀਆਂ ਵਿਚ ਰੁਲ ਰਿਹਾ ਹੈ, ਉਸ ਦੀ ਨਾਂ ਤਾਂ ਲਿਫਟਿੰਗ ਹੋ ਰਹੀ ਹੈ, ਜੇਕਰ ਉਸ ਦਾ ਮਾਲ ਤੁਲ ਜਾਂਦਾ ਹੈ ਤਾਂ ਅੱਗੇ ਲਿਫਟ ਨਹੀਂ ਹੋ ਰਿਹਾ, ਜੇਕਰ ਗੱਡੀ ਵਿਚ ਮਾਲ ਲਿਫਟ ਹੋ ਗਿਆ ਤਾਂ 4—5 ਦਿਨ ਗੱਡੀ ਉਤਰਦੀ ਨਹੀਂ ਹੈ, ਲੇਵਰ ਸਿਸਟਮ ਦਾ ਮਾੜਾ ਹਾਲ ਹੋਣ ਕਰਕੇ ਇਕ ਸ਼ੈਲਰ ਵਿਚ 2—2 ਪੈਡ ਜਾਣੀ ਕਿ 10 ਆਦਮੀ ਚਲਾ ਰਹੇ ਹਨ ਅਤੇ ਉਹ 11 ਵਜੇ ਤੋਂ ਸ਼ਾਮ 5 ਵਜੇ ਛੁੱਟੀ ਕਰ ਜਾਂਦੇ ਹਨ, ਆੜਤੀਆ ਵਰਗ ਪਰੇਸ਼ਾਨ ਹੈ, ਸਰਕਾਰ ਨੂੰ ਚਾਹੀਦਾ ਹੈ ਕਿ ਜ਼ੋ ਟੈਂਡਰ ਆੜਤੀਆਂ ਨੂੰ ਸਿੱਧੇ ਦਿੱਤੇ ਜਾਣ ਤਾਂ ਜ਼ੋ ਆੜਤੀਆਂ ਆਪਣਾ ਮਾਲ ਖੁਦ ਚੁੱਕੇ। ਸ: ਨਿਰਵੈਰ ਸਿੰਘ ਕਿਲੀ ਨੇ ਅੱਗੇ ਦੱਸਿਆ ਕਿ ਠੇਕੇਦਾਰ ਕੋਲ ਨਾ ਤਾਂ ਕੋਈ ਗੱਡੀ ਹਨ ਅਤੇ ਹਾਲ ਬਹੁਤ ਮਾੜਾ ਹੈ ਅਤੇ ਆੜਤੀਆਂ ਨੂੰ ਛੇਤੀ ਪੇਮੈਂਟ ਨਹੀਂ ਮਿਲ ਰਹੀ ਅਤੇ ਕਿਸਾਨ ਆੜਤੀਆਂ ਦੀ ਜਾਨ ਖਾਦਾ ਹੈ। ਇਸ ਲਈ ਜ਼ੋ ਲੇਵਰ ਦੇ ਟੈਂਡਰ ਹਨ, ਉਹ ਸ਼ੈਲਰ ਵਾਲਿਆਂ ਨੂੰ ਪੈਸੇ ਸਿੱਧੇ ਦਿੱਤੇ ਜਾਣ ਤਾਂ ਜ਼ੋ ਸ਼ੈਲਰ ਵਾਲੇ ਆਪਣੀ ਲੇਵਰ ਦਾ ਇਤਜਾਮ ਆਪ ਕਰਨ ਜ਼ੋ ਕਿ ਪਿਛਲੇ ਸਾਲਾਂ ਵਿਚ ਸ਼ੈਲਰ ਵਾਲਿਆਂ ਨੇ ਆਪਣੇ ਕੋਲ ਲੇਵਰ ਦੇ ਕੰਮ ਕਰਵਾਇਆ ਸੀ, ਉਨ੍ਹਾਂ ਨੂੰ ਅੱਧੇ ਪੈਸੇ 6 ਮਹੀਨੇ ਬਾਅਦ ਮਿਲੇ, ਇਸ ਕਰਕੇ ਸ਼ੈਲਰ ਵਾਲਿਆਂ ਨੇ ਆਪਣੀ ਲੇਵਰ ਨਹੀਂ ਲਾਈ ਅਤੇ ਆੜਤੀਆ ਵਰਕ ਕਾਫੀ ਪਰੇਸ਼ਾਨ ਹੈ। ਸ੍ਰੀ ਨਿਰਵੈਰ ਸਿੰਘ ਕਿਲੀ ਨੇ ਅੱਗੇ ਦੱਸਿਆ ਕਿ ਠੇਕੇਦਾਰ ਨੂੰ ਵਾਰ—ਵਾਰ ਕਹਿਣ ਤੇ ਵੀ ਲੇਵਰ ਨਹੀਂ ਵਧਾਈ ਅਤੇ ਹੁਣ ਉਨ੍ਹਾਂ ਫੋਨ ਚੁੱਕਣਾ ਵੀ ਬੰਦ ਕਰ ਦਿੱਤਾ ਹੈ, ਇਸ ਕਰਕੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੋਨੋਂ ਸਰਕਾਰਾਂ ਨੂੰ ਚਾਹੀਦਾ ਹੈ ਕਿ ਮਿਲ ਕੇ ਕਿਸਾਨ, ਆੜਤੀਆਂ ਅਤੇ ਸ਼ੈਲਰ ਮਾਲਕਾਂ ਦਾ ਧਿਆਨ ਰੱਖਣਾ ਚਾਹੀਦਾ ਹੈ, ਨਹੀਂ ਤਾਂ 2027 ਦੇ ਇਲੈਕਸ਼ਨਾਂ ਵਿਚ ਕਿਸਾਨ, ਆੜਤੀਆ ਅਤੇ ਸ਼ੈਲਰ ਮਾਲਿਕ ਇਨ੍ਹਾਂ ਦੋਵਾਂ ਸਰਕਾਰਾਂ ਦਾ ਵਿਰੋਧ ਕਰਨਗੇ, ਕਿਉਂਕਿ ਨਾ ਤਾਂ ਅਜੇ ਤੱਕ ਪੰਜਾਬ ਦਾ ਕੋਈ ਐਮ.ਐਲ.ਏ ਜਾਂ ਮੰਤਰੀ ਮੰਡੀਆਂ ਵਿਚ ਨਹੀਂ ਆਇਆ ਅਤੇ ਨਾ ਹੀ ਕੇਂਦਰ ਦਾ ਕੋਈ ਮੰਤਰੀ ਨਹੀਂ ਆਇਆ, ਇਨ੍ਹਾਂ ਦੋਵਾਂ ਸਰਕਾਰਾਂ ਨੇ ਸਾਡੀ ਬਾਤ ਨਹੀਂ ਪੁਛੀ, ਮੰਡੀਆਂ ਵਿਚ ਆ ਕੇ ਕਿਸਾਨ ਅਤੇ ਆੜਤੀਏ ਕਿੰਨੇ ਦੁਖੀ ਹਨ।

ਆਵਾਜ਼ਿ ਕੌਮ AWAZE QAUM International Newspaper & WEB TV



# ਖਾਲਸਾ ਸਕੂਲ ਵਿੱਚ ਬੰਦੀ ਛੋੜ ਦਿਵਸ ਤੇ ਵਿਦਿਆਰਥੀਓ ਦੇ ਵੱਖ ਵੱਖ ਮੁਕਾਬਲੇ ਕਰਾਏ ਗਏ



ਫ਼ਿਰੋਜ਼ਪੁਰ, 3 ਨਵੰਬਰ (ਮਨੋਹਰ ਲਾਲ) :— ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸਕੂਲ ਵਿੱਚ ਬੰਦੀ ਛੋੜ ਦਿਵਸ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵਿੱਚ ਰੰਗੋਲੀ ਮੁਕਾਬਲੇ, ਚਾਰਟ ਮੁਕਾਬਲੇ, ਕਾਰਡ ਮੇਕਿੰਗ ਮੁਕਾਬਲੇ ਅਤੇ ਕਲਾਸ ਰੂਮਾਂ ਨੂੰ ਸਜਾਉਣ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ ਕੇ ਹਿੱਸਾ ਲਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਵੱਲੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਗਰੀਨ ਦਿਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ ਗਿਆ। ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਸਮੂਹ ਵਿਦਿਆਰਥੀਆਂ, ਵਿਦਿਆਰਥੀਆਂ ਦੇ ਮਾਤਾ ਪਿਤਾ ਅਤੇ ਸਮੁੱਚੇ ਸਟਾਫ ਨੂੰ ਮੁਬਾਰਕਬਾਦ ਦਿੱਤੀ ਅਤੇ ਉਨ੍ਹਾਂ ਨੂੰ ਤੋਹਫੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# 7 ਨਵੰਬਰ ਨੂੰ ਗਿੱਦੜਬਾਹਾ ਵਿਖੇ ਮੁਲਾਜ਼ਮ ਤੇ ਪੈਨਸ਼ਨਰ ਪੰਜਾਬ ਸਰਕਾਰ ਖਿਲਾਫ ਕਰਨਗੇ ਰੋਸ ਮਾਰਚ



**ਫ਼ਿਰੋਜ਼ਪੁਰ, 3 ਨਵੰਬਰ (ਮਨੋਹਰ ਲਾਲ) :—** ਪੰਜਾਬ ਗੌਰਮੈਂਟ ਪੈਨਸ਼ਨਰ ਜੁਆਇੰਟ ਫਰੰਟ ਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ 7 ਨਵੰਬਰ ਨੂੰ ਗਿੱਦੜਬਾਹਾ ਦੀ ਕਪਾਹ ਮੰਡੀ ਵਿੱਚ ਰੋਸ ਰੈਲੀ ਕੀਤੀ ਜਾਵੇਗੀ ਉਪਰੰਤ ਸ਼ਹਿਰ ਅੰਦਰ ਰੋਸ ਮਾਰਚ ਕੀਤਾ ਜਾਵੇਗਾ। ਇਸ ਰੈਲੀ ਤੇ ਰੋਸ ਮਾਰਚ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਸਟੇਟ ਪੈਨਸ਼ਨਰ ਕੰਨਫੈਡਰੇਸ਼ਨ ਫੈਡਰੇਸ਼ਨ ਦੇ ਜਿਲਾ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ, ਜਨਰਲ ਸਕੱਤਰ ਪ੍ਰਤਾਪ ਸਿੰਘ ਢਿੱਲੋਂ ਤੇ ਸਟੇਟ ਕਰਮਚਾਰੀ ਦਲ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਬਲਵੀਰ ਸਿੰਘ ਕੰਬੋਜ ਨੇ ਦੱਸਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਲਗਾਤਾਰ ਟਿਚਰਾਂ ਕਰ ਲਈ ਹੈ। ਵਾਰ—ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਮੁਕਰ ਰਹੀ ਹੈ, ਜਿਸ ਕਾਰਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਹੈ। ਪੰਜਾਬ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਚਾਰ ਪ੍ਰਤੀਸ਼ਤ ਮਹਿੰਗਾਈ ਭੱਤਾ ਦੇ ਕੇ ਕੋਝਾ ਮਜ਼ਾਕ ਕੀਤਾ ਹੈ ਜੋ ਕਿ ਊਠ ਦੇ ਮੂੰਹ ਵਿੱਚ ਜੀਰਾ ਦੇਣ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਜਿਉ ਦੀਆਂ ਤਿਉਂ ਲਮਕ ਰਹੀਆਂ ਹਨ ਜਿਵੇਂ ਕਿ 2.59 ਦਾ ਗੁਣਾਕ ਲਾਗੂ ਕਰਨਾ, ਮਹਿੰਗਾਈ ਭੱਤੇ ਦੀਆਂ ਕਿਸਤਾਂ ਰਿਲੀਜ਼ ਕਰਨਾ, ਕੱਚੇ ਮੁਲਾਜ਼ਮ ਪੱਕੇ ਕਰਨਾ, ਸੋਧੀ ਹੋਈ ਪੈਨਸ਼ਨ ਦਾ ਸਾਢੇ ਪੰਜ ਸਾਲਾਂ ਦਾ ਬਕਾਇਆ ਦੇਣਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਮੈਡੀਕਲ ਭੱਤੇ ਵਿੱਚ ਵਾਧਾ ਕਰਨਾ ਆਦਿ ਮੰਗਾਂ ਪੰਜਾਬ ਸਰਕਾਰ ਲਾਗੂ ਨਹੀਂ ਕਰ ਰਹੀ ਹੈ। ਪੰਜਾਬ ਅੰਦਰ 13 ਨਵੰਬਰ ਨੂੰ ਹੋ ਰਹੀਆਂ ਵਿਧਾਨ ਸਭਾ ਦੀਆਂ ਜਿਮਨੀ ਚੋਣਾਂ ਦੇ ਸਬੰਧ ਉਨ੍ਹਾਂ ਦੱਸਿਆ ਕਿ 7 ਨਵੰਬਰ ਨੂੰ ਮੁਲਾਜ਼ਮ ਤੇ ਪੈਨਸ਼ਨਰ ਗਿੱਦੜਬਾਹਾ ਦੀ ਕਪਾਹ ਮੰਡੀ ਵਿੱਚ ਪੰਜਾਬ ਸਰਕਾਰ ਦੇ ਵਿਰੋਧ ਵਿਚ ਰੈਲੀ ਕਰਨਗੇ, ਉਪਰੰਤ ਸ਼ਹਿਰ ਵਿੱਚ ਰੋਸ ਮਾਰਚ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਤੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਗਿੱਦੜਬਾਹਾ ਰੈਲੀ ਵਿੱਚ ਸਮੂਲੀਅਤ ਕਰਨਗੇ। ਇਸ ਸਮੇਂ ਤਰਸੇਮ ਬੇਦੀ, ਜੋਗਿੰਦਰ ਸਿੰਘ, ਸੁਖਦੇਵ ਸਿੰਘ, ਡਾਕਟਰ ਪ੍ਰਦੀਪ ਰਾਣਾ, ਗੁਰਨਾਮ ਸਿੰਘ ਸੁਧਾਰਾ, ਮਿਹਰ ਸਿੰਘ, ਦਲਜੀਤ ਸਿੰਘ ਯਾਰੇ ਸ਼ਾਹ ਵਾਲਾ, ਬਲਵੀਰ ਸਿੰਘ ਗੋਖੀਵਾਲਾ, ਚੰਦਰ ਮੋਹਨ, ਸਤਨਾਮ ਸਿੰਘ ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# 27 ਸ.ਫਾਈ ਸੇਵਕਾਂ ਦੀਆਂ ਮੰਗਾਂ ਨਾ ਪੂਰੀਆਂ ਹੋਣ ਕਰਕੇ 25 ਨਵੰਬਰ ਤੋਂ ਬੈਠਣਗੇ ਭੁੱਖ ਹੜਤਾਲ 'ਤੇ

**ਸੰਗਰੂਰ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਨਗਰ ਕੌਂਸਲ ਦੇ ਦਫਤਰ ਵਿਖੇ ਸਵੇਰੇ 10 ਵਜੇ ਸ.ਫਾਈ ਸੇਵਕ ਯੂਨੀਅਨ ਸੰਗਰੂਰ ਅਤੇ 27ਸ.ਫਾਈ ਸੇਵਕ ਦੀ ਮੀਟਿੰਗ ਹੋਈ ਇਸ ਮੀਟਿੰਗ ਵਿੱਚ 27 ਸ.ਫਾਈ ਸੇਵਕ ਦੀਆ ਪੈਂਟਿੰਗ ਸਰਵਿਸ ਬੁੱਕ ਅਤੇ ਤਨਖਾਹ ਬਾਰੇ ਮਾਣਯੋਗ ਅਮਐਲਏ ਸਾਹਿਬ ਅਤੇ ਨਗਰ ਕੌਂਸਲ ਦੇ ਅਫ਼ਸਰਾਂ ਨੂੰ ਕਾਫੀ ਬਾਰ ਬੇਨਤੀ ਕੀਤੀ ਗਈ ਪਰੰਤੂ ਸ.ਫਾਈ ਸੇਵਕਾ ਨੂੰ ਵਿਸ਼ਵਾਸ ਦਵਾਇਆ ਗਿਆ ਕਿ ਤੁਹਾਡੀਆਂ ਮੰਗਾ ਜਲਦ ਪੂਰੀਆ ਹੋਣਗੀਆਂ ਪਰ ਅੱਜ ਤੱਕ 27 ਸ.ਫਾਈ ਸੇਵਕਾ ਦੀ ਨਾ ਤਾਂ ਸਰਵਿਸ ਬੁੱਕ ਲੱਗੀ ਅਤੇ ਨਾ ਹੀ ਤਨਖਾਹ ਵਿਚ ਵਾਧਾ ਕੀਤਾ ਗਿਆ ਇਸ ਰੋਸ ਨੂੰ ਧਿਆਨ ਵਿਚ ਰੱਖਦੇ ਹੋਏ ਇਹ ਸ.ਫਾਈ ਸੇਵਕ ਯੂਨੀਅਨ ਸੰਗਰੂਰ ਅਤੇ 27 ਸ.ਫਾਈ ਸੇਵਕ ਨੇ ਮੀਟਿੰਗ ਵਿੱਚ ਫੈਸਲਾ ਲਿਆ ਕਿ 25/11/24 ਨੂੰ ਸਫਾਈ ਸੇਵਕਾ ਆਪਣੀਆਂ ਮੰਗਾਂ ਲਈ ਭੁੱਖ ਹੜਤਾਲ ਤੇ ਬੈਠਨਗੇ ਅਤੇ ਕੰਮ ਛੱਡ ਹੜਤਾਲ ਕਰਨਗੇ ਜੇਕਰ ਇਹਨਾਂ 27 ਸਫਾਈ ਸੇਵਕਾਂ ਦੀਆ ਮੰਗਾ ਫਿਰ ਵੀ ਨਾ ਮੰਨੀਆਂ ਗਈਆਂ ਤਾਂ ਜਿੰਨੇ ਵੀ ਨਗਰ ਕੌਂਸਲ ਸੰਗਰੂਰ ਦੇ ਮੁਲਾਜ਼ਮ ਹਨ ਮੁਕੰਮਲ ਕੰਮ ਛੱਡ ਹੜਤਾਲ ਤੇ ਚਲੇ ਜਾਣਗੇ। ਇਸ ਮੀਟਿੰਗ ਦੀ ਪ੍ਰਧਾਨਗੀ ਸੀਨੀਅਰ ਚੇਅਰਮੈਨ ਭਾਰਤ ਬੇਦੀ ਨੇ ਕੀਤੀ ਅਤੇ ਮੌਕੇ ਤੇ ਹਾਜ਼ਿਰ ਸਨ। ਊਸ਼ਾ ਦੇਵੀ ਚੇਅਰਮੈਨ, ਅਜੇ ਬੇਦੀ ਪ੍ਰਧਾਨ, ਰਮੇਸ਼ ਜੰਜੋਟੜ ਜਰਨਲ ਸਕੱਤਰ, ਸੁਰੇਸ਼ ਕੁਮਾਰ ਮੀਤ ਪ੍ਰਧਾਨ, ਅਜੀਤ ਕੁਮਾਰ ਵਾਈਸ ਪ੍ਰਧਾਨ ਸਮੂਹ 27 ਸਫਾਈ ਸੇਵਕ ਅਮਿਤ ਕੁਮਾਰ, ਅਮਨ ਕੁਮਾਰ, ਊਸ਼ਾ ਦੇਵੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਜਨਮ ਦਿਵਸ 'ਤੇ ਵਿਸ਼ੇਸ਼ ਖਾਲਸੇ ਦੀ ਮਾਤਾ- ਮਾਤਾ ਸਾਹਿਬ ਕੌਰ ਜੀ



**ਮਾਤਾ ਸਾਹਿਬ** ਕੌਰ ਜੀ ਨੂੰ ਖਾਲਸੇ ਦੀ ਮਾਤਾ ਹੋਣ ਦਾ ਮਾਣ ਪ੍ਰਾਪਤ ਹੈ। ਇਹ ਮਾਣ ਸਤਿਕਾਰ ਉਹਨਾਂ ਨੂੰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਦਿੱਤਾ ਹੈ। ਗੁਰੂ ਸਾਹਿਬ ਜੀ ਨੇ ਮਾਤਾ ਸਾਹਿਬ ਕੌਰ ਜੀ ਨੂੰ ਇਹ ਬਚਨ ਕੀਤੇ ਸਨ ਕਿ ਇਹ ਸਾਰਾ ਖ਼ਾਲਸਾ ਪੰਥ ਤੁਹਾਡੀ ਔਲਾਦ ਹੈ, ਤੁਹਾਡੇ ਬੱਚੇ ਹਨ ਅੰਮ੍ਰਿਤ ਛੱਕਣ ਸਮੇਂ ਦੱਸਿਆ ਜਾਂਦਾ ਹ ਕਿ ਅੱਜ ਤੋਂ ਆਪ ਦੇ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੇ ਮਾਤਾ ਸਾਹਿਬ ਕੌਰ ਜੀ ਹਨ ।ਇਤਿਹਾਸ ਵਿੱਚ ਗੁਰੂ ਸਹਿਬਾਨ ਜੀ ਦੀਆਂ ਧਰਮ ਪਤਨੀਆਂ ਦਾ ਜ਼ਿਕਰ ਖਾਸ ਥਾਂ ਪਰ ਹੀ ਕੀਤਾ ਮਿਲਦਾ ਹੈ। ਮਾਤਾ ਸਾਹਿਬ ਕੌਰ ਜੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਮਹਿਲ ਸਨ।

ਮਾਤਾ ਸਾਹਿਬ ਕੌਰ ਜੀ ਦਾ ਜਨਮ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ(ਪੰਨਾ ਨੰ: 178 ਤੇ) ਪਿਤਾ ਭਾਈ ਰਾਮੂ ਜੀ (ਭਾਈ ਰਾਵ ਸਿੰਘ) ਮਾਤਾ ਜਸਦੇਈ ਜੀ ਦੀ ਕੁੱਖੋਂ 5 ਨਵੰਬਰ 1681 ਈ: ਨੂੰ ਪਿੰਡ ਰੋਹਤਾਸ ਜਿਲ੍ਹਾ ਜੇਹਲਮ ਪਾਕਿਸਤਾਨ ਵਿੱਚ ਹੋਇਆ। ਆਪ ਦਾ ਬਚਪਨ ਦਾ ਨਾਂਅ ਸਾਹਿਬ ਦੇਵਾਂ ਸੀ। ਆਪ ਦਾ ਬਚਪਨ ਰੋਹਤਾਸ ਵਿਖੇ ਹੀ ਬੀਤਿਆ। ਇਸ ਸੁੰਦਰ ਤੇ ਸੁਸ਼ੀਲ ਕੰਨਿਆ ਦੇ ਜਨਮ ਸਮੇਂ ਚਾਰ-ਚੁਫੇਰਾ ਮਹਿਕ ਉੱਠਿਆ।

ਸਮਾਂ ਆਪਣੀ ਚਾਲੇ ਚੱਲਦਾ ਗਿਆ। ਇੱਕ ਦਿਨ 1701 ਈ: ਵਿੱਚ ਆਪ ਦਾ ਸਾਰਾ ਪ੍ਰੀਵਾਰ ਅਨੰਦਪੁਰ ਸਾਹਿਬ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਸ਼ਨਾਂ ਨੂੰ ਆਇਆ। ਉਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਮਹਿਲ ਮਾਤਾ ਜੀਤੋ ਜੀ ਪ੍ਰਲੋਕ ਸਿਧਾਰ ਗਏ ਸਨ। ਮਾਤਾ ਸਾਹਿਬ ਦੇਵਾਂ ਜੀ ਦੇ ਸਤਿਕਾਰਯੋਗ ਪਿਤਾ ਭਾਈ ਰਾਮੂ ਜੀ (ਭਾਈ ਰਾਵ ਸਿੰਘ) ਜੀ ਨੇ ਸਾਰੇ ਪ੍ਰੀਵਾਰ ਸਮੇਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਾਸੋਂ ਅੰਮ੍ਰਿਤ ਦੀ ਪਵਿੱਤਰ ਦਾਤ ਪ੍ਰਾਪਤ ਕੀਤੀ ਤੇ ਸਾਰਾ ਪ੍ਰੀਵਾਰ ਸਿੰਘ ਸੱਜ ਗਿਆ। ਅੰਮ੍ਰਿਤ ਛੱਕਣ ਉਪਰੰਤ ਸਾਰਿਆਂ ਦੇ ਨਾਂਅ ਨਾਲ ਸਿੰਘ ਅਤੇ ਕੌਰ ਸ਼ਬਦ ਜੁੜ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਮਾਤਾ ਸਾਹਿਬ ਕੌਰ ਜੀ ਦੇ ਪਿਤਾ ਭਾਈ ਰਾਵ ਸਿੰਘ ਜੀ ਨੇ ਸਾਹਿਬ ਸ੍ਰੀ ਗੁਰ ਗੋਬਿੰਦ ਸਿੰਘ ਜੀ ਅੱਗੇ ਬੇਨਤੀ ਕੀਤੀ ਕਿ 'ਮੈਂ ਆਪਣੀ ਬੇਟੀ ਸਾਹਿਬ ਕੌਰ ਦੀ ਸ਼ਾਦੀ ਆਪ ਨਾਲ ਕਰਨੀ ਚਾਹੁੰਦਾ ਹਾਂ।' ਸੁਣ ਕੇ ਗੁਰੂ ਜੀ ਬੋਲੇ ਕਿ 'ਅਸੀ ਤਾਂ ਬ੍ਰਹਮਚਰਜ ਧਾਰਣ ਕਰ ਚੁੱਕੇ ਹਾਂ।' ਤਾਂ ਭਾਈ ਰਾਵ ਸਿੰਘ ਜੀ ਬੋਲੇ ਕਿ ' ਅਸੀ ਇਸ ਦੇ ਬਚਪਨ ਸਮੇਂ ਤੋਂ ਹੀ ਇਹ ਸੰਕਲਪ ਕਰ ਚੁੱਕੇ ਹਾਂ,ਕਿ ਇਸਦੀ ਸ਼ਾਦੀ ਤੁਹਾਡੇ ਨਾਲ ਕਰਾਂਗੇ। ਇਹ ਗੱਲ ਸਾਰਾ ਗਲੀ ਮੁਹੱਲਾ ਵੀ ਜਾਣਦਾ ਹੈ। ਇਸ ਕਰਕੇ ਇਸਨੂੰ ਮਾਤਾ ਕਹਿ ਕੇ ਪੁਕਾਰਦੇ ਹਨ। ਸਾਡੇ ਲਈ ਇਹ ਬੜੀ ਮੁਸ਼ਕਿਲ ਵਾਲੀ ਗੱਲ ਹੋਵੇਗੀ। ਆਪ ਜੀ ਸਾਡੇ ਤੇ ਕ੍ਰਿਪਾ ਕਰੋ।'ਤਾਂ ਗੁਰੂ ਗੋਬਿੰਦ ਸਿੰਘ ਜੀ ਨੇ ਕਿਹਾ ਕਿ 'ਅਸੀ ਸਰੀਰਕ ਤੌਰ ਤੇ, ਤਾਂ ਨਹੀ ਪਰ ਆਤਮਿਕ ਤੌਰ ਤੇ ਸ਼ਾਦੀ ਕਰ ਸਕਦੇ ਹਾਂ।' ਇਹ ਸੁਣ ਕੇ ਸਭ ਨੂੰ ਖੁਸ਼ੀਆਂ ਚੜ੍ਹ ਗਈਆਂ।

**ਰਹੇ ਕੁਆਰੋ ਡੋਰਾ ਨਾਮੂ**
**ਕਰ ਹਿਸੇ ਵਬਾਸੇਹਮ ਥਾਮੂ**
**ਸੰਗਤ ਸਹਿਤ ਸਿਖ ਸੋ ਰਾਵਾ**
**ਸੁਨਿ ਉਵਾਕ ਜਬ ਸ੍ਰੀ ਮੁਖ ਗਾਵਾ**
**ਹਰਖਤ ਭਏ ਮਨਹੁ ਨਿਧਿ ਪਾਈ**
**ਤਬ ਕੰਨਿਆ ਗੁਰਸਦਨ ਪੁਚਾਈ**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਾਹਿਬ ਕੌਰ ਜੀ ਨਾਲ ਤੀਜੀ ਸ਼ਾਦੀ 1701 ਈ: ਵਿੱਚ ਹੋਈ। ਮਾਤਾ ਸਾਹਿਬ ਕੌਰ ਜੀ ਆਪਣੇ ਪ੍ਰਭੂ ਪਤੀ ਦੇ ਚਰਨਾਂ ਵਿੱਚ ਰਹਿ ਕੇ ਸੇਵਾ ਸਿਮਰਨ ਕਰਦਿਆਂ ਦਿਨ ਬਿਤਾਉਣ ਲੱਗੇ। ਮਾਤਾ ਸਾਹਿਬ ਕੌਰ ਜੀ 'ਕੁਆਰੇ ਡੋਲੇ' ਦੇ ਰੂਪ ਵਿੱਚ ਜਾਣੇ ਜਾਂਦੇ ਹਨ। ਆਪ ਦੇ ਹਿਰਦੇ ਵਿੱਚ ਵੀ ਇੱਕ ਮਾਂ ਦਾ ਦਿਲ ਸੀ। ਜਦ ਪੁੱਤਰ ਪ੍ਰਾਪਤੀ ਦੀ ਇੱਛਾ ਜਾਗੀ ਤਾਂ ਗੁਰੂ ਸਾਹਿਬ ਜੀ ਅੱਗੇ ਬੇਨਤੀ ਕੀਤੀ ਕਿ:

**ਪ੍ਰਭ ਜੀ ਇਕ ਸੁਤਕੀ ਅਭਿਲਾਖੈ**
**ਅਪਰ ਬਾਸ਼ਨਾ ਕੋਇ ਨ ਰਾਖੈ**
**ਕ੍ਰਿਪਾ ਆਪ ਕੀ ਤੇ ਮੈਂ ਪਾਉਂ**
**ਇਸਤਰੀ ਜਨਮ ਅਪਨ ਸੁਫਲਾਉਂ**

ਤਾਂ ਜਾਣੀ ਜਾਣ ਸਤਿਗੁਰੂ ਜੀ ਨੇ ਇੱਕ ਪੁੱਤਰ ਮੰਗਣ ਤੇ ਸਾਰਾ ਖਾਲਸਾ ਪੰਥ ਹੀ ਆਪ ਦਾ ਪੁੱਤਰ ਬਣਾ ਦਿੱਤਾ।

**ਪੁੱਤਰ ਖਾਲਸਾ ਤੇਰੋ ਭਯਉ**
**ਗੋਦ ਪਾਇ ਤੁਝਹ ਮਨੇ ਦਯਉ**
**ਮਹਦ ਪ੍ਰਤਾਪ ਸਮੇਤ ਨਿਹਾਰਹੁ**
**ਸਦਾ ਅਨੰਦ ਬਿਲੰਦੇ ਧਾਰਹੁ**

ਜਦ ਅਕਤੂਬਰ 1704 ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਨੰਦਪੁਰ ਦਾ ਕਿਲਾ ਛੱਡਿਆ ਤਾਂ ਪਰਿਵਾਰ ਵਿਛੋੜਾ ਪੈਣ ਸਮੇਂ ਆਪ ਮਾਤਾ ਸੁੰਦਰ ਕੌਰ ਜੀ ਨਾਲ(ਦੋਵੇਂ ਮਾਤਾਵਾਂ)ਭਾਈ ਮਨੀ ਸਿੰਘ ਜੀ, ਭਾਈ ਜਵਾਹਰ ਸਿੰਘ ਜੀ, ਭਾਈ ਧੰਨਾ ਸਿੰਘ ਜੀ ਤੇ ਦੋ ਸੇਵਕ ਬੀਬੀਆਂ ਬੀਬੀ ਭਾਨ ਕੌਰ ਤੇ ਬੀਬੀ ਹਰਦਾਸ ਕੌਰ ਨਾਲ ਦਿੱਲੀ ਚਲੇ ਗਏ। ਇੱਥੇ ਹੀ ਆਪਨੇ ਰਿਹਾਇਸ਼ ਕੀਤੀ। ਜਦ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦਮਦਮਾ ਸਾਹਿਬ ਆਏ ਤਾਂ ਮਾਤਾ ਸਾਹਿਬ ਕੌਰ ਤੇ ਮਾਤਾ ਸੁੰਦਰੀ ਜੀ ਦਰਸ਼ਨਾਂ ਨੂੰ ਆਏ। ਮਾਤਾ ਸਾਹਿਬ ਕੌਰ ਜੀ ਕੁਝ ਸਮਾਂ ਗੁਰੂ ਜੀ ਨਾਲ ਨਾਂਦੇੜ ਵਿੱਚ ਵੀ ਰਹੇ। ਜਦ ਆਪ ਗੁਰੂ ਜੀ ਦੀ ਆਗਿਆ ਨਾਲ ਨਾਂਦੇੜ ਤੋਂ ਦਿੱਲੀ ਮਾਤਾ ਸੁੰਦਰੀ ਜੀ ਕੋਲ ਆਏ ਤਾਂ ਗੁਰੂ ਜੀ ਨੇ ਆਪਨੂੰ ਪੰਜ ਸ਼ਸਤਰ ਇੱਕ ਕ੍ਰਿਪਾਨ, ਇੱਕ ਖੰਡਾ, ਦੋ ਜਮਧਰ ਤੇ ਇੱਕ ਖੰਜਰ ਨਿਸ਼ਾਨੀ ਵਜੋਂ ਦਿੱਤੇ ।ਜਿੰਨ੍ਹਾਂ ਦੇ ਮਾਤਾ ਸਾਹਿਬ ਕੌਰ ਜੀ ਸੁਭਾ ਦਰਸ਼ਨ ਕਰਕੇ ਫਿਰ ਪ੍ਰਸ਼ਾਦਾ ਪਾਣੀ ਛੱਕਦੇ ਸਨ। ਆਪ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 1708 ਈ: ਵਿੱਚ ਜੋਤੀ ਜੋਤ ਸਮਾਉਣ ਤੋਂ ਬਾਅਦ ਸਵਾ ਦੋ ਮਹੀਨੇ ਘੱਟ 23 ਸਾਲ ਦੀ ਉਮਰ ਤੱਕ ਖਾਲਸਾ ਪੰਥ ਦੀ ਅਗਵਾਈ ਵੀ ਕੀਤੀ ਤੇ ਸਿੱਖ ਸੰਗਤਾਂ ਦੇ ਨਾਂਅ ਹੁਕਮਨਾਮੇ ਵੀ ਭੇਜੇ। ਗੁਰੂ ਘਰ ਦੀ ਲੰਗਰ ਪ੍ਰਥਾ ਨੂੰ ਵੀ ਨਿਰੰਤਰਜਾਰੀ ਰੱਖਿਆ। ਗੁਰੂ ਸਾਹਿਬ ਵੱਲੋਂ ਦਿੱਤੀਆਂ ਗਈਆਂ ਪਵਿੱਤਰ ਨਿਸ਼ਾਨੀਆਂ ਮਾਤਾ ਸੁੰਦਰੀ ਜੀ ਦੇ ਸਪੁੱਰਦ ਕਰਕੇ 1731 ਵਿੱਚ ਪ੍ਰਭੂ ਚਰਨਾਂ ਵਿੱਚ ਅਭੇਦ ਹੋ ਗਏ। ਆਪ ਦੀ ਸਮਾਧ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਦੇਹੁਰੇ ਦੇ ਬਿਲਕੁਲ ਪਾਸ ਹੈ।

**-ਧਰਮਿੰਦਰ ਸਿੰਘ (ਚੱਬਾ)**

### ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ

## ਕਾਲਾਝਾੜ ਟੋਲ ਪਲਾਜਾ ਤੇ ਪੱਕਾ ਮੋਰਚਾ 18ਵੇਂ ਦਿਨ ਵੀ ਜਾਰੀ ਰਿਹਾ



**ਸੰਗਰੂਰ, 3 ਨਵੰਬਰ ( ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਤਰਫੋਂ ਅੱਜ ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਦੀ ਅਗਵਾਈ ਹੇਠ ਕਾਲਾਝਾੜ ਟੋਲ ਪਲਾਜੇ ਤੇ ਲਾਇਆ ਹੋਇਆ ਪੱਕਾ ਮੋਰਚਾ 18 ਵੇ ਦਿਨ ਵੀ ਜਾਰੀ ਰਿਹਾ ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੂਬਾ ਮੀਤ ਪ੍ਰਧਾਨ ਜਨਕ ਸਿੰਘ ਭੁਟਾਲ ਅਤੇ ਸੂਬਾ ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾਝਾੜ ਵਿਸ਼ੇਸ਼ ਤੌਰ ਤੇ ਹਾਜਰ ਹੋਏ। ਇਸੇ ਦੌਰਾਨ ਆਗੂਆਂ ਨੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਮੋਸਚਰ ਦੇ ਨਾਂ ਤੇ 126 ਕਿਸਮ ਅਤੇ ਬਾਸਮਤੀ ਕਿਸਮਾਂ ਦੀ ਲੁੱਟ ਵੱਡੇ ਪੱਧਰ ਤੇ ਕੀਤੀ ਗਈ ਹੈ, ਕਿਸਾਨ ਆਗੂਆਂ ਨੇ ਮੰਗ ਕੀਤੀ ਝੋਨਾ ਵੇਚਣ ਵੇਲੇ ਕਿਸਾਨਾਂ ਨੂੰ ਦੋ ਤ੍ਰਾਹ ਦੇ ਘਾਟੇ ਪਏ ਹਨ। ਜੋ ਕਿ ਸਰਕਾਰ ਉਸਦੀ ਪੂਰਤੀ ਕਰੇ ਜਿਹੜੇ ਕਿਸਾਨਾਂ ਨੂੰ ਐੱਮ ਐੱਸ ਪੀ ਤੋਂ ਰੇਟ ਘੱਟ ਮਿਲਿਆ ਉਹ ਪਿੰਡ ਇਕਾਈਆਂ ਨਾਲ ਸੰਪਰਕ ਕਰਨ ਤਾਂ ਜ਼ੋ ਕਿਸਾਨਾਂ ਨੂੰ ਪਏ ਘਾਟੇ ਦੀ ਪੂਰਤੀ ਕਰਵਾਈ ਜਾਂ ਸਕੇ ਜ਼ੋ ਝੋਨਾ ਮੰਡੀਆਂ ਵਿੱਚ ਪਿਆ ਹੈ ਅਤੇ ਖੇਤ ਵਿਚ ਖੜ੍ਹਾ ਹੈ ਉਹ ਬਿਲਕੁਲ ਸੁੱਕਾ ਹੈ ਇਸ ਕਰਕੇ ਇਸ ਤੇ ਮੋਸਚਰ ਦੀ ਸ਼ਰਤ ਖ਼ਤਮ ਕੀਤੀ ਜਾਵੇ ਦਾਗੀ ਦਾਣਿਆਂ ਦੀ ਸ਼ਰਤ ਖ਼ਤਮ ਕੀਤੀ ਜਾਵੇ ਨਵੇਂ ਚੌਲਾਂ ਦੀ ਸਟੋਰੇਜ ਲਈ ਪੁਰਾਣੇ ਚੌਲਾਂ ਦੀ ਲਿਫਟਿੰਗ ਤੇਜ਼ੀ ਨਾਲ ਕੀਤੀ ਜਾਵੇ,ਲਾਲ ਐਂਟਰੀਆਂ ਕਰਨ ਦਾ ਜਬਰ ਸਿਲਸਿਲਾ ਖਤਮ ਕੀਤਾ ਜਾਵੇ,ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਉਹਨਾਂ ਦੀ ਮੰਗ ਅਨੁਸਾਰ ਮਿਥੋ ਅਤੇ ਹੱਕੀ ਮੰਗਾਂ ਵੀ ਮੰਨੋਂ ਪਰਾਲੀ ਦੇ ਨਿਪਟਾਰੇ ਵਾਸਤੇ ਕਿਸਾਨਾਂ ਨੂੰ 200 ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ,ਡੀ ਏ ਪੀ ਦੀ ਕਮੀ ਜਲਦੀ ਦੂਰ ਕੀਤੀ ਜਾਵੇ ਜੋ ਕਿਸਾਨਾਂ ਵੱਲੋਂ ਰੇਅ ਸਪਰੇਅ ਦਵਾਈਆਂ ਖਾਦਾਂ ਵਰਤੀਆਂ ਜਾਂਦੀਆਂ ਹਨ ਉਹਨਾਂ ਨੂੰ ਚੈੱਕ ਕਰਨ ਵਾਸਤੇ ਸਰਕਾਰ ਲੈਬੋਰਟਰੀਆਂ ਦਾ ਪ੍ਰਬੰਧ ਕਰੇ ਤਾਂ ਜ਼ੋ ਕਿਸਾਨਾਂ ਦੀ ਲੁੱਟ ਨਾ ਹੋ ਸਕੇ। ਨਾਲ ਹੀ ਸੂਬਾ ਪ੍ਰਧਾਨ ਨੇ ਬੋਲਦਿਆ ਕਿਹਾ ਕਿ ਜ਼ਿਮਨੀ ਚੋਣਾਂ ਪੰਜਾਬ ਅੰਦਰ ਆਉਣ ਵਾਲੇ ਦਿਨਾਂ ਵਿਚ ਹੋ ਰਹੀਆਂ ਹਨ ਉਹਨਾਂ ਦੇ ਸਬੰਧ ਵਿੱਚ ਆਪ ਦੇ ਕੈਡੀਡੇਟ ਅਤੇ ਭਾਜਪਾ ਦੇ ਕੈਨਡੀਡੇਟਾ ਦੇ ਘਰਾਂ ਅੱਗੇ ਪੱਕੇ ਮੋਰਚੇ ਲਾਏ ਜਾਣਗੇ, ਉਹਨਾਂ ਕਿਹਾ ਕਿ ਜਿਨ੍ਹਾਂ ਮੰਡੀਆਂ ਵਿੱਚ ਝੋਨਾ ਨਹੀਂ ਵਿੱਕ ਰਿਹਾ ਅਤੇ ਕਣਕ ਬੀਜਣ ਲਈ ਦਿੱਕਤ ਆ ਰਹੀ ਹੈ ਕਿਸਾਨ ਉਸਤੇ ਪਹਿਰਾ ਦੇ ਕੇ ਅਪਣਾ ਫਰਜ਼ ਨਿਭਾਉਣ ਤਾਂ ਜ਼ੋ ਕਿਸਾਨਾਂ ਤੇ ਗਲਤ ਤਰੀਕੇ ਵਰਤ ਕੇ ਪਰਚੇ ਨਾ ਪਾ ਸਕਣ। ਇਸ ਸਮੇਂ ਜ਼ਿਲ੍ਹਾ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ,ਸੁਨਾਮ ਬਲਾਕ ਤੋਂ ਜਸਵੰਤ ਸਿੰਘ ਤੋਲਾਵਾਲ, ਭਵਾਨੀਗੜ੍ਹ ਬਲਾਕ ਤੋਂ ਅਜੈਬ ਸਿੰਘ ਲੱਖੇਵਾਲ, ਦਿੜ੍ਹਬਾ ਬਲਾਕ ਤੋਂ ਭਰਪੂਰ ਸਿੰਘ ਮੌੜਾਂ, ਧੂਰੀ ਬਲਾਕ ਤੋਂ ਜ਼ੋਰਾਂ ਸਿੰਘ ਕਧੰਰਗੜ ਛੰਨਾਂ, ਲਹਿਰਾ ਬਲਾਕ ਤੋਂ ਕਰਨੈਲ ਸਿੰਘ ਗਨੋਟਾ, ਸੰਗਰੂਰ ਬਲਾਕ ਤੋਂ ਜਗਤਾਰ ਸਿੰਘ ਲੱਡੀ,ਮਨੀ ਸਿੰਘ ਭੈਣੀ, ਅਤੇ ਗੀਤ ਕਾਰ ਮਿੱਠੂ ਸਿੰਘ ਕਿਲ੍ਹਾ ਭਰੀਆਂ ਆਦਿ ਨੇ ਸੰਬੋਧਨ ਕੀਤਾ।

## ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਨੇ ਬਿਰਧ ਆਸ਼ਰਮ ਵਿਖੇ ਲਾਇਆ ਲੰਗਰ



**ਫ਼ਿਰੋਜ਼ਪੁਰ, 3 ਨਵੰਬਰ (ਮਨੋਹਰ ਲਾਲ)** :— ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਵੱਲੋਂ ਬਿਰੱਧ ਆਸ਼ਰਮ ਫ਼ਿਰੋਜ਼ਪੁਰ ਕੈਂਟ ਵਿਖੇ ਲੰਗਰ ਲਾਇਆ ਗਿਆ। ਇਹ ਲੰਗਰ ਭਾਈ ਦੂਜ਼ ਦੇ ਤਿਉਹਾਰ ਨੂੰ ਮੁੱਖ ਰੱਖ ਕੇ ਲਾਇਆ ਗਿਆ। ਇਸ ਮੌਕੇ ਤੇ ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਦੇ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ, ਜਿਨ੍ਹਾਂ ਵਿਚ ਪ੍ਰਧਾਨ ਅਸ਼ੋਕ ਸੇਤੀਆ, ਕੁਲਦੀਪ ਬਜਾਜ, ਹਰੀ ਚੰਦ ਚੋਪੜਾ, ਅਜੇ ਚੁੱਘ, ਅਜੇ ਧਵਨ, ਕਮਲ ਹਾਂਡਾ, ਗਤਿੰਦਰ ਕਮਲ, ਸੁਰਿੰਦਰ ਗਰੋਵਰ, ਸੁਖਵਿੰਦਰ ਸਿੰਘ ਪਰੇਟੀ, ਰਿਸ਼ੂ ਧਵਨ, ਦਵਿੰਦਰ ਬਜਾਜ, ਮਨੋਜ਼ ਗੱਖੜ, ਰੋਹਿਤ ਸੇਤੀਆ, ਸੰਦੀਪ ਸੇਤੀਆ, ਸੁਦੇਸ਼ ਮਦਾਨ ਰਾਜ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮੈਂਬਰ, ਅਹੁਦੇਦਾਰ ਹਾਜ਼ਰ ਸਨ। ਇਸ ਮੌਕੇ ਤੇ ਪ੍ਰਧਾਨ ਅਸ਼ੋਕ ਸੇਤੀਆ ਨੇ ਬੋਲਦਿਆਂ ਕਿਹਾ ਕਿਮ ਮਨੁੱਖਤਾ ਦੀ ਸੇਵਾ ਇਕ ਸੱਚੀ ਸੁੱਚੀ ਸੇਵਾ ਹੈ, ਸਾਨੂੰ ਲੋਕ ਭਲਾਈ ਦੇ ਕੰਮਾਂ ਵਿਚ ਵੱਧ ਤੋਂ ਵੱਧ ਯੋਗਦਾਨ ਪਾਉਣਾ ਚਾਹੀਦਾ ਹੈ, ਸਾਨੂੰ ਆਪਣੀ ਕੀਰਤ ਕਮਾਈ ਵਿਚੋਂ ਦਸਵੰਧ ਕੱਢ ਕੇ ਇਨ੍ਹਾਂ ਲੋਕ ਭਲਾਈ ਦੇ ਕੰਮਾਂ ਵਿਚ ਲਾਉਣਾ ਚਾਹੀਦਾ ਹੈ। ਸ੍ਰੀ ਅਸ਼ੋਕ ਸੇਤੀਆ ਪ੍ਰਧਾਨ ਨੇ ਅੱਗੇ ਕਿਹਾ ਕਿ ਮੈਂ ਬਿਰਧ ਆਸ਼ਰਮ ਜ਼ਰੂਰ ਗਿਆ ਸੀ, ਪਰ ਮੈਨੂੰ ਦੁੱਖ ਹੋਇਆ ਕਿ ਬੁਢਾਪੇ ਵਿਚ ਔਲਾਂਦ ਆਪਣੇ ਮਾਂ—ਬਾਪ ਨੂੰ ਬਿਰਧ ਆਸ਼ਰਮ ਛੱਡ ਕੇ ਚਲੇ ਜਾਂਦੇ ਹਨ, ਉਹ ਬਹੁਤ ਹੀ ਮਾੜੀ ਗੱਲ ਹੈ, ਸਾਨੂੰ ਆਪਣੇ ਮਾਂ—ਬਾਪ ਦੀ ਇਜਤ ਕਰਨੀ ਚਾਹੀਦੀ ਹੈ। ਉਨ੍ਹਾਂ ਅੱਜ ਕੱਲ ਦੀ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਆਪਣੇ ਮਾਂ—ਬਾਪ ਦੀ ਸੇਵਾ ਕਰੋ ਅਤੇ ਉਨ੍ਹਾਂ ਕੋਲੋਂ ਅਸ਼ੀਰਵਾਦ ਪ੍ਰਾਪਤ ਕਰੋ, ਕਦੇ ਵੀ ਉਨ੍ਹਾਂ ਦਾ ਮਨ ਨਾ ਦੁਖਾਓ ਤਾਂ ਹੀ ਸਾਡਾ ਸਮਾਜ ਤਰੱਕੀ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਪਸ਼ੂ ਪਾਲਣ ਵਿਭਾਗ ਦੇ ਕੱਚੇ ਕਾਮਿਆਂ ਵੱਲੋ 4 ਨਵੰਬਰ ਨੂੰ ਗਿੱਦੜਬਾਹਾ ਵਿਖੇ ਸਰਕਾਰ ਵਿਰੁੱਧ ਪੱਕਾ ਮੋਰਚਾ ਲਾਉਣ ਦਾ ਐਲਾਨ



ਫ਼ਿਰੋਜ਼ਪੁਰ, 3 ਨਵੰਬਰ (ਮਨੋਹਰ ਲਾਲ) :— ਪਸ਼ੂ ਪਾਲਣ ਵਿਭਾਗ ਵਿਚ ਪਿਛਲੇ 18 ਸਾਲ ਤੋ ਕੰਮ ਕਰਦੇ ਆ ਰਹੇ ਵੈਟਰਨਗੀ ਫਾਰਮਾਸਿਸਟ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ 4 ਨਵੰਬਰ ਤੋ ਗਿੱਦੜਬਾਹਾ ਵਿਖੇ ਭਗਵੰਤ ਮਾਨ ਸਰਕਾਰ ਵਿਰੁੱਧ ਪ੍ਰਦਰਸ਼ਨ ਕਰਨਗੇ। ਇਸ ਸਬੰਧੀ ਜਥੇਬੰਦੀ ਦੇ ਫਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਗੁਰਲਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲੇ ਦਿਨ ਰੈਲੀ ਤੋ ਬਾਅਦ ਧਰਨਾ ਸ਼ੁਰੂ ਕੀਤਾ ਜਾਵੇਗਾ ਅਤੇ ਉਸ ਤੋ ਬਾਅਦ ਹਲਕੇ ਵਿੱਚ ਡੋਰ ਟੂ ਡੋਰ ਜਾ ਕੇ ਸਰਕਾਰ ਦੀਆਂ ਨਾਕਾਮੀਆਂ ਦੀ ਪੋਲ ਖੋਲ੍ਹੀ ਜਾਵੇਗੀ। ਇੱਥੇ ਜਿਕਰਯੋਗ ਹੈ ਕਿ 27 ਜੂਨ ਅਤੇ 1 ਜੁਲਾਈ 2024 ਨੂੰ ਲਗਾਤਾਰ ਦੋ ਵਾਰ ਮੁੱਖ ਮੰਤਰੀ ਨਾਲ ਪੈਨਲ ਮੀਟਿੰਗਾਂ ਤੋ ਬਾਅਦ ਰੈਗੂਲਰ ਕਰਨ ਦਾ ਰਾਹ ਪੱਧਰਾ ਹੋਇਆ ਸੀ ਅਤੇ ਮੁੱਖ ਮੰਤਰੀ ਨੇ ਫਾਰਮਾਸਿਸਟਾਂ ਨੂੰ ਆਦੇਸ਼ ਜਾਰੀ ਕਰਦਿਆਂ ਨੌਕਰੀ ਇਮਾਨਦਾਰੀ ਨਾਲ ਕਰਨ ਲਈ ਕਿਹਾ ਤੇ ਉਹਨਾਂ ਨੂੰ ਲੱਡੂ ਖੁਵਾ ਕੇ ਉਹਨਾਂ ਨੂੰ ਪੱਕੇ ਕਰਨ ਬਾਰੇ ਕਹਿ ਕੇ ਖੁਸ਼ੀ ਮਨਾਉਣ ਲਈ ਕਿਹਾ। ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਸਾਹਿਬ ਵੱਲੋਂ ਖੁਵਾਏ ਅਤੇ ਵੰਡਾਏ ਗਏ ਲੱਡੂਆਂ ਨੂੰ ਵੀ ਚਾਰ ਮਹੀਨੇ ਹੋ ਗਏ ਪ੍ਰੰਤੂ ਰੈਗੂਲਰ ਕਰਨ ਦਾ ਕੋਈ ਪ੍ਰੋਸੇਸ ਅੱਗੇ ਨਹੀਂ ਤੁਰਿਆ ਜਿਸ ਕਰਕੇ ਉਨ੍ਹਾਂ ਵਿੱਚ ਮਾਯੂਸੀ ਛਾਈ ਹੋਈ ਹੈ ਅਤੇ ਉਹ ਇਕ ਵਾਰ ਫੇਰ ਕਾਲੀ ਦੀਵਾਲੀ ਮਨਾਉਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਜਥੇਬੰਦੀ ਉਪ ਚੁਣਾਅ ਵਿੱਚ ਸਰਕਾਰ ਵਿਰੁੱਧ ਗਿੱਦੜਬਾਹਾ ਅਤੇ 3 ਹੋਰਨਾਂ ਵਿਧਾਨ ਸਭਾ ਹਲਕਿਆਂ ਵਿਚ ਪ੍ਰਦਰਸ਼ਨ ਕਰਨਗੇ ਅਤੇ ਉਨ੍ਹਾਂ ਦਾ ਪ੍ਰਦਰਸ਼ਨ ਉਦੋਂ ਤੱਕ ਚੱਲੇਗਾ ਜਦੋਂ ਤੱਕ ਸਰਕਾਰ ਉਨ੍ਹਾਂ ਦੇ ਪਹਿਲੇ ਬੈਚ ਨੂੰ ਟ੍ਰੇਨਿੰਗ ਤੇ ਨਹੀਂ ਭੇਜਦੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਕੱਚੇ ਮੁਲਾਜ਼ਮਾ ਦਾ ਰੱਜ ਕੇ ਸ਼ੋਸ਼ਣ ਕੀਤਾ ਹੈ, ਹੁਣ ਪਾਣੀ ਸਿਰੋਂ ਟੱਪ ਗਿਆ ਹੈ ਅਤੇ ਹੁਣ ਸਰਕਾਰ ਦਾ ਇਹ ਸ਼ੋਸ਼ਣ ਕੱਚੇ ਮੁਲਾਜ਼ਮ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਪਸ਼ੂ ਪਾਲਣ ਵਿਭਾਗ ਦੇ ਸਾਰੇ ਕੱਚੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਹੈ ਕਿ 4 ਨਵੰਬਰ ਨੂੰ ਸਾਰੇ ਫਾਰਮਾਸਿਸਟ ਹਸਪਤਾਲਾਂ ਨੂੰ ਬੰਦ ਕਰਕੇ ਗਿੱਦੜਬਾਹਾ ਵਿਖੇ ਜਰੂਰ ਪਹੁੰਚਣ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਆਹ ਦੀਆਂ ਵਧਾਈਆਂ



ਸਿਮਰਨਪਾਲ ਸਿੰਘ ਧੰਜਲ ਅਤੇ ਨਿਕੀਤਾ ਦੀ ਗੁਰਮਰਿਆਦਾ ਨਾਲ ਹੋਏ ਵਿਆਹ ਸਮਾਰੋਹ ਦੀ ਫੋਟੋ। ਫੋਟੋ : ਮਨੋਹਰ ਲਾਲ ਪੱਤਰਕਾਰ

ਆਵਾਜ਼ਿ ਕੌਮ AWAZE QAUM International Newspaper & WEB TV

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ